Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 68 Chief Editor : Chowdhary Prabhjit Singh, Editor : Chhatarpal Singh 98146-32807, Thursday 27 August 2026 Price : 2 Rs. Page : 6

**ਰੱਖੜੀ ਦੇ ਨਿਸ਼ਾਨੇ 'ਤੇ ਸਿੰਘ ਨੇ ਮਾਨਤਾ ਦਿੱਤੀ 'ਰਾਭ' ਫਰਜ਼, 1.37 ਸਖਸ਼ੀਅਤਾਂ ਦੇ ਖਾਤੇ 'ਚ ਪਾਈ ਦੇ ਨਤੀਜੇ**

## ਮੁੱਖ ਨਿਸ਼ਾਨ ਮਾਵਾਂ-ਧੀਆਂ ਆਪਣੇ ਯੋਜਨਾ' ਬਣਾਉਣਾ ਬਣਾਉਂਦੀਆਂ ਹਨ, ਉਹਨਾਂ ਨੂੰ ਨਿਸ਼ਾਨਾ ਬਣਾਉਂਦੀਆਂ ਹਨ ਦੋਸ਼ੀ: ਭਗਵੰਤ ਸਿੰਘ ਮਾਨ

**ਗੋਇੰਦਵਾਲ ਸਾਹਿਬ; 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰੱਖੜੀ ਦੇ ਤਿੰਨ 'ਤੇ ਪੰਜਾਬ ਹੋਮ ਮੂਲ ਸਿੰਘ ਮਾਨ ਨੇ ਅੱਜ 1.37 'ਸਤਿ ਸਖੀਆਂ' ਨੂੰ 52 ਕਰੋੜ ਦੀ ਜਿੱਤ ਦੇ ਨਤੀਜੇ 20 ਕਰੋੜ ਦੀ ਜਿੱਤ ਦਾ ਲਖਾਇਕ 'ਭਰਾ' ਨਿਭਾਇਆ। ਇਸ ਦੇ ਨਾਲ ਹੀ ਨੇਕਲੀਆਂ ਪੰਜਾਬੀਆਂ ਦੀਆਂ ਜਿੱਤਾਂ ਤੱਕ 'ਮੁੱਖ ਨਿਸ਼ਾਨਾਂ-ਮਹਾਂਵੀਆਂ ਦੀਆਂ ਯੋਜਨਾਵਾਂ ਨੂੰ ਅੱਗੇ ਵਧਾਉਣਾ ਹੈ' ਹੋਮ ਬੋਲ ਬੋਲ ਕੇ ਸੁੱਖੀਆਂ ਨੇ ਇਹ ਯੋਜਨਾ ਹੀ ਦੱਸੀ ਹੈ ਕਿ ਇਹ ਯੋਜਨਾ 75 ਤੋਂ ਸ਼ੁਰੂ ਦੀ ਚਰਚਾ ਦੀ ਰਜਿਸਟ੍ਰੇਸ਼ਨ ਹੋ ਸਕਦੀ ਹੈ ਅਤੇ ਯੋਗ ਲਾਭਪਾਤਰੀਆਂ ਦੇ ਖਾਤਮੇ ਦਾ ਪੂਰਾ ਨਤੀਜਾ ਹੈ। ਵਿੱਚ ਬਦਲੀ ਹੋਈ ਹੈ।

ਇਸ ਪਹਿਲਕਦਮੀ ਦਾ ਕੋਈ ਵੀ ਹੱਲ ਨਹੀਂ ਹੈ ਕਿ ਅਸੀਂ ਹੁਣ ਤੱਕ ਇਸ ਯੋਜਨਾ ਦੇ ਤਹਿਤ 76.11 ਲੱਖ ਲੱਖ ਰਜਿਸਟ੍ਰੇਸ਼ਨ ਹੋ ਸਕਦਾ ਹੈ, 68. ਵਿੱਚ 2,381 ਜਾ ਸਕਦਾ ਹੈ ਬਦਲ ਹੀ ਬਦਲੀ ਟ੍ਰਾਂਸਫਰ ਨੂੰ ਬਦਲੋ। ਸਰਕਾਰ ਦੀ ਸਰਕਾਰ ਨੇ ਇਸ ਯੋਜਨਾ ਦੇ ਨਾਲ ਨਰੋਏ ਅਭਿਆਸ ਨੂੰ ਟੀਚਾ ਰੱਖਿਆ ਹੈ, ਰਲਕਮੀ ਸਖਸ਼ੀਅਤਾਂ ਨੂੰ ਐਲੀਜਿਸਟ੍ਰੇਸ਼ਨ ਲਈ 300 ਨਾਲ ਮਿਲਣਗੇ। 200 ਕ੍ਰੋਕ ਕ੍ਰੋੜ ਤੋਂ ਘੱਟ ਦੀ ਕਮੀ ਕਰੋ ਹੋਮ ਮਨਮੋਲ ਕਿਲ ਬੋਲ ਦੀ ਸੂਰਤ ਵਿੱਚ ਪੰਜਾਬ ਸਰਕਾਰ ਦੀ ਵਚਨਤਾ ਦ੍ਰਿੜਾਈ ਅਤੇ ਤੱਕ ਪੰਜਾਬ ਵਿੱਚ ਆਪਣੀ ਸਰਕਾਰ ਹੈ, 'ਮੁੱਖ ਮਾਵਾਂ-ਧੀਆਂ'। ਯੋਜਨਾ' ਬੰਦ ਕਰਨਾ। ਇਸ ਇੰਟਰਨੈਸ਼ਨਲ ਆਪ ਪੰਜਾਬ ਵਫ਼ਾਦਾਰੀ ਦੀ ਪ੍ਰਧਾਨਤਾ ਤੇ ਦਾਅਵਾ ਡਾ. ਮੱਧਦੀਪ ਦੇਸ਼, ਸਥਿਤੀ ਡਾ. ਜੀਵਨ ਖੇਤਰ ਦੇਸ਼, ਜਿੱਤਾ ਅੰਤਰਜੀਤ ਅਤੇ ਸ਼ਾਂਤੀ ਸ਼ਾਂਤੀ ਸ਼ਾਂਤੀ ਤੇ ਹਰਭਜਨ ਸਿੰਘ ਈ.ਟੀ.ਓ. ਵੀ ਵਧੀਆ ਸਨ।

ਐਕਸ 'ਤੇ ਜਾਣਕਾਰੀ ਸਾਂਝੀ ਕਰਦੇ ਹੋਏ ਮੁੱਖ ਗੱਲਬਾਤ ਸਿੰਘ ਮਾਨ ਨੇ ਲਿਖਿਆ: ਰੱਖ ਦੇ ਪਾਕ ਮਾਮਲੇ 'ਤੇ ਸਾਡੀ ਭੈਣ ਨਾਲ ਗੱਲ ਪੂਰੀ ਕਰ ਰਿਹਾ ਹਾਂ। ਇੰਦਵਾਲ ਸਾਹਿਬ



'ਸਤਿਕਾਰ ਸਕ੍ਰਿਤੀ ਅਲੌਕਿਕ ਘਟਨਾ' ਵਿੱਚ ਵਰਚੁਰੂਪ 'ਤੇ ਸ਼ਿਰਕਤ ਕੀਤੀ ਗਈ। 'ਸੌਨਮਾਨ ਚਰਚਾ' ਯੋਜਨਾ 75 ਲਖਮਾ ਤੋਂ ਚਰਚਾ ਦੇ ਖਾਤਮੇ ਵਿੱਚ 'ਸੰਨਮਾਨ ਚਰਚਾ' ਜਾ ਰਿਹਾ ਹੈ। ਕਰਤਾ 'ਸਤਿਕਾਰ ਸਾਖੀਆਂ' ਦਾ ਤਹਿ ਦਿਲੋਂ ਡਾਉਨਲੋਡ ਨੇਵੰਡ ਅਤੇ ਪਾਵਰ ਦੀ ਰਜਿਸਟ੍ਰੇਸ਼ਨ ਫਾਰਮ ਭਰਨ ਦੀ ਲੋੜ ਵਿੱਚ ਉਪਯੋਗੀ। ਇਸ ਨੇਕ ਸੇਵਾ ਲਈ ਤੁਹਾਡਾ ਨਾਮ ਇਤਿਹਾਸ ਹੈ ਵਿੱਚ ਹਰ ਵਾਰ. ਇਸ ਲਈ ਵਿਆਪਕ ਮਾਰਕੀਟ ਯੋਜਨਾ ਨੂੰ ਘਰ-ਘਰ ਪਹੁੰਚਾਉਣ ਲਈ ਖੁੱਲ੍ਹ ਦੇ ਖੁੱਲ੍ਹ ਕੇ ਜਵਾਬ ਸੁਣਨ ਅਤੇ ਸੁਣਨ ਨੂੰ ਅੱਗੇ ਵਧਾਇਆ। ਬਹੁਤ-ਬਹੁਤ ਮੈਂ ਅਤੇ ਦਿਲੀ ਡਾਊਨ।

ਪਾਰਖੂ ਸਖਸ਼ੀਅਤਾਂ ਨੂੰ ਜਵਾਬ ਦੇਣ ਲਈ ਜਵਾਬੀ ਘਟਨਾ ਵਾਪਰੀ ਘਟਨਾ ਘਟਨਾਕ੍ਰਮ ਨੂੰ ਵਰਚੁ ਤੌਰ 'ਤੇ ਕਿਹਾ ਗਿਆ ਹੈ ਮੁੱਖ ਸੰਸਦ ਸਿੰਘ ਮਾਨ ਪ੍ਰਧਾਨ ਮੰਤਰੀ ਦੀ ਭੂਮਿਕਾ ਨੇ ਰੱਖੜੀ ਦੇ ਹਵਾਲੇ ਤੋਂ 'ਤੇ ਪਹਿਲੀ ਕਿਸ਼ਤੀ ਕਰਕੇ ਲਾਭਪਾਤਰੀ ਨੂੰ ਰਜ਼ਾਮੰਦੀ ਦਾ ਜਵਾਬ ਦਿੱਤਾ ਹੈ। ਸ਼ਬਦਾਵਲੀ, ÷ਸਰਕਾਰੀ ਸਰਕਾਰ ਨੇ ਬਖ਼ਸ਼ਿਸ਼ ਦੇ ਮਾਣ-ਸਨਮਾਨ ਵਿੱਚ 'ਮੁੱਖ ਮਾਵਾਂ-ਧੀਆਂ ਪਾਰਟੀਆਂ ਯੋਜਨਾ' ਕੀਤੀਆਂ ਹਨ। ਉਹ ਇਹ ਯੋਜਨਾ ਆਪਣੀ ਰਜਿਸਟ੍ਰੇਸ਼ਨ ਰਚਨਾ ਅਤੇ ਇਸਦਾ ਲਾਭ ਉਠਾਉਣ।

ਹੋਮ ਮਲਕੀਅਤਾਂ ਨੇ ਆਪਣੇ ਆਪ ਨੂੰ ਲਾਭਪਾਤਰੀਆਂ ਨੂੰ 1,000 ਸੱਤਾਧਾਰੀਆਂ ਤੋਂ 1,000 ਸੱਤਾਧਾਰੀਆਂ ਦੀ ਚੋਣ ਦੇ ਚੋਣ ਮਿਲਦੇ ਹੋਏ, ਚੋਣ ਅਨੁਸੂਚਿਤ ਜਾਤੀ ਲੋਕਲ ਪਾਸਵਰਡ. ਦੀਆਂ ਗੋਲਾਂ ਨੂੰ 1,500 ਮਿਲ ਰਹੀਆਂ ਹਨ।

ਇਸ ਨੂੰ ਅਮਨ ਸ਼ਾਂਤੀ ਦੇ ਨਿਪਟਾਰੇ ਲਈ ਨਿਸ਼ਚਤ ਤੌਰ 'ਤੇ ਜਾਰੀ ਰੱਖਿਆ ਜਾ ਰਿਹਾ ਹੈ ਅਤੇ ਪੰਜਾਬ ਦੀਆਂ 97 ਸਲਾਹਾਂ ਨੂੰ ਯੋਜਨਾ ਦਾ ਲਾਭ ਮਿਲਣਾ ਹੈ। ਦੀ ਪਸੰਦ ਹੈ। ਯੋਜਨਾ ਸਰਕਾਰ ਪਹਿਲਦਮੀ ਨੇ ਇਸ ਨੂੰ 9,300 ਗੁਣਾ ਲਾਭ ਪ੍ਰਾਪਤ ਕੀਤਾ ਹੈ।

ਸ਼ਬਦਾਵਲੀ, ਇਸ ਅਤੇ ਚੋਣ ਮੁੱਦੇ ਨੂੰ ਬਿਆਨ ਕਰਦਾ ਹੈ ਕਿ ਤੁਹਾਨੂੰ ਨਾ ਬਣਾਉਣਾ ਪਰੰਤੂ ਨੂੰ ਮਾਣ-ਸਤਿਕਾਰ ਕਰਨ ਲਈ ਸਵੈ-ਮਾਣ ਸਮਝੋ। ਹੰਵਾਂਵਭੈ-ਸੱਤਾਵਾਂ ਦੀਆਂ ਸੀਸ਼ਾਵਾਂ ਦੁਨੀਆਂ ਦੀ ਹਰ ਮਾਤ 'ਤੇ ਸ਼ਕਤੀ ਪ੍ਰਾਪਤ ਕਰਨ ਵਿੱਚ ਸਮਰੱਥ ਹੈ।

ਮੁੱਖ ਮੰਤਰੀ ਸਿੰਘ ਮਾਨ ਨੇ ਕਿਹਾ ਕਿ ਪਰਿਵਾਰ ਦੀ ਲੜਾਈ, ਵਿਵਾਦਾਂ ਨੂੰ ਸਮਝਣਾ ਅਤੇ ਸਵਾਲਾਂ ਦੇ ਜਵਾਬ ਦੇਣ ਲਈ ਸੜਕੀ ਮੁੱਦੇ 'ਤੇ ਵਿਚਾਰ ਕਰਨ ਲਈ ਕਿਹਾ ਗਿਆ ਹੈ। ਇੰਦਰਾਜ਼ ਦੀ ਜਵਾਬੀ ਕਾਰਵਾਈ ਨੂੰ ਬਹੁਤ ਜ਼ਰੂਰੀ ਕਰਨਾ ਹੈ। ਅੱਗੇ, ÷ਸਾਦੀ ਸਰਕਾਰ ਸੂਰ ਦੀ ਤਾਕਤ ਅਤੇ ਸ਼ਕਤੀਕਰਨ ਲਈ ਵਚਨ ਪੈਦਾ ਹੁੰਦਾ ਹੈ ਅਤੇ ਇਸ ਨਾਲ ਆਰਾਮਦਾਇਕ ਕੋਈ ਕਾਸਰ ਨਹੀਂ ਹੁੰਦਾ।÷

ਰਖਦੇ ਹਨ 'ਤੇ ਹੋਮ ਮਨ ਨੇ ਕਿਹਾ, ਬਹੁਤ ਵੱਡਾ 1.37 ਲੱਖ ਸਖੀਆਂ 52.20 ਕ੍ਰੋੜੀ ਪਲਾਂ ਨੂੰ 'ਭਰਾ' ਦਾ ਫ਼ਰਜ਼ ਆਇਆ ਹੈ। ਯੋਜਨਾ ਦੇ ਨਾਲ ਹੀ ਨਿਸ਼ਾਨੇ 'ਚ ਸਖੀਆਂ ਨੇ ਦਿਮਾਗੀ ਨਿਸ਼ਾਨੀ ਬਣਾਈ ਹੋਈ ਹੈ, ਦੇ ਸੁਦਾਇਆਂ ਦੇ ਕਾਰਨ ਹੀ 75 ਲਖ ਹੀ ਵਿਵਾਦ ਦੀ ਰਜਿਸਟ੍ਰੇਸ਼ਨ ਹੋਈ। ਹੈ।÷ ਅੱਗੇ ਬੋਲ, ÷ਸਤਿਕਾਰ ਸਖੀਆਂ ਨੇ ਯੋਜਨਾ ਨੂੰ ਬਹੁਤ ਸਾਰੀਆਂ ਪੰਜਾਬੀਆਂ ਤਕ ਪਹੁੰਚਾਉਣ ਵਿੱਚ ਬਹੁਤ ਵਾਰ ਸੁਣਿਆ ਹੈ। ਤੋਂ ਲੈ ਕੇ ਚਰਚਾ ਹੋਮ ਮੌਕਿਆਂ-ਧੀਆਂ ਆਪਾਂ ਯੋਜਨਾ ਨਾਲ ਕੰਮ ਕਰ ਸਕਦੇ ਹਨ।

ਹੋਮ ਆਪ ਸਿੰਘ ਮਾਨ ਨੇਂ ਕਿ ਸਖਸ਼ੀਆਂ ਨੂੰ ਐਲਆ ਰਜਿਸਟ੍ਰੇਸ਼ਨ ਲਈ 300 ਨਤੀਜੇ ਮਿਲਣਗੇ ਅਤੇ 100 ਪ੍ਰਤੀਕ ਰਜਿਸਟ੍ਰੇਸ਼ਨ ਦੇ ਨਾਲ ਖੁਸ਼ੀ 52.20 ਬ੍ਰੋਜ਼ ਸਿੱਟ ਦੀ ਪਹਿਲੀ ਕਿਸ਼ਿਸ਼ਟ ਜਾਰੀ ਹੈ। ਕਿਹਾ, ਸਰਕਾਰ ਨੇ ਇੱਕ ਸ਼ਕਤੀ ਨੂੰ ਯੋਜਨਾ ਨਾਲ ਕਿਹਾ ਹੈ ਕਿ ਇਸ ਦਾ ਸਮਰਥਨ ਕੀਤਾ ਜਾ ਸਕਦਾ ਹੈ। ਹੋਮ ਮਨ ਨੇ ਨੋਟ, ਹੁਣ ਫ੍ਰੀਵਡ 76.11 ਲਖਨ ਗਣਿਤ 68.06 ਲਖਨ ਦੇ ਖਾਤਮੇ ਦੇ ਲਈ ਖੋਜ ਵਿੱਚ 2,381 ਕ੍ਰੋਨ ਦੀ ਬਕਾਇਦਾ ਜਾਣਕਾਰੀ ਪ੍ਰਾਪਤ ਕੀਤੀ ਹੈ। ਦੇਸ਼ ਦੀ ਕਿਸੇ ਇੱਕ ਸਾਲ ਦੇ ਸ਼ਾਸਨ ਯੋਜਨਾ ਹੈ ਜੋ 18 ਤੋਂ ਵੱਧ ਉਮਰ ਦੀ ਉਮਰ ਦੀ ਅਲਾਮਤ ਹੈ ਕਿ ਕੋਈ ਵੀ ਰੱਟ ਮਾਣ-ਭਤਾ ਨਹੀਂ ਹੈ। ਕਿ ਤੱਕ ਪੰਜਾਬ ਵਿੱਚ ਆਪ ਸਰਕਾਰ ਹੈ, 'ਮੁੱਖ ਮਾਵਾਂ-ਧੀਆਂ ਯੋਜਨਾਵਾਂ' ਵਰਗੀ ਪੰਜੀ ਪਹਿਲਕਦਮੀ ਨਹੀਂ ਬਣ ਸਕਦੀ। ਮੁੱਖ ਤੌਰ 'ਤੇ ਸ਼ਬਦ, ਨਿਰਧਾਰਨ ਵਿੱਚ 3,000 ਨੇ 4,50 ਨੇ ਪੂਰੀ ਤਰ੍ਹਾਂ ਨਾਲ ਹੀ ਸਪੱਸ਼ਟੀਕਰਨ ਸਖੀਆਂ ਅਤੇ ਲਾਭਪਾਤਰੀ ਨੇਤਾਵਾਂ ਦਾ ਰਿਸ਼ਤਾ ਪੈਦਾ ਕੀਤਾ।

## ਬਾਰਾਂਦਰੀ ਗਾਰਡਨ, ਪਟਿਆਲਾ ਤੋਂ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ

**ਪਟਿਆਲਾ, 26 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਮਰਥਨ ਵਿੱਚ, ਸੱਚ ਦਾ ਖੰਡਾ ਕੋਆਰਡੀਨੇਟਰ ਗੁਰਪਿਆਰ ਸਿੰਘ ਅਤੇ ਕੋਆਰਡੀਨੇਟਰ ਜਸਵੰਤ ਸਿੰਘ ਕੌਲੀ ਵੱਲੋਂ ਸਾਂਝੇ ਤੌਰ 'ਤੇ ਬਾਰਾਂਦਰੀ ਗਾਰਡਨ, ਪਟਿਆਲਾ ਤੋਂ ਇੱਕ ਵਿਆਪਕ ਨੌਜਵਾਨ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਉਪਰਾਲੇ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੇ ਕੋਹੜ ਵਿਰੁੱਧ ਜਾਗਰੂਕ ਕਰਨ ਲਈ ਹਰ ਐਤਵਾਰ ਇੱਕ ਜਾਗਰੂਕਤਾ ਰੈਲੀ ਅਤੇ ਮਾਰਚ ਕੱਢਿਆ ਜਾਵੇਗਾ।

ਇਸ ਉਦਘਾਟਨੀ ਸਮਾਗਮ ਵਿੱਚ ਸ਼ਹਿਰੀ ਪਟਿਆਲਾ ਭਰ ਵਿੱਚੋਂ 100 ਤੋਂ ਵੱਧ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਦੇ ਨਾਲ ਸਰਕਾਰੀ ਰਾਜਿੰਦਰਾ ਹਸਪਤਾਲ ਦੇ ਮਾਹਿਰ ਡਾਕਟਰ ਵੀ ਮੌਜੂਦ ਸਨ। ਇਸ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੌਰਾਨ ਬਾਰਾਂਦਰੀ ਗਾਰਡਨ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਸੱਚ ਦਾ ਖੰਡਾ ਕੋਆਰਡੀਨੇਟਰ ਗੁਰਪਿਆਰ ਸਿੰਘ



ਅਤੇ ਕੋਆਰਡੀਨੇਟਰ ਜਸਵੰਤ ਸਿੰਘ ਕੌਲੀ ਨੇ ਨੌਜਵਾਨਾਂ ਨੂੰ ਨਸ਼ਿਆਂ ਨੂੰ ਸਖ਼ਤੀ ਨਾਲ ਨਕਾਰਨ ਅਤੇ ਦੇਸ਼ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਸ. ਜਸਵੰਤ ਸਿੰਘ ਕੌਲੀ ਨੇ ਜ਼ੋਰ ਦੇ ਕੇ ਕਿਹਾ ਕਿ ਨੌਜਵਾਨ ਕੁੱਲ ਵੋਟਰਾਂ ਦਾ ਲਗਭਗ 40% ਹਿੱਸਾ ਹਨ ਅਤੇ ਦੇਸ਼ ਦੇ ਭਵਿੱਖ ਦੀ ਵਾਗਡੋਰ ਉਨ੍ਹਾਂ ਦੇ ਹੱਥਾਂ ਵਿੱਚ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਆਪਣੇ ਜਮਹੂਰੀ ਹੱਕ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਦਿਆਂ ਸਾਫ਼-ਸੁਥਰੀ, ਨਸ਼ਾ-ਮੁਕਤ ਅਤੇ ਉੱਚ ਇਮਾਨਦਾਰੀ ਵਾਲੀ ਅਗਵਾਈ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਕੋਆਰਡੀਨੇਟਰ ਸ. ਗੁਰਪਿਆਰ ਸਿੰਘ ਨੇ ਵੀ ਹਾਜ਼ਰੀਨ ਨੂੰ ਪ੍ਰੇਰਿਤ ਕਰਦਿਆਂ ਆਪਣੇ ਸਾਥੀਆਂ ਵਿੱਚ ਇਸ ਮੁਹਿੰਮ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ।

ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਸਾਬਕਾ ਪ੍ਰਿੰਸੀਪਲ ਨਿਰਮਲਜੀਤ ਕੌਰ, ਸ਼੍ਰੀ ਹਰੀ ਚੰਦ ਬਾਂਸਲ, ਸ਼੍ਰੀਮਤੀ ਹਰਜੀਤ ਕੌਰ ਰੋਜ਼ੀ, ਸ਼੍ਰੀਮਤੀ ਜਸਵਿੰਦਰ ਕੌਰ, ਐਡਵੋਕੇਟ ਤਾਰਾ ਸਿੰਘ ਭਮਰਾ, ਡਾ. ਧੰਜੂ ਜੀ, ਡਾ. ਭਾਟੀਆ ਜੀ, ਸ਼੍ਰੀਮਤੀ ਰਣਜੀਤ ਕੌਰ ਅਤੇ ਸ. ਨਿਰਮਲਜੀਤ ਸਿੰਘ ਸ਼ਾਮਲ ਸਨ।




## ਹੜ੍ਹਾਂ 'ਚ 105 ਭਾਰਤੀਆਂ ਸਮੇਤ 384 ਸੈਲਾਨੀ ਲਾਪਤਾ, ਟੂਰਿਜ਼ਮ ਬੋਰਡ ਵੱਲੋਂ ਸੂਚੀ ਜਾਰੀ; 105 ਭਾਰਤੀ ਨਾਗਰਿਕਾਂ ਸਮੇਤ ਲਗਭਗ 384 ਸੈਲਾਨੀ ਲਾਪਤਾ

**ਕਾਠਮੰਡੂ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਉੱਤਰੀ ਨੇਪਾਲ ਵਿੱਚ ਅਚਾਨਕ ਹੜ੍ਹ ਆਉਣ ਨਾਲ ਸਰਹੱਦੀ ਬਸਤੀ ਨੂੰ ਭਾਰੀ ਨੁਕਸਾਨ ਪਹੁੰਚਿਆ ਅਤੇ ਹੇਠਲੇ ਇਲਾਕਿਆਂ ਦੇ ਕਈ ਜ਼ਿਲ੍ਹਿਆਂ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਵੇਰਵਿਆਂ ਅਨੁਸਾਰ ਇਹ ਹੜ੍ਹ ਸਵੇਰੇ ਕਰੀਬ 9 ਵਜੇ (ਸਥਾਨਕ ਸਮੇਂ ਅਨੁਸਾਰ) ਭੋਤੇ ਕੋਸ਼ੀ ਨਦੀ ਵਿੱਚ ਆਇਆ, ਜਿਸ ਬਾਰੇ ਦੱਸਿਆ ਜਾ ਰਿਹਾ ਹੈ ਕਿ ਇਹ ਤਿੱਬਤ ਵੱਲੋਂ ਆਇਆ ਸੀ। ਰਾਈਟਰਜ਼ ਦੀ ਰਿਪੋਰਟ ਅਨੁਸਾਰ ਅਚਾਨਕ ਹੜ੍ਹ (ਫਲੈਸ਼ ਫਲੱਡ) ਕਾਰਨ ਘੱਟੋ-ਘੱਟ ਅੱਠ ਲੋਕਾਂ ਦੀ ਮੌਤ ਹੋ ਗਈ ਹੈ। ਇਹ ਜਾਣਕਾਰੀ ਇੱਕ ਪੁਲਿਸ ਬੁਲਾਰੇ ਨੇ ਦਿੱਤੀ ਹੈ।

ਨੇਪਾਲ ਦੀ ਫ਼ੌਜ ਨੇ ਇੱਕ ਬਿਆਨ ਵਿੱਚ ਕਿਹਾ ਕਿ ਪਾਣੀ ਦੇ ਅਚਾਨਕ ਵਾਧੇ ਕਾਰਨ ਰਸੁਆ ਜ਼ਿਲ੍ਹੇ ਦੇ ਤਿਮੂਰੇ ਅਤੇ ਨੇੜਲੇ ਸਿਆਫ੍ਰੂਬੇਸੀ ਖੇਤਰ ਵਿੱਚ ਵਿਆਪਕ ਤਬਾਹੀ ਹੋਈ ਹੈ, ਜਿੱਥੇ ਵਾਹਨ, ਸਾਮਾਨ ਅਤੇ ਹੋਰ ਜਾਇਦਾਦ ਰੁੜ੍ਹ ਗਈ ਹੈ। ਰਸੁਆ ਜ਼ਿਲ੍ਹਾ ਕਾਠਮੰਡੂ ਦੇ ਉੱਤਰ-ਪੂਰਬ ਵਿੱਚ, ਤਿੱਬਤ ਸਰਹੱਦ



ਤੋਂ ਲਗਪਗ 125 ਕਿਲੋਮੀਟਰ ਦੂਰ ਸਥਿਤ ਹੈ।

ਨੈਸ਼ਨਲ ਡਿਜ਼ਾਸਟਰ ਰਿਸਕ ਰਿਡਕਸ਼ਨ ਐਂਡ ਮੈਨੇਜਮੈਂਟ ਅਥਾਰਟੀ (ਐੱਨ.ਡੀ.ਆਰ.ਆਰ.ਐੱਮ.) ਨੇਪਾਲ ਨੇ ਇੱਕ ਬਿਆਨ ਜਾਰੀ ਕਰਕੇ ਰਸੁਆ, ਨੁਵਾਕੋਟ, ਧਾਦਿੰਗ, ਚਿਤਵਾਨ ਅਤੇ ਗੋਰਖਾ ਦੇ ਨਦੀ ਕੰਢਿਆਂ ਨੇੜੇ ਰਹਿਣ ਵਾਲੇ ਲੋਕਾਂ ਨੂੰ ਅਗਲੇ ਹੁਕਮਾਂ ਤੱਕ ਹਾਈ ਅਲਰਟ 'ਤੇ ਰਹਿਣ ਅਤੇ ਸੁਰੱਖਿਆ ਉਪਾਅ ਅਪਣਾਉਣ ਦੀ ਅਪੀਲ ਕੀਤੀ ਹੈ।

ਨੇਪਾਲ ਦੇ ਰਸੁਵਾ ਜ਼ਿਲ੍ਹੇ ਵਿੱਚ ਭੋਟੇਕੋਸ਼ੀ ਨਦੀ ਵਿੱਚ ਬੁੱਧਵਾਰ ਸਵੇਰੇ ਆਏ ਭਿਆਨਕ ਹੜ੍ਹ (Flash Flood) ਤੋਂ ਬਾਅਦ ਹਾਲਾਤ ਬੇਹੱਦ ਗੰਭੀਰ ਬਣ ਗਏ ਹਨ। ਨੇਪਾਲ ਟੂਰਿਜ਼ਮ ਬੋਰਡ ਵੱਲੋਂ ਜਾਰੀ ਕੀਤੀ ਗਈ ਸੂਚੀ ਅਨੁਸਾਰ, ਇਸ ਆਫ਼ਤ ਤੋਂ ਬਾਅਦ 105 ਭਾਰਤੀ ਨਾਗਰਿਕਾਂ ਸਮੇਤ ਲਗਭਗ 384 ਸੈਲਾਨੀ ਲਾਪਤਾ ਦੱਸੇ ਜਾ ਰਹੇ ਹਨ। ਟੂਰਿਜ਼ਮ ਬੋਰਡ ਦੇ ਅੰਕੜਿਆਂ ਮੁਤਾਬਕ ਲਾਪਤਾ ਲੋਕਾਂ ਵਿੱਚ 291 ਵਿਦੇਸ਼ੀ ਅਤੇ 93 ਨੇਪਾਲੀ ਨਾਗਰਿਕ ਸ਼ਾਮਲ ਹਨ। ਵਿਦੇਸ਼ੀ ਸੈਲਾਨੀਆਂ ਵਿੱਚ ਸਭ ਤੋਂ ਵੱਡੀ ਗਿਣਤੀ ਭਾਰਤੀਆਂ ਦੀ ਹੈ, ਜਿਸ ਵਿੱਚ 105 ਭਾਰਤੀ ਨਾਗਰਿਕਾਂ ਤੋਂ ਇਲਾਵਾ 37 ਗੈਰ-ਰਿਹਾਇਸ਼ੀ ਭਾਰਤੀ (NRI) ਵੀ ਸ਼ਾਮਲ ਹਨ। ਇਸ ਤੋਂ ਇਲਾਵਾ ਆਸਟਰੇਲੀਆ, ਨੀਦਰਲੈਂਡ, ਅਮਰੀਕਾ, ਮਲੇਸ਼ੀਆ, ਯੂਨਾਈਟਿਡ ਕਿੰਗਡਮ ਅਤੇ ਦੱਖਣੀ ਅਫ਼ਰੀਕਾ ਦੇ ਨਾਗਰਿਕ ਵੀ ਲਾਪਤਾ ਲੋਕਾਂ ਦੀ ਸੂਚੀ ਵਿੱਚ ਦਰਜ ਹਨ।ਟੂਰਿਜ਼ਮ ਬੋਰਡ ਅਨੁਸਾਰ ਇਹ ਸ਼ੁਰੂਆਤੀ ਜਾਣਕਾਰੀ 10 ਪ੍ਰਮੁੱਖ ਟਰੈਵਲ ਏਜੰਸੀਆਂ ਤੋਂ ਇਕੱਠੀ ਕੀਤੀ ਗਈ ਹੈ। ਲਾਪਤਾ ਸੈਲਾਨੀਆਂ ਵਿੱਚ 'ਟ੍ਰੈਕਰਜ਼ ਸੁਸਾਇਟੀ' ਦੇ 92, 'ਸਮਰਾਟ ਟੂਰਜ਼ ਐਂਡ ਟਰੈਵਲਜ਼' ਦੇ 71, 'ਲੀਫ਼ ਹੋਲੀਡੇਅ' ਦੇ 55, 'ਹਿਮਾਲਯਨ ਗਲੇਸ਼ੀਅਰ' ਦੇ 52 ਅਤੇ 'ਕੈਲਾਸ਼ ਜਰਨੀ' ਦੇ 31 ਯਾਤਰੀ ਸ਼ਾਮਲ ਹਨ।

## 'ਆਪ' ਦੇ ਸੰਸਦ ਮੈਂਬਰ ਕੰਗ ਨੇ ਗਮਾਡਾ ਦੀ ਕਾਰਵਾਈ 'ਤੇ ਸਵਾਲ ਚੁੱਕੇ; ਮੁੱਖ ਮੰਤਰੀ ਦਾ ਦਖ਼ਲ ਮੰਗਿਆ

**ਚੰਡੀਗੜ੍ਹ, 26 ਅਗਸਤ**
**-ਜੀ. ਐਸ. ਤੁੰਗ-**

ਆਮ ਆਦਮੀ ਪਾਰਟੀ ਦੇ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਅੱਜ ਗਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਨੂੰ ਭ੍ਰਿਸ਼ਟਾਚਾਰ ਦਾ ਅੱਡਾ ਕਰਾਰ ਦਿੰਦਿਆਂ ਆਪਣੀ ਹੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ।

ਉਹ ਬੀਤੇ ਦਿਨੀਂ ਮੁਹਾਲੀ ਦੇ ਪਿੰਡ ਸੈਣੀ ਮਾਜਰਾ ਵਿੱਚ ਗਮਾਡਾ ਅਧਿਕਾਰੀਆਂ ਵੱਲੋਂ ਕੀਤੀ ਗਈ ਦੁਕਾਨਾਂ ਦੀ ਚੋਣਵੀਂ ਤੋੜ-ਭੰਨ 'ਤੇ ਪ੍ਰਤੀਕਿਰਿਆ ਦੇ ਰਹੇ ਸਨ। ਸ਼ਹਿਰੀ ਵਿਕਾਸ ਅਥਾਰਟੀ ਦੇ ਅਧਿਕਾਰੀਆਂ ਪ੍ਰਤੀ ਆਪਣੀ ਨਾਰਾਜ਼ਗੀ ਜ਼ਾਹਿਰ ਕਰਦਿਆਂ ਉਨ੍ਹਾਂ ਕਿਹਾ, ਗਮਾਡਾ ਲੁੱਟ ਦਾ ਕੇਂਦਰ ਬਣ ਗਿਆ ਹੈ... ਮੁਹਾਲੀ ਦਾ ਇਹ ਪਿੰਡ ਉਨ੍ਹਾਂ ਦੇ ਆਨੰਦਪੁਰ ਸਾਹਿਬ ਲੋਕ ਸਭਾ ਹਲਕੇ ਦਾ ਹਿੱਸਾ ਹੈ।

ਇਹ ਪਹਿਲਾ ਮੌਕਾ ਨਹੀਂ ਹੈ ਕਿ ਜਦੋਂ ਕੰਗ ਨੇ ਆਪਣੀ ਹੀ ਪਾਰਟੀ ਖ਼ਿਲਾਫ਼ ਬਿਆਨ ਦਿੱਤਾ ਹੋਵੇ। ਕੁਝ ਮਹੀਨੇ ਪਹਿਲਾਂ ਜਦੋਂ ਸੱਤ 'ਆਪ' ਰਾਜ ਸਭਾ ਮੈਂਬਰਾਂ ਨੇ ਅਸਤੀਫ਼ਾ ਦੇ ਕੇ ਭਾਜਪਾ ਜੁਆਇਨ ਕਰ ਲਈ ਸੀ, ਤਾਂ ਕੰਗ ਨੇ ਪਾਰਟੀ ਵਿੱਚ ਕੁਝ ਵਿਅਕਤੀਆਂ ਕੋਲ ਤਾਕਤ ਕੇਂਦਰਿਤ ਹੋਣ ਅਤੇ ਪਾਰਟੀ ਦੇ ਟੁੱਟਣ ਲਈ ਅੰਦਰੂਨੀ ਗੱਲਬਾਤ ਦੀ ਘਾਟ ਨੂੰ ਜ਼ਿੰਮੇਵਾਰ ਠਹਿਰਾਇਆ ਸੀ।

ਇਸੇ ਸਾਲ ਦੋ ਹੋਰ ਮੌਕਿਆਂ 'ਤੇ ਕੰਗ ਨੇ ਬਠਿੰਡਾ ਵਿੱਚ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਵਿਰੁੱਧ ਪੰਜਾਬ ਪੁਲੀਸ ਦੀ ਕਾਰਵਾਈ ਦੀ ਆਲੋਚਨਾ ਕੀਤੀ ਸੀ ਅਤੇ ਆਪਣੀ ਹੀ ਪਾਰਟੀ (ਆਪ) ਦੀ ਸਰਕਾਰ ਵਾਲੇ ਸੂਬੇ ਵਿੱਚ ਗ਼ੈਰ-ਕਾਨੂੰਨੀ ਰੇਤ ਮਾਈਨਿੰਗ ਦੇ ਕੰਮਾਂ 'ਤੇ ਵੀ ਸਵਾਲ ਉਠਾਏ ਸਨ। ਦੱਸਣਯੋਗ ਹੈ ਕਿ ਕੰਗ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਤਿੰਨ ਖੇਤੀ ਕਾਨੂੰਨਾਂ ਦੇ ਵਿਰੋਧ ਵਿੱਚ 2020 ਵਿੱਚ ਭਾਜਪਾ ਤੋਂ ਅਸਤੀਫ਼ਾ ਦੇ ਦਿੱਤਾ ਸੀ। ਇਨ੍ਹਾਂ ਤਿੰਨਾਂ ਕਾਨੂੰਨਾਂ ਵਿਰੁੱਧ ਹੀ



ਕਿਸਾਨਾਂ ਨੇ ਦਿੱਲੀ ਦੀਆਂ ਹੱਦਾਂ 'ਤੇ ਸਾਲ ਭਰ ਸੰਘਰਸ਼ ਕੀਤਾ ਸੀ। ਇਸ ਤੋਂ ਬਾਅਦ ਕੰਗ 'ਆਪ' ਵਿੱਚ ਸ਼ਾਮਲ ਹੋ ਗਏ ਸਨ।

ਪਿਛਲੇ ਸਾਲ, ਉਹ ਲੈਂਡ ਪੂਲਿੰਗ ਨੀਤੀ (ਲੈਂਡ ਪਾਲਿਸੀ) ਵਿਰੁੱਧ ਬੋਲਣ ਵਾਲੇ 'ਆਪ' ਵਿੱਚ ਪਹਿਲੇ ਵਿਅਕਤੀ ਸਨ। ਇਸ ਪਾਲਿਸੀ ਦਾ ਕਿਸਾਨਾਂ ਵੱਲੋਂ ਜ਼ੋਰਦਾਰ ਵਿਰੋਧ ਕੀਤਾ ਗਿਆ ਸੀ। ਸਾਲ 2024 ਦੀਆਂ ਆਮ ਚੋਣਾਂ ਵਿੱਚ 'ਆਪ' ਦੇ ਕਾਫ਼ੀ ਮਾੜੇ ਪ੍ਰਦਰਸ਼ਨ ਤੋਂ ਬਾਅਦ ਕੰਗ ਨੇ ਵਿਧਾਇਕਾਂ ਅਤੇ ਵੋਟਰਾਂ ਵਿਚਕਾਰ ਪਾੜੇ ਬਾਰੇ ਗੱਲ ਕੀਤੀ ਸੀ, ਜਿਸ ਕਾਰਨ ਪਾਰਟੀ 13 ਸੰਸਦੀ ਸੀਟਾਂ ਵਿੱਚੋਂ ਸਿਰਫ਼ ਤਿੰਨ ਹੀ ਜਿੱਤ ਸਕੀ ਸੀ।

ਉਨ੍ਹਾਂ ਕਿਹਾ, ਮੈਨੂੰ ਪਿੰਡ ਦੇ ਲੋਕਾਂ ਦੇ ਕਈ ਫ਼ੋਨ ਆਏ ਕਿ ਇਹ ਤੋੜ-ਭੰਨ ਚੁਣ ਕੇ ਕੀਤੀ ਗਈ ਹੈ। ਮੈਂ ਅਥਾਰਟੀ ਦੇ ਅਧਿਕਾਰੀਆਂ ਨੂੰ ਫ਼ੋਨ ਕਰਕੇ ਕਿਹਾ ਕਿ ਉਨ੍ਹਾਂ ਨੂੰ ਨਿਰਪੱਖ ਹੋਣਾ ਚਾਹੀਦਾ ਹੈ ਅਤੇ ਜਾਂ ਤਾਂ ਸਾਰਿਆਂ ਦੇ ਨਾਜਾਇਜ਼ ਕਬਜ਼ੇ ਹਟਾਏ ਜਾਣ ਜਾਂ ਫਿਰ ਸਾਰਿਆਂ ਨੂੰ ਚਿਤਾਵਨੀ ਦੇ ਕੇ ਛੱਡ ਦਿੱਤਾ ਜਾਵੇ।"

ਕੰਗ ਨੇ ਕਿਹਾ ਕਿ, "ਮੈਂ ਮੁੱਖ ਮੰਤਰੀ ਦਾ ਧਿਆਨ ਇਸ ਪਾਸੇ ਖਿੱਚਣਾ ਚਾਹੁੰਦਾ ਹਾਂ ਕਿ ਅਥਾਰਟੀ ਵਿੱਚ ਭ੍ਰਿਸ਼ਟਾਚਾਰ ਬਹੁਤ ਵਧ ਗਿਆ ਹੈ ਅਤੇ ਸਾਨੂੰ ਉੱਥੇ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਕਾਰਵਾਈ ਕਰਨ ਦੀ ਲੋੜ ਹੈ। ਜਿਹੜੇ ਅਧਿਕਾਰੀ ਦੁਕਾਨਦਾਰਾਂ ਤੋਂ ਰਿਸ਼ਵਤ ਲੈਂਦੇ ਹਨ, ਉਨ੍ਹਾਂ ਨੂੰ ਛੱਡ ਦਿੱਤਾ ਜਾਂਦਾ ਹੈ ਅਤੇ ਜਿਹੜੇ ਪੈਸੇ ਨਹੀਂ ਦਿੰਦੇ, ਉਨ੍ਹਾਂ ਦੀਆਂ ਦੁਕਾਨਾਂ ਤੋੜ ਦਿੱਤੀਆਂ ਜਾਂਦੀਆਂ ਹਨ। ਇਹ ਗ਼ਰੀਬ ਲੋਕ ਹਨ, ਜੋ ਮੁਸ਼ਕਿਲ ਨਾਲ ਆਪਣਾ ਪੇਟ ਭਰਨ ਜੋਗਾ ਕਮਾਉਂਦੇ ਹਨ। ਉਨ੍ਹਾਂ ਦੀਆਂ ਦੁਕਾਨਾਂ/ਅਦਾਰਿਆਂ 'ਤੇ ਹੀ 'ਪੀਲਾ ਪੰਜਾ' (ਪੀਲੇ ਐਕਸਕੇਵੇਟਰ) ਦੀ ਵਰਤੋਂ ਕੀਤੀ ਜਾ ਰਹੀ ਹੈ, ਉਨ੍ਹਾਂ ਚੇਤਾਵਨੀ ਦਿੱਤੀ ਕਿ ਉਹ ਵੀਰਵਾਰ ਨੂੰ ਗਮਾਡਾ ਅਧਿਕਾਰੀਆਂ ਵਿਰੁੱਧ ਰੋਸ ਪ੍ਰਦਰਸ਼ਨ ਦੀ ਅਗਵਾਈ ਕਰਨਗੇ।

ਸੰਸਦ ਮੈਂਬਰ ਨੇ ਕਿਹਾ ਕਿ ਉਨ੍ਹਾਂ ਨੇ ਬੀਤੀ ਦੇਰ ਰਾਤ ਇਸ ਮੁੱਦੇ 'ਤੇ ਗਮਾਡਾ ਦੇ ਮੁੱਖ ਪ੍ਰਸ਼ਾਸਕ (ਚੀਫ਼ ਐਡਮਿਨਿਸਟਰੇਟਰ) ਸੰਦੀਪ ਰਿਸ਼ੀ ਨਾਲ ਗੱਲ ਕੀਤੀ ਸੀ ਅਤੇ ਭ੍ਰਿਸ਼ਟਾਚਾਰ ਨੂੰ ਰੋਕਣ ਵਿੱਚ ਅਸਫਲ ਰਹਿਣ ਲਈ ਉਨ੍ਹਾਂ ਨੂੰ ਝਾੜ ਪਾਈ ਸੀ।

ਉਨ੍ਹਾਂ ਕਿਹਾ, ਹੁਣ ਸਮਾਂ ਆ ਗਿਆ ਹੈ ਕਿ ਮੁੱਖ ਮੰਤਰੀ ਗ਼ਰੀਬ ਲੋਕਾਂ 'ਤੇ ਹੋ ਰਹੇ ਇਸ ਜ਼ੁਲਮ ਨੂੰ ਰੋਕਣ ਅਤੇ ਸਾਰੇ ਭ੍ਰਿਸ਼ਟ ਅਧਿਕਾਰੀਆਂ ਦਾ ਤਬਾਦਲਾ ਕਰਨ।"

## ਪੰਜਾਬ ਭਰ 'ਚ ਠੱਪ ਰਹਿਣਗੇ ਸਰਕਾਰੀ ਦਫ਼ਤਰ: ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟੀ ਦਾ ਐਲਾਨ'

**ਚੰਡੀਗੜ੍ਹ 26 ਅਗਸਤ**
**-ਛਤਰਪਾਲ ਸਿੰਘ-**

'ਸਾਂਝਾ ਮੁਲਾਜ਼ਮ ਮੰਚ' ਦੇ ਸੱਦੇ 'ਤੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਕੱਲ੍ਹ ਪੂਰੇ ਸੂਬੇ ਵਿੱਚ ਹੜਤਾਲ ਕਰਨ ਦਾ ਐਲਾਨ ਕੀਤਾ ਗਿਆ ਹੈ। ਸਰਕਾਰੀ ਕਰਮਚਾਰੀਆਂ ਵੱਲੋਂ ਸਮੂਹਿਕ ਛੁੱਟੀ ਲਏ ਜਾਣ ਕਾਰਨ ਸਾਰੇ ਸਰਕਾਰੀ ਵਿਭਾਗਾਂ ਵਿੱਚ ਰੋਜ਼ਾਨਾ ਦਾ ਕੰਮਕਾਜ ਪੂਰੀ ਤਰ੍ਹਾਂ ਪ੍ਰਭਾਵਿਤ ਹੋਵੇਗਾ। ਮੁਲਾਜ਼ਮ ਲੰਬੇ ਸਮੇਂ ਤੋਂ ਬਕਾਇਆ ਮਹਿੰਗਾਈ ਭੱਤੇ (41) ਦੀਆਂ ਕਿਸ਼ਤਾਂ ਅਤੇ ਹੋਰ ਸਰਕਾਰੀ ਲਾਭ ਜਾਰੀ ਕਰਨ ਦੀ ਮੰਗ ਕਰ ਰਹੇ ਹਨ।

ਇਸ ਹੜਤਾਲ ਦੌਰਾਨ ਡਿਪਟੀ ਕਮਿਸ਼ਨਰ ਦਫ਼ਤਰ, ਤਹਿਸੀਲ ਦਫ਼ਤਰ, ਐਸ.ਡੀ.ਐਮ. ਦਫ਼ਤਰ, ਸੇਵਾ ਕੇਂਦਰ, ਜਲ ਸਪਲਾਈ ਤੇ ਸੈਨੀਟੇਸ਼ਨ, ਸਿੰਚਾਈ ਵਿਭਾਗ, ਨਗਰ ਨਿਗਮ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਪਨਬੱਸ ਅਤੇ ਪੰਜਾਬ ਰੋਡਵੇਜ਼ ਸਮੇਤ ਸਾਰੇ ਪ੍ਰਮੁੱਖ ਵਿਭਾਗਾਂ ਦਾ ਕਲੈਰੀਕਲ ਸਟਾਫ਼ ਛੁੱਟੀ 'ਤੇ ਰਹੇਗਾ। ਮੁਲਾਜ਼ਮਾਂ ਨੇ ਆਪਣੇ ਪੱਧਰ 'ਤੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਖੱਜਲ-ਖੁਆਰੀ ਤੋਂ ਬਚਣ ਲਈ ਕੱਲ੍ਹ ਸਰਕਾਰੀ ਦਫ਼ਤਰਾਂ ਵਿੱਚ ਨਾ ਆਉਣ, ਕਿਉਂਕਿ ਕੋਈ ਵੀ ਕੰਮ ਨਹੀਂ ਕੀਤਾ ਜਾਵੇਗਾ।

ਸਰਕਾਰ ਦੇ ਅੜੀਅਲ ਰਵੱਈਏ ਤੋਂ ਨਾਰਾਜ਼ ਸਟਾਫ਼ ਨੇ ਇਹ ਵੀ ਫੈਸਲਾ ਕੀਤਾ ਹੈ ਕਿ ਉਹ ਕੱਲ੍ਹ ਐਸ.ਆਈ.ਆਰ. ਦੀਆਂ ਡਿਊਟੀਆਂ ਵੀ ਨਹੀਂ ਨਿਭਾਉਣਗੇ। ਪੰਜਾਬ ਸਟੇਟ ਮਿਨਿਸਟਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਵਧੀਕ ਜਨਰਲ ਸਕੱਤਰ ਅਮਿਤ ਅਰੋੜਾ ਨੇ ਸਪੱਸ਼ਟ ਕੀਤਾ ਕਿ ਇਸ ਬੰਦ ਦੇ ਸੱਦੇ ਦਾ ਮਕਸਦ ਆਮ ਜਨਤਾ ਨੂੰ ਪਰੇਸ਼ਾਨ ਕਰਨਾ ਨਹੀਂ ਹੈ। ਉਨ੍ਹਾਂ ਕਿਹਾ, ਸਾਡਾ ਸੰਘਰਸ਼ ਸਿਰਫ਼ ਸਾਡੀਆਂ ਹੱਕੀ ਮੰਗਾਂ ਮੰਨਵਾਉਣ ਲਈ ਹੈ। ਮੁੱਖ ਮੰਤਰੀ ਭਗਵੰਤ ਮਾਨ ਨਾਲ ਵੀ ਇੱਕ ਬੈਠਕ ਤੈਅ ਹੈ, ਜੇਕਰ ਗੱਲਬਾਤ ਸਕਾਰਾਤਮਕ ਰਹੀ ਤਾਂ ਯੂਨੀਅਨ ਅਗਲਾ ਫੈਸਲਾ ਲਵੇਗੀ। ਹਾਲਾਂਕਿ, ਕੱਲ੍ਹ ਸਰਕਾਰੀ ਦਫ਼ਤਰਾਂ ਦਾ ਕੰਮਕਾਜ ਵੱਡੇ ਪੱਧਰ 'ਤੇ ਪ੍ਰਭਾਵਿਤ ਹੋਣਾ ਤੈਅ ਹੈ। ਯੂਨੀਅਨ ਦੀਆਂ ਮੁੱਖ ਮੰਗਾਂ ਵਿੱਚ ਬਕਾਇਆ ਡੀ.ਏ. ਦੀਆਂ ਕਿਸ਼ਤਾਂ ਜਾਰੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕਰਨਾ ਅਤੇ ਕੱਚੇ/ਠੇਕੇ 'ਤੇ ਕੰਮ ਕਰਦੇ ਕਰਮਚਾਰੀਆਂ ਨੂੰ ਪੱਕਾ ਕਰਨਾ ਸ਼ਾਮਲ ਹੈ। ਇਸ ਹੜਤਾਲ ਦਾ ਸਭ ਤੋਂ ਵੱਡਾ ਅਸਰ ਡੀ.ਸੀ. ਦਫ਼ਤਰਾਂ, ਰੈਵੇਨਿਊ ਵਿਭਾਗਾਂ, ਸਰਕਾਰੀ ਸਕੂਲਾਂ, ਕਾਲਜਾਂ ਅਤੇ ਸਰਕਾਰੀ ਹਸਪਤਾਲਾਂ ਦੀਆਂ ਓ.ਪੀ.ਡੀ. ਸੇਵਾਵਾਂ 'ਤੇ ਪਵੇਗਾ। ਜਿੱਥੇ ਆਮ ਲੋਕਾਂ ਨੂੰ ਆਪਣੇ ਜ਼ਰੂਰੀ ਕੰਮ ਰੁਕਣ ਕਾਰਨ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ, ਉੱਥੇ ਹੀ ਦੂਜੇ ਪਾਸੇ ਬਾਜ਼ਾਰ, ਨਿੱਜੀ ਅਦਾਰੇ, ਫੈਕਟਰੀਆਂ ਅਤੇ ਪ੍ਰਾਈਵੇਟ ਸੰਸਥਾਵਾਂ ਆਮ ਵਾਂਗ ਖੁੱਲ੍ਹੀਆਂ ਰਹਿਣਗੀਆਂ। ਖੰਨਾ ਦੀ ਐਸ.ਡੀ.ਐਮ. ਸਵਾਤੀ ਟਿਵਾਣਾ ਨੇ ਦੱਸਿਆ ਕਿ ਵਿਭਾਗ ਕੋਸ਼ਿਸ਼ ਕਰ ਰਹੇ ਹਨ ਕਿ ਕੰਮ ਨਾ ਰੁਕੇ, ਪਰ ਮੁਲਾਜ਼ਮਾਂ ਦੇ ਕੰਮ ਛੱਡਣ ਕਾਰਨ ਦਫ਼ਤਰਾਂ ਵਿੱਚ ਅਸਰ ਜ਼ਰੂਰ ਦੇਖਣ ਨੂੰ ਮਿਲੇਗਾ।

## ਪਟਿਆਲਾ ਜ਼ਿਲ੍ਹਾ ਅਦਾਲਤ ਨੂੰ ਬੰਬ ਨਾਲ ਉਡਾਉਣ ਦੀ ਈ-ਮੇਲ ਰਾਹੀਂ ਧਮਕੀ

**ਪਟਿਆਲਾ, 26 ਅਗਸਤ**
**-ਜੀ. ਐਸ. ਤੁੰਗ-**

ਪਟਿਆਲਾ ਦੇ ਜ਼ਿਲ੍ਹਾ ਅਤੇ ਸੈਸ਼ਨ ਕੋਰਟ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਈ-ਮੇਲ ਰਾਹੀਂ ਮਿਲੀ ਧਮਕੀ ਤੋਂ ਬਾਅਦ ਅੱਜ ਬੁੱਧਵਾਰ ਨੂੰ ਪੁਲੀਸ ਅਤੇ ਪ੍ਰਸ਼ਾਸਨ ਵਿੱਚ ਹੜਕੰਪ ਮਚ ਗਿਆ। ਧਮਕੀ ਦੀ ਸੂਚਨਾ ਮਿਲਦਿਆਂ ਹੀ ਪੁਲੀਸ ਬਲ ਅਤੇ ਸੁਰੱਖਿਆ ਏਜੰਸੀਆਂ, ਬੰਬ ਨਿਰੋਧਕ ਦਸਤੇ ਅਤੇ ਡੌਗ ਸਕੁਐਡ ਨੂੰ ਨਾਲ ਲੈ ਕੇ ਤੁਰੰਤ ਅਦਾਲਤੀ ਪਰਿਸਰ ਪਹੁੰਚ ਗਈਆਂ। ਸੁਰੱਖਿਆ ਏਜੰਸੀਆਂ ਵੱਲੋਂ ਪੂਰੇ ਅਦਾਲਤੀ ਕੰਪਲੈਕਸ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਇੱਕ ਉੱਚ ਪੁਲੀਸ ਅਧਿਕਾਰੀ ਨੇ ਦੱਸਿਆ, ਸੁਰੱਖਿਆ ਦੇ ਮੱਦੇਨਜ਼ਰ ਆਮ ਲੋਕਾਂ ਅਤੇ ਖਪਤਕਾਰਾਂ ਦੀ ਆਵਾਜਾਈ 'ਤੇ ਰੋਕ ਲਗਾ ਦਿੱਤੀ ਗਈ ਹੈ ਅਤੇ ਦੁਪਹਿਰ 3 ਵਜੇ ਤੱਕ ਪਟਿਆਲਾ ਸੈਸ਼ਨ ਡਿਵੀਜ਼ਨ ਦੇ ਅਦਾਲਤੀ ਕੰਪਲੈਕਸਾਂ ਵਿੱਚ ਕਿਸੇ ਨੂੰ ਵੀ ਦਾਖਲ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਗਈ, ਜਿਸ ਕਾਰਨ ਅਦਾਲਤ ਦਾ ਰੋਜ਼ਾਨਾ ਕੰਮਕਾਜ ਕਾਫ਼ੀ ਪ੍ਰਭਾਵਿਤ ਹੋਇਆ ਹੈ।

ਖ਼ਬਰ ਲਿਖੇ ਜਾਣ ਤੱਕ ਪੁਲੀਸ ਟੀਮ ਨੂੰ ਕੰਪਲੈਕਸ ਵਿੱਚੋਂ ਕੋਈ ਵੀ ਇਤਰਾਜ਼ਯੋਗ ਜਾਂ ਵਿਸਫੋਟਕ ਸਮੱਗਰੀ ਨਹੀਂ ਮਿਲੀ ਸੀ। ਹਾਲਾਂਕਿ, ਇਹਤਿਆਤ ਦੇ ਤੌਰ 'ਤੇ ਪੂਰੇ ਇਲਾਕੇ ਵਿੱਚ ਸਰਚ ਅਤੇ ਕੰਬਿੰਗ ਅਪਰੇਸ਼ਨ ਲਗਾਤਾਰ ਜਾਰੀ ਰਿਹਾ।

ਜ਼ਿਕਰਯੋਗ ਹੈ ਕਿ ਇਸੇ ਮਹੀਨੇ ਦੇ ਸ਼ੁਰੂ ਵਿੱਚ ਵੀ ਅਦਾਲਤੀ ਕੰਪਲੈਕਸ ਵਿੱਚ ਧਮਾਕਾ ਕਰਨ ਦੀ ਅਜਿਹੀ ਹੀ ਇੱਕ ਈ-ਮੇਲ ਧਮਕੀ ਮਿਲੀ ਸੀ, ਜਿਸ ਤੋਂ ਬਾਅਦ ਵੀ ਪੁਲੀਸ ਵੱਲੋਂ ਇਸੇ ਤਰ੍ਹਾਂ ਦਾ ਵਿਆਪਕ ਤਲਾਸ਼ੀ ਮੁਹਿੰਮ ਚਲਾਈ ਗਈ।

## ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਡਾਇਰੈਕਟਰ CIQA ਡਾ. ਕੁਲਦੀਪ ਵਾਲੀਆ ਪੰਜਾਬ ਸਰਕਾਰ ਦੁਆਰਾ ਸਟੇਟ ਐਵਾਰਡ ਨਾਲ ਸਮਾਨਿਤ

**ਪਟਿਆਲਾ, 26 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਦੀ ਪਹਿਲੀ ਸਰਕਾਰੀ ਓਪਨ ਯੂਨੀਵਰਸਿਟੀ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਡਾਇਰੈਕਟਰ, CIQA ਡਾ. ਕੁਲਦੀਪ ਵਾਲੀਆ ਨੂੰ ਪੰਜਾਬ ਸਰਕਾਰ ਦੁਆਰਾ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਮਾਨਯੋਗ ਉਪ-ਕੁਲਪਤੀ ਪ੍ਰੋ. ਰਤਨ ਸਿੰਘ ਜੀ ਨੇ ਡਾ. ਕੁਲਦੀਪ ਵਾਲੀਆ ਜੀ ਨੂੰ ਇਸ ਐਵਾਰਡ ਲਈ ਵਧਾਈ ਦਿੰਦਿਆਂ ਹੋਇਆ ਸੰਦੇਸ਼ ਦਿੱਤਾ ਕਿ ਇਹ ਜਿੱਥੇ ਇਨ੍ਹਾਂ ਦੀ ਨਿੱਜੀ ਪ੍ਰਾਪਤੀ ਹੈ ਉੱਥੇ ਨਾਲ ਹੀ ਯੂਨੀਵਰਸਿਟੀ ਦਾ ਨਾਮ ਰੋਸ਼ਨ ਕਰਨ ਵਿਚ ਇਹ ਐਵਾਰਡ ਹੋਰ ਸਹਾਈ ਹੋਵੇਗਾ। ਇਹ ਐਵਾਰਡ ਪੰਜਾਬ ਦੇ ਖੇਤੀਬਾੜੀ ਮੰਤਰੀ ਸ੍ਰ. ਗੁਰਮੀਤ ਸਿੰਘ ਖੁਡੀਆਂ ਦੁਆਰਾ ਸਰਕਾਰੀ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ। ਸਟੇਟ ਐਵਾਰਡ ਲੈਣ ਮੌਕੇ ਡਾ. ਕੁਲਦੀਪ ਵਾਲੀਆ ਨੇ ਜਿੱਥੇ ਇਸ ਪ੍ਰਤੀ



ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਉੱਥੇ ਨਾਲ ਹੀ ਸੰਬੋਧਨ ਕਰਦਿਆਂ ਕਿਹਾ ਕਿ ਇਹ ਐਵਾਰਡ ਦੀ ਪ੍ਰਾਪਤੀ ਤਾ ਹੀ ਸੰਭਵ ਹੋਈ ਹੈ ਜੇਕਰ ਯੂਨੀਵਰਸਿਟੀ ਦੇ ਮਾਨਯੋਗ ਉਪ-ਕੁਲਪਤੀ ਪ੍ਰੋ. ਰਤਨ ਸਿੰਘ ਜੀ ਨੇ ਯੂਨੀਵਰਸਿਟੀ ਦੇ ਵਿਚ ਇਕ ਅਜਿਹਾ ਵਿੱਦਿਅਕ ਮਾਹੌਲ ਸਿਰਜਿਆ ਹੋਇਆ ਹੈ, ਜਿਸ ਨਾਲ ਅਸੀਂ ਹਰ ਸਮੇਂ ਸਿਰਫ ਤੇ ਸਿਰਫ ਉਹ ਕਾਰਜ ਹੀ ਕਰ ਰਹੇ ਹਾਂ ਜਿਨ੍ਹਾਂ ਕਾਰਜਾਂ ਦੇ ਨਾਲ ਵਿਦਿਆਰਥੀਆਂ ਨੂੰ ਆਸਾਨੀ ਨਾਲ ਉੱਚ ਸਿੱਖਿਆ ਮੁਹਈਆ ਕਰਾਈ ਜਾ ਸਕੇ। ਸਟੇਟ ਐਵਾਰਡ ਪ੍ਰਦਾਨ ਕਰਨ ਮੌਕੇ ੀ, ਸ੍ਰ. ਗੁਰਮੀਤ ਸਿੰਘ ਖੁਡੀਆਂ ਜੀ ਤੋਂ ਇਲਾਵਾ ਮੇਅਰ ਪਟਿਆਲਾ, ਸ਼੍ਰੀ ਕੁੰਦਨ ਗੋਗੀਆ, ਡਿਪਟੀ ਕਮਿਸ਼ਨਰ ਪਟਿਆਲਾ, ਡਾ. ਹਿਮਾਂਸ਼ੂ ਅਗਰਵਾਲ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

## ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਵਿਖੇ ਵੋਟਰ ਰਜਿਸਟਰੇਸ਼ਨ ਕੈਂਪ



**ਪਟਿਆਲਾ, 26 ਅਗਸਤ**
**-ਛਤਰਪਾਲ ਸਿੰਘ-**

ਸਥਾਨਕ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਵਿਖੇ ਪ੍ਰਿੰਸੀਪਲ ਪ੍ਰੋ. (ਡਾ) ਵਨੀਤਾ ਰਾਣੀ ਦੀ ਅਗਵਾਈ ਹੇਠ ਕਾਲਜ ਵਿਖੇ ਵੋਟਰ ਰਜਿਸਟਰੇਸ਼ਨ ਕੈਂਪ ਲਗਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰਿੰਸੀਪਲ ਡਾ. ਸਵਿੰਦਰ ਸਿੰਘ ਰੇਖੀ ਨੇ ਮੁੱਖ ਮਹਿਮਾਨ ਅਤੇ ਸ਼੍ਰੀ ਮੋਹਿਤ ਕੌਸ਼ਲ ਸਹਾਇਕ ਜ਼ਿਲ੍ਹਾ ਨੋਡਲ ਅਫਸਰ ਸਵੀਪ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ। ਪ੍ਰਿੰਸੀਪਲ ਪ੍ਰੋ ਡਾ. ਵਨੀਤਾ ਰਾਣੀ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਸਵਾਗਤ ਕਰਦੇ ਹੋਏ ਸਮੂਹ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਅਤੇ ਅਧਿਕਾਰ ਬਾਰੇ ਜਾਣੂ ਕਰਵਾਉਂਦੇ ਹੋਏ ਨੌਜਵਾਨ ਵੋਟਰਾਂ ਨੂੰ ਚੋਣ ਪ੍ਰਕਿਰਿਆ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰਿੰਸੀਪਲ ਡਾ. ਸਵਿੰਦਰ ਸਿੰਘ ਰੇਖੀ ਨੇ ਸਮੂਹ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਵੋਟਰ ਰਜਿਸਟਰੇਸ਼ਨ ਵਧਾਉਣ ਚ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਚੋਣ ਕਮਿਸ਼ਨ ਦੀ ਵੈੱਬਸਾਈਟ ਈ.ਸੀ.ਆਈ. ਨੈੱਟ ਅਤੇ ਵੋਟਰ ਹੈਲਪਲਾਈਨ ਨੰ. 1950 ਅਤੇ ਚੋਣ ਕਮਿਸ਼ਨ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਵੱਖ ਵੱਖ ਮੋਬਾਇਲ ਐਪਸ ਅਤੇ ਡਿਜੀਟਲ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

# ਸੰਪਾਦਕੀ

## ਉਭਰਦੀ ਤਕਨੀਕ, ਨਵੇਂ ਆਯਾਮ— ਨਵੀਂ ਸੋਚ, ਨਵੀਂ ਸਿਹਤ, ਨਵਾਂ ਪੈਗਾਮ। -ਭਵਿੱਖ ਦੀ ਜ਼ਿੰਦਗੀ ਦਾ ਨਵਾਂ ਸਮੀਕਰਨ

ਸਾਡਾ ਦਾਖ਼ਲ ਇਹੋਜੇ ਦੌਰ ਵਿੱਚ ਹੋ ਚੁੱਕੇ ਹੈ, ਜਿੱਥੇ ਤਕਨਾਲੋਜੀ ਸਿਰਫ਼ ਸਾਡੇ ਕੰਮ ਕਰਨ ਦੇ ਢੰਗ ਨੂੰ ਹੀ ਨਹੀਂ, ਸਗੋਂ ਸਾਡੀ ਸੋਚ, ਜੀਵਨ-ਸ਼ੈਲੀ, ਸਮਾਜਿਕ ਵਿਹਾਰ ਅਤੇ ਸਿਹਤ ਨੂੰ ਵੀ ਤੇਜ਼ੀ ਨਾਲ ਬਦਲ ਰਹੀ ਹੈ। ਸਿਰਜਣਾਤਮਕ ਏ ਆਈ (ਕ੍ਰਿਤ੍ਰਿਮ ਬੁੱਧੀ) ਰੋਬੋਟਿਕ ਤਕਨਾਲੋਜੀ, ਸਵੈਚਾਲਨ, ਬੱਦਲ-ਆਧਾਰਿਤ ਕੰਪਿਊਟਰੀ ਪ੍ਰਣਾਲੀ, ਵਸਤੂਆਂ ਦਾ ਇੰਟਰਨੈੱਟ ਅਤੇ ਡਿਜੀਟਲ ਸਿਹਤ ਸੇਵਾਵਾਂ ਹੁਣ ਭਵਿੱਖ ਦੀਆਂ ਕਲਪਨਾਵਾਂ ਹੁਣ ਅਸਲ ਰੂਪ ਧਾਰ ਚੁੱਕੀਆਂ ਹਨ। ਇਹ ਸਾਡੇ ਆਰਥਿਕ, ਸਮਾਜਿਕ ਅਤੇ ਨਿੱਜੀ ਜੀਵਨ ਦਾ ਹੁਣ ਹਿੱਸਾ ਬਣ ਰਹੀਆਂ ਹਨ।

ਕੰਮਕਾਜ ਦੀ ਦੁਨੀਆ ਵਿੱਚ ਸਭ ਤੋਂ ਵੱਡੀ ਤਬਦੀਲੀ ਏ ਆਈ (ਕ੍ਰਿਤ੍ਰਿਮ ਬੁੱਧੀ) ਲੈ ਕੇ ਆਈ ਹੈ। ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਦੀ 2025 ਦੀ ਵਿਸ਼ਵ ਪੱਧਰੀ ਪੜਚੋਲ ਤਹਿਤ ਦੁਨੀਆ ਦੇ ਲਗਭਗ ਹਰ ਚਾਰ ਵਿੱਚੋਂ ਇੱਕ ਕਾਮੇ ਦਾ ਰੁਜ਼ਗਾਰ ਕਿਸੇ ਨਾ ਕਿਸੇ ਪੱਧਰ 'ਤੇ ਸਿਰਜਣਾਤਮਕ ਏ ਆਈ (ਕ੍ਰਿਤ੍ਰਿਮ ਬੁੱਧੀ) ਤੋਂ ਪ੍ਰਭਾਵਿਤ ਹੈ। ਪਰ ਇਸ ਦਾ ਇਹ ਅਰਥ ਨਹੀਂ ਕਿ ਹਰ ਚੌਥੀ ਨੌਕਰੀ ਖ਼ਤਮ ਹੋ ਜਾਵੇਗੀ। ਇਸ ਦੀ ਬਜਾਏ, ਵਧੇਰੇ ਸੰਭਾਵਨਾ ਇਹ ਹੈ ਕਿ ਕਈ ਨੌਕਰੀਆਂ ਦੇ ਕੰਮ, ਜ਼ਿੰਮੇਵਾਰੀਆਂ ਅਤੇ ਕੰਮ ਕਰਨ ਦੇ ਢੰਗ ਬਦਲਣਗੇ। ਇਸ ਤਬਦੀਲੀ ਨਾਲ ਨੌਕਰੀ ਦੀ ਪਰਿਭਾਸ਼ਾ ਵੀ ਬਦਲ ਰਹੀ ਹੈ। ਪਹਿਲਾਂ ਇੱਕ ਕਰਮਚਾਰੀ ਤੋਂ ਕਿਸੇ ਖ਼ਾਸ ਕੰਮ ਦੀ ਮੁਹਾਰਤ ਦੀ ਉਮੀਦ ਕੀਤੀ ਜਾਂਦੀ ਸੀ, ਪਰ ਹੁਣ ਉਸ ਨੂੰ ਡਿਜੀਟਲ ਸਾਧਨਾਂ, ਅੰਕੜਿਆਂ, ਏ ਆਈ (ਕ੍ਰਿਤ੍ਰਿਮ ਬੁੱਧੀ) ਅਤੇ ਸਵੈਚਾਲਿਤ ਪ੍ਰਣਾਲੀਆਂ ਨਾਲ ਕੰਮ ਕਰਨ ਦੀ ਸਮਰੱਥਾ ਵੀ ਵਿਕਸਿਤ ਕਰਨੀ ਪਵੇਗੀ।ਭਵਿੱਖ ਵਿੱਚ ਸਿਰਫ਼ ਤਕਨੀਕੀ ਗਿਆਨ ਹੀ ਕਾਫ਼ੀ ਨਹੀਂ ਹੋਵੇਗਾ। ਉੱਚ ਪੱਧਰੀ ਸੋਚ, ਸਮੱਸਿਆ ਹੱਲ ਕਰਨ ਦੀ ਯੋਗਤਾ, ਰਚਨਾਤਮਕਤਾ, ਮਨੁੱਖੀ ਸੰਬੰਧਾਂ ਦੀ ਸਮਝ, ਭਾਵਨਾਤਮਕ ਬੁੱਧੀ, ਅੰਕੜਿਆਂ ਦੀ ਸਮਝ ਅਤੇ ਕ੍ਰਿਤ੍ਰਿਮ ਬੁੱਧੀ ਦੀ ਸਾਖਰਤਾ ਦੀ ਮਹੱਤਤਾ ਹੋਰ ਵਧੇਗੀ। ਇਸ ਲਈ ਭਵਿੱਖ ਦਾ ਮੁਕਾਬਲਾ ਸਿਰਫ਼ ਮਨੁੱਖ ਬਨਾਮ ਮਸ਼ੀਨ ਨਹੀਂ ਹੈ। ਅਸਲ ਸਵਾਲ ਇਹ ਹੈ ਕਿ ਮਨੁੱਖ ਅਤੇ ਤਕਨਾਲੋਜੀ ਮਿਲ ਕੇ ਕਿੰਨੀ ਬਿਹਤਰ ਕਾਰਗੁਜ਼ਾਰੀ ਕਰ ਸਕਦੇ ਹਨ। ਜਿਹੜੇ ਲੋਕ ਨਵੇਂ ਹੁਨਰ ਸਿੱਖਣ, ਬਦਲਦੇ ਹਾਲਾਤਾਂ ਅਨੁਸਾਰ ਆਪਣੇ ਆਪ ਨੂੰ ਢਾਲਣ ਅਤੇ ਕ੍ਰਿਤ੍ਰਿਮ ਬੁੱਧੀ ਤੋਂ ਮਿਲੀ ਜਾਣਕਾਰੀ ਦੀ ਸਹੀ ਜਾਂਚ ਕਰਨ ਦੀ ਸਮਰੱਥਾ ਵਿਕਸਿਤ ਕਰਨਗੇ, ਉਨ੍ਹਾਂ ਲਈ ਨਵੇਂ ਮੌਕੇ ਪੈਦਾ ਹੋਣਗੇ। ਤਕਨਾਲੋਜੀ ਨੇ ਜਿੱਥੇ ਜੀਵਨ ਨੂੰ ਆਸਾਨ ਬਣਾਇਆ ਹੈ, ਉੱਥੇ ਇਸ ਦਾ ਗਲਤ ਜਾਂ ਬੇਹੱਦ ਇਸਤੇਮਾਲ ਨਵੀਆਂ ਚੁਣੌਤੀਆਂ ਵੀ ਪੈਦਾ ਕਰ ਰਿਹਾ ਹੈ। ਲੰਬੇ ਸਮੇਂ ਤੱਕ ਪਰਦੇ ਸਾਹਮਣੇ ਬੈਠਣਾ, ਸਰੀਰਕ ਗਤੀਵਿਧੀ ਦੀ ਕਮੀ, ਲਗਾਤਾਰ ਬੈਠੇ ਰਹਿਣਾ, ਕੰਮ ਅਤੇ ਨਿੱਜੀ ਜੀਵਨ ਦੀਆਂ ਹੱਦਾਂ ਦਾ ਧੁੰਦਲਾ ਹੋਣਾ ਅਤੇ ਹਰ ਸਮੇਂ ਜੁੜੇ ਰਹਿਣ ਦਾ ਦਬਾਅ ਮਨੁੱਖੀ ਸਰੀਰ ਅਤੇ ਮਨ ਦੋਵਾਂ ਨੂੰ ਪ੍ਰਭਾਵਿਤ ਕਰਦਾ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਦੁਨੀਆ ਦੇ ਲਗਭਗ ਇੱਕ-ਤਿਹਾਈ ਬਾਲਗ ਲੋੜੀਂਦੀ ਸਰੀਰਕ ਗਤੀਵਿਧੀ ਨਹੀਂ ਕਰਦੇ ਇਸ ਲਈ ਨਿਯਮਤ ਸਰੀਰਕ ਗਤੀਵਿਧੀ ਦਿਲ ਦੀਆਂ ਬਿਮਾਰੀਆਂ, ਉੱਚ ਬਲਡ ਪ੍ਰੈਸ਼ਰ, ਡਾਇਬੀਟੀਜ਼ (ਸ਼ੂਗਰ)ਅਤੇ ਹੋਰ ਕਈ ਗੈਰ-ਸੰਚਾਰੀ ਬਿਮਾਰੀਆਂ ਦੇ ਖ਼ਤਰੇ ਨੂੰ ਘਟਾਉਣ ਵਿੱਚ ਮਦਦ ਕਰਦੀ ਹੈ। ਇਸ ਦੇ ਨਾਲ ਹੀ ਇਹ ਮਾਨਸਿਕ ਸਿਹਤ, ਨੀਂਦ ਅਤੇ ਜੀਵਨ ਦੀ ਗੁਣਵੱਤਾ ਲਈ ਵੀ ਮਹੱਤਵਪੂਰਨ ਹੈ। ਆਧੁਨਿਕ ਕਾਰਜ-ਸਥਾਨ (ਵਰਕ ਪਲੇਸ) ਵਿੱਚ ਤੰਦਰੁਸਤੀ ਕੋਈ ਵਾਧੂ ਸਹੂਲਤ ਨਹੀਂ, ਸਗੋਂ ਚੰਗੀ ਕਾਰਗੁਜ਼ਾਰੀ ਦੀ ਬੁਨਿਆਦੀ ਲੋੜ ਹੈ। ਕੰਮ ਦੌਰਾਨ ਛੋਟੇ ਸਰਗਰਮ ਵਿਸ਼ਰਾਮ, ਪੈਦਲ ਚੱਲਣਾ, ਨਿਯਮਤ ਕਸਰਤ, ਪੂਰੀ ਨੀਂਦ, ਲੋੜੀਂਦੀ ਸੰਤੁਲਿਤ ਖ਼ੁਰਾਕ ਅਤੇ ਕੁਝ ਸਮੇਂ ਲਈ ਡਿਜੀਟਲ ਸਾਧਨਾਂ ਤੋਂ ਦੂਰ ਰਹਿਣਾ ਰੋਜ਼ਾਨਾ ਜੀਵਨ ਦਾ ਹਿੱਸਾ ਬਣਨਾ ਚਾਹੀਦਾ ਹੈ। ਨਕਲੀ ਬੁੱਧੀ (ਏ ਆਈ) ਅਤੇ ਡਿਜੀਟਲ ਤਕਨਾਲੋਜੀ ਸਿਹਤ ਸੰਭਾਲ ਦੇ ਖੇਤਰ ਵਿੱਚ ਵੀ ਨਵੇਂ ਰਸਤੇ ਖੋਲ੍ਹ ਰਹੀ ਹੈ। ਸਿਹਤ ਦੀ ਨਿਗਰਾਨੀ ਕਰਨ ਵਾਲੇ ਪਹਿਨਣਯੋਗ ਉਪਕਰਨ, ਦੂਰ-ਦਰਾਜ਼ ਸਿਹਤ ਸਲਾਹ, ਸਿਹਤ ਅੰਕੜਿਆਂ ਦਾ ਵਿਸ਼ਲੇਸ਼ਣ ਅਤੇ ਬਿਮਾਰੀਆਂ ਦੀ ਪਹਿਲਾਂ ਪਛਾਣ ਇਸ ਤਬਦੀਲੀ ਦੀਆਂ ਮਹੱਤਵਪੂਰਨ ਉਦਾਹਰਣਾਂ ਹਨ। ਪਰ ਇੱਥੇ ਵੀ ਸੰਤੁਲਨ ਜ਼ਰੂਰੀ ਹੈ। ਤਕਨਾਲੋਜੀ ਸਹਾਇਕ ਸਾਧਨ ਹੋ ਸਕਦੀ ਹੈ, ਪਰ ਮਨੁੱਖੀ ਫ਼ੈਸਲੇ, ਡਾਕਟਰੀ ਮਾਹਿਰਾਂ ਦੀ ਸਲਾਹ, ਨਿੱਜਤਾ ਅਤੇ ਜਾਣਕਾਰੀ ਦੀ ਸੁਰੱਖਿਆ ਦੀ ਮਹੱਤਤਾ ਘੱਟ ਨਹੀਂ ਹੋਣੀ ਚਾਹਿੰਦੀ। ਮੁੱਦਾ ਇਹ ਨਹੀਂ ਕਿ ਤਕਨਾਲੋਜੀ ਕਿਸ ਤੇਜ਼ੀ ਨਾਲ ਅੱਗੇ ਵਧੇਗੀ। ਬਲਕਿ ਇਹ ਹੈ ਕਿ ਮਨੁੱਖ ਇਸ ਤਰੱਕੀ ਨੂੰ ਕਿੰਨੀ ਸਮਝਦਾਰੀ ਨਾਲ ਦਿਸ਼ਾ ਦੇਵੇਗਾ। ਕਿ ਉਹ ਏ ਆਈ ਸਾਮਣੇ ਆਪਣੀ ਸਮਰੱਥਾ, ਕਾਬਲੀਅਤ ਘਟਾਵੇਗਾ ਜਾਂ ਆਪਣੀ ਕਾਬਲੀਅਤ ਨੂੰ ਹੋਰ ਵਧਾਕੇ ਏ ਆਈ ਦੇ ਨਤੀਜਿਆਂ ਦੀ ਜਾਂਚ ਕਰੇਗਾ ਅਤੇ ਏ ਆਈ ਦੇ ਮੁਕਾਬਲੇ ਸਿਖਰਾਂ ਨੂੰ ਛੂਹੇਗਾ।

ਭਵਿੱਖ ਦਾ ਸਫ਼ਲ ਕਾਰਜ-ਸਥਾਨ ਉਹ ਹੈ ਜਿੱਥੇ ਕ੍ਰਿਤ੍ਰਿਮ ਬੁੱਧੀ ਮਨੁੱਖੀ ਉਤਪਾਦਕਤਾ ਵਧਾਏਗੀ, ਪਰ ਮਨੁੱਖੀ ਹੁਨਰਾਂ ਦੀ ਥਾਂ ਨਹੀਂ ਲਵੇਗੀ; ਜਿੱਥੇ ਡਿਜੀਟਲ ਸਹੂਲਤ ਸਿਹਤ ਦੀ ਕੀਮਤ 'ਤੇ ਨਹੀਂ ਮਿਲੇਗੀ; ਅਤੇ ਜਿੱਥੇ ਆਰਥਿਕ ਤਰੱਕੀ ਦੇ ਨਾਲ ਮਨੁੱਖੀ ਸੁੱਖ, ਸਨਮਾਨ ਅਤੇ ਤੰਦਰੁਸਤੀ ਨੂੰ ਵੀ ਬਰਾਬਰ ਮਹੱਤਤਾ ਮਿਲੇਗੀ।

ਤਕਨਾਲੋਜੀ ਦਾ ਸਭ ਤੋਂ ਵੱਡਾ ਉਦੇਸ਼ ਮਨੁੱਖ ਨੂੰ ਮਸ਼ੀਨ ਬਣਾਉਣਾ ਨਹੀਂ, ਸਗੋਂ ਮਨੁੱਖੀ ਸਮਰੱਥਾ ਨੂੰ ਹੋਰ ਮਜ਼ਬੂਤ ਕਰਨਾ ਹੋਣਾ ਚਾਹੀਦਾ ਹੈ। ਮਸ਼ੀਨਾਂ ਨੂੰ ਤੇਜ਼ ਅਤੇ ਬੁੱਧੀਮਾਨ ਬਣਾਉਣ ਦੇ ਨਾਲ ਮਨੁੱਖ ਨੂੰ ਵੀ ਤੰਦਰੁਸਤ, ਹੁਨਰਮੰਦ, ਸਿਰਜਣਾਤਮਕ ਅਤੇ ਸੰਵੇਦਨਸ਼ੀਲ ਬਣਾਈ ਰੱਖਣਾ ਹੀ ਅਸਲ ਤਰੱਕੀ ਹੈ।

-ਛੱਤਰਪਾਲ ਸਿੰਘ

# ਏ ਆਈ ਮਨੁੱਖੀ ਦਿਮਾਗ ਦੀ ਸਾਥਣ ਜਾਂ ਸੌਂਕਣ; ਤਕਨੀਕ ਉੱਤੇ ਵਧਦੀ ਨਿਰਭਰਤਾ ਅਤੇ ਮਨੁੱਖੀ ਦਿਮਾਗ ਦਾ ਭਵਿੱਖ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਕਿਸੇ ਵੇਲੇ ਮਨੁੱਖ ਮਸ਼ੀਨਾਂ ਨੂੰ ਆਪਣੀ ਸਹੂਲਤ ਅਨੁਸਾਰ ਕੰਮ ਕਰਨ ਯੋਗ ਬਣਾਉਂਦਾ ਸੀ। ਅੱਜ ਹਾਲਾਤ ਇੰਨੇ ਬਦਲ ਗਏ ਹਨ ਕਿ ਮਸ਼ੀਨਾਂ ਮਨੁੱਖ ਨੂੰ ਸੋਚਣ ਦਾ ਢੰਗ ਸਿਖਾਉਣ ਲੱਗੀਆਂ ਹਨ। ਸਵਾਲ ਇਹ ਨਹੀਂ ਕਿ ਏ ਆਈ (ਕ੍ਰਿਤ੍ਰਿਮ ਬੁੱਧੀ) ਕਿੰਨੀ ਬੁੱਧੀਮਾਨ ਹੈ; ਅਸਲ ਮੁੱਦਾ ਕਿਸੇ ਹੱਦ ਤੱਕ ਬੇਚੈਨ ਕਰਨ ਵਾਲਾ ਹੈ ਕੀ ਵਾਕਈ ਇਸ ਦੀ ਸਹੂਲਤ ਮਨੁੱਖ ਨੂੰ ਘੱਟ ਸੋਚਣ ਵਾਲਾ ਬਣਾ ਰਹੀ ਹੈ?

ਇਸ ਸਵਾਲ ਨੂੰ ਹੁਣ ਸਿਰਫ਼ ਤਕਨੀਕ ਵਿਰੋਧੀ ਡਰ ਸਮਝ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। 2025 ਵਿੱਚ ਮਾਈਕ੍ਰੋਸਾਫਟ ਰਿਸਰਚ ਅਤੇ ਕਾਰਨੇਗੀ ਮੇਲਨ ਯੂਨੀਵਰਸਿਟੀ ਨਾਲ ਜੁੜੇ ਖੋਜਕਰਤਾਵਾਂ ਨੇ 319 ਗਿਆਨ-ਆਧਾਰਿਤ ਕਾਮਿਆਂ ਤੋਂ 936 ਅਸਲ ਏ ਆਈ)ਕ੍ਰਿਤ੍ਰਿਮ ਬੁੱਧੀ)-ਵਰਤੋਂ ਦੇ ਤਜਰਬਿਆਂ ਦਾ ਅਧਿਐਨ ਕੀਤਾ। ਨਤੀਜਾ ਚਿੰਤਾਜਨਕ ਸੀ: ਕਿਉਂਕਿ ਜਦੋਂ ਲੋਕਾਂ ਦਾ ਏ ਆਈ (ਕ੍ਰਿਤ੍ਰਿਮ ਬੁੱਧੀ) 'ਤੇ ਭਰੋਸਾ ਵਧਿਆ, ਤਾਂ ਉਨ੍ਹਾਂ ਵੱਲੋਂ ਕੀਤੀ ਗਈ ਆਲੋਚਨਾਤਮਕ ਸੋਚ ਦੀ ਮਿਹਨਤ ਘਟੀ ਜਾਪੀ। (Microsoft?)

ਇੱਥੇ ਚਿੰਤਾ ਇਹ ਨਹੀਂ ਕਿ ਮਸ਼ੀਨ ਗਲਤ ਜਵਾਬ ਦੇ ਸਕਦੀ ਹੈ ਜਾਂ ਨਹੀਂ ਸਗੋਂ ਖ਼ਤਰਾ ਇਹ ਹੈ ਕਿ ਮਨੁੱਖ ਗਲਤ ਜਵਾਬ ਨੂੰ ਸਹੀ ਮੰਨਣ ਲਈ ਦੀ ਪੜਚੋਲ ਦੀ ਮਿਹਨਤ ਕਰਨਾ ਘੱਟ ਗਿਆ ਹੈ।

ਪੜਚੋਲ ਨੇ ਇੱਕ ਹੋਰ ਮਹੱਤਵਪੂਰਨ ਤਬਦੀਲੀ ਵੱਲ ਇਸ਼ਾਰਾ ਕੀਤਾ ਹੈ। ਏ ਆਈ (ਕ੍ਰਿਤ੍ਰਿਮ ਬੁੱਧੀ) ਦੀ ਵਰਤੋਂ ਨਾਲ ਮਨੁੱਖੀ ਸੋਚ ਖ਼ਤਮ ਨਹੀਂ ਹੁੰਦੀ, ਪਰ ਉਸ ਦੀ ਪ੍ਰਕਿਰਤੀ ਬਦਲ ਜਾਂਦੀ ਹੈ। ਜਾਣਕਾਰੀ ਅਤੇ ਖੋਜਣ ਦੀ ਸਮੱਸਿਆ ਦਾ ਹੱਲ ਕਰਨ ਦੀ ਥਾਂ ਮਨੁੱਖ ਦਾ ਕੰਮ ਕਈ ਵਾਰ ਮਸ਼ੀਨ ਦੇ ਦਿੱਤੇ ਜਵਾਬ ਦੀ ਜਾਂਚ, ਸੋਧ ਅਤੇ ਨਿਗਰਾਨੀ ਤੱਕ ਸੀਮਿਤ ਹੋ ਜਾਂਦਾ ਹੈ।

ਇਹ ਫ਼ਰਕ ਬਹੁਤ ਵੱਡਾ ਹੈ। ਜੇ ਵਿਦਿਆਰਥੀ ਹਰ ਵਾਰ ਜਵਾਬ ਖ਼ੁਦ ਲੱਭਣ ਦੀ ਥਾਂ ਤਿਆਰ ਜਵਾਬ ਲੈ ਲੈਂਦਾ ਹੈ, ਲੇਖਕ ਹਰ ਵਿਚਾਰ ਪਹਿਲਾਂ ਖ਼ੁਦ ਵਿਕਸਿਤ ਕਰਨ ਦੀ ਥਾਂ ਮਸ਼ੀਨ ਤੋਂ ਕੰਟੈਂਟ ਲੈ ਲੈਂਦਾ ਹੈ ਅਤੇ ਪੇਸ਼ੇਵਰ ਹਰ ਵਿਸ਼ਲੇਸ਼ਣ ਪਹਿਲਾਂ ਖ਼ੁਦ ਕਰਨ ਦੀ ਥਾਂ ਮਸ਼ੀਨ ਦੇ ਨਤੀਜੇ ਨੂੰ ਮਨਜ਼ੂਰ ਕਰ ਲੈਂਦਾ ਹੈ, ਤਾਂ ਕੰਮ ਤੇਜ਼ ਹੋ ਸਕਦਾ ਹੈ ਇੱਥੇ ਸੋਚਣ ਦੀ ਕਸਰਤ ਘਟ ਸਕਦੀ ਹੈ।

ਇਸ ਨੂੰ ਸੌਖੀ ਭਾਸ਼ਾ ਵਿੱਚ ਮਾਨਸਿਕ ਬਾਹਰੀਕਰਨ ( ਮੈਂਟਲ ਆਊਟਸੋਰਸਿੰਗ) ਕਿਹਾ ਜਾਂਦਾ ਹੈ— ਭਾਵ ਉਹ ਕੰਮ ਜੋ ਪਹਿਲਾਂ ਦਿਮਾਗ ਕਰਦਾ ਸੀ, ਹੁਣ ਤਕਨਾਲੋਜੀ ਕਰ ਰਹੀ ਹੈ।

ਮੌਜੂਦਾ ਖੋਜ ਦੇ ਆਧਾਰ 'ਤੇ ਇਹ ਕਹਿਣਾ ਵਿਗਿਆਨਕ ਤੌਰ 'ਤੇ ਫਿਲਹਾਲ ਸਹੀ ਨਹੀਂ ਕਿ ਏ ਆਈ (ਕ੍ਰਿਤ੍ਰਿਮ ਬੁੱਧੀ) ਦਿਮਾਗ ਨੂੰ ਖ਼ਰਾਬ, ਅਵੇਸਲਾ ਕਰ ਰਹੀ ਹੈ। ਇਸ ਬਾਰੇ ਲੰਬੇ ਸਮੇਂ ਦੇ ਵੱਡੇ ਅਤੇ ਪੂਰੀ ਤਰ੍ਹਾਂ ਨਿਰਣਾਇਕ ਰਿਸਰਚ ਅਜੇ ਲੋੜੀਂਦੇ ਹਨ।

ਸਾਲ 2025 ਵਿੱਚ ਐਮ.ਆਈ.ਟੀ ਮੀਡੀਆ ਲੈਬ ਨਾਲ ਜੁੜੇ ਇੱਕ ਸ਼ੁਰੂਆਤੀ ਅਧਿਐਨ ਨੇ 54 ਭਾਗੀਦਾਰਾਂ ਨੂੰ ਲਿਖਤੀ ਕੰਮ ਦੌਰਾਨ ਏ ਆਈ (ਕ੍ਰਿਤ੍ਰਿਮ ਬੁੱਧੀ), ਸਰਚ ਇੰਜਣ ਜਾਂ ਬਿਨਾਂ ਕਿਸੇ ਬਾਹਰੀ ਸਾਧਨ ਦੇ ਕੰਮ ਕਰਨ ਵਾਲੇ ਸਮੂਹਾਂ ਵਿੱਚ ਵੰਡ ਕੇ ਦਿਮਾਗੀ ਗਤੀਵਿਧੀ ਦਾ ਅਧਿਐਨ ਕੀਤਾ। ਉਸ ਅਧਿਐਨ ਵਿੱਚ ਏ ਆਈ (ਕ੍ਰਿਤ੍ਰਿਮ ਬੁੱਧੀ) ਦੀ ਵਰਤੋਂ ਕਰਨ ਵਾਲੇ ਸਮੂਹ ਵਿੱਚ ਦਿਮਾਗੀ ਸੰਪਰਕਤਾ ਸਭ ਤੋਂ ਘੱਟ ਦਰਜ ਕੀਤੀ ਗਈ। ਖੋਜਕਰਤਾਵਾਂ ਨੇ ਇਸ ਨੂੰ ਬਾਹਰੀ ਸਹਾਇਤਾ ਵਧਣ ਨਾਲ ਦਿਮਾਗ ਦੀ ਘਟਦੀ ਸਮਰੱਥਾ ਨਾਲ ਜੋੜਿਆ ਹੈ।

ਇਸ ਵਜਾਹ ਨੂੰ ਏਆਈ ਦਿਮਾਗ ਬੰਦ ਕਰ ਦਿੰਦੀ ਹੈ ਵਜੋਂ ਪੇਸ਼ ਕਰਨਾ ਫਿਲਹਾਲ ਗਲਤ ਹੋਵੇਗਾ ਕਿਉਂਕਿ ਇਹ ਐਕਸਪੈਰੀਮੈਂਟ ਸੀਮਤ ਨਮੂਨੇ ਵਾਲਾ ਅਤੇ ਹਾਲੇ ਮੁਢਲੀ ਪੱਧਰ ਦਾ ਹੈ। ਇਸ ਦਾ ਅਸਲ ਸੰਦੇਸ਼ ਚੇਤਾਵਨੀ ਹੈ—ਫ਼ੈਸਲਾ ਨਹੀਂ।

ਏ ਆਈ (ਕ੍ਰਿਤ੍ਰਿਮ ਬੁੱਧੀ) ਦੀ ਸਭ ਤੋਂ ਚਿੰਤਾਜਨਕ ਵਿਸ਼ੇਸ਼ਤਾ ਇਹ ਨਹੀਂ ਕਿ ਇਹ ਕਈ ਵਾਰ ਗਲਤ ਹੁੰਦੀ ਹੈ। ਵੱਡਾ ਖ਼ਤਰਾ ਇਹ ਹੈ ਕਿ ਇਹ ਗਲਤ ਜਵਾਬ ਦੀ ਪੇਸ਼ਕਾਰੀ ਵੀ ਬਹੁਤ ਵਿਸ਼ਵਾਸਯੋਗ ਢੰਗ ਨਾਲ ਕਰ ਸਕਦੀ ਹੈ।

ਜੇ ਮਨੁੱਖ ਆਪਣੀ ਜਾਣਕਾਰੀ, ਤਰਕ ਅਤੇ ਤਜਰਬੇ ਦੀ ਥਾਂ ਮਸ਼ੀਨ ਦੇ ਜਵਾਬ 'ਤੇ ਨਿਰਭਰ ਹੋਣਾ ਸ਼ੁਰੂ ਕਰ ਦੇਵੇ, ਤਾਂ ਮਸ਼ੀਨ ਦੀ ਗਲਤੀ ਹੌਲੀ-ਹੌਲੀ ਮਨੁੱਖ ਦੀ ਗਲਤੀ ਬਣ ਸਕਦੀ ਹੈ।

ਯੂਨੇਸਕੋ ਨੇ ਵੀ ਸਿੱਖਿਆ ਵਿੱਚ ਜਨਰੇਟਿਵ ਏ ਆਈ)ਕ੍ਰਿਤ੍ਰਿਮ ਬੁੱਧੀ) ਬਾਰੇ ਚੇਤਾਵਨੀ ਦਿੰਦਿਆਂ ਕਿਹਾ ਹੈ ਕਿ ਲਿਖਣ ਦੀ ਪ੍ਰਕਿਰਿਆ ਵਿਚਾਰਾਂ ਨੂੰ ਸੰਗਠਿਤ ਕਰਨ ਨਾਲ ਜੁੜੀ ਹੁੰਦੀ ਹੈ ਅਤੇ ਤਿਆਰ ਮਸ਼ੀਨੀ ਲਿਖਤ ਮਨੁੱਖੀ ਸਿੱਖਣ ਅਤੇ ਉੱਚ ਪੱਧਰੀ ਸੋਚ ਦੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਦੀ ਹੈ। ਯੂਨੇਸਕੋ ਮਨੁੱਖੀ ਕੇਂਦਰਿਤ ਅਤੇ ਜ਼ਿੰਮੇਵਾਰ ਵਰਤੋਂ 'ਤੇ ਜ਼ੋਰ ਦਿੰਦਾ ਹੈ।

ਇਸ ਲੇਖ ਦਾ ਦੂਜਾ ਪੱਖ ਵੀ ਉਤਨਾ ਹੀ ਮਹੱਤਵਪੂਰਨ ਹੈ। ਉਹ ਹੈ ਕਿ ਏ ਆਈ ਹਮੇਸ਼ਾ ਸੋਚਣ ਦੀ ਸਮਰੱਥਾ ਘਟਾਉਂਦੀ ਹੈ ਇਹ ਵੀ ਪੂਰੀ ਤਰੀਕੇ ਨਾਲ ਸਹੀ ਨਹੀਂ। ਜੇਕਰ ਏ ਆਈ ਸੂਝ ਬੁੱਝ ਅਤੇ ਕਿਸੇ ਨੁਕਤੇ ਨੂੰ ਪਰਖਣ ਲਈ ਸਹੀ ਢੰਗ ਨਾਲ ਵਰਤੀ ਜਾਵੇ ਤਾਂ ਇਹ ਮਨੁੱਖੀ ਸਮਰੱਥਾ ਕਈ ਗੁਣਾ ਵਧਾ ਸਕਦੀ ਹੈ।

2025 ਦੇ ਇੱਕ ਵੱਡੇ ਖੇਤਰੀ ਅਧਿਐਨ ਵਿੱਚ 66 ਕੰਪਨੀਆਂ ਦੇ 7,137 ਮਹਾਰਤ ਸ਼ੁਦਾ ਕਾਮਿਆਂ ਦਾ ਐਕਸਪੈਰੀਮੈਂਟ ਕੀਤਾ ਗਿਆ। ਏਆਈ ਵਰਤਣ ਵਾਲੇ ਕਰਮਚਾਰੀਆਂ ਵਿੱਚ ਈਮੇਲ 'ਤੇ ਲੱਗਣ ਵਾਲਾ ਸਮਾਂ ਘਟਿਆ ਅਤੇ ਕੰਮ ਦੇ ਕੁਝ ਹਿੱਸੇ ਤੇਜ਼ ਹੋਏ। ਭਾਵ ਏਆਈ ਦਾ ਇੱਕ ਸਪਸ਼ਟ ਲਾਭ ਸਮੇਂ ਦੀ ਬਚਤ ਅਤੇ ਉਤਪਾਦਕਤਾ ਵੀ ਹੈ।

ਇਸ ਲਈ ਹੱਲ ਏਆਈ ਤੋਂ ਦੂਰ ਭੱਜਣਾ ਨਹੀਂ। ਹੱਲ ਹੈ ਏਆਈ ਨੂੰ ਜਵਾਬ ਦੇਣ ਵਾਲੀ ਮਸ਼ੀਨ ਦੀ ਥਾਂ ਸੋਚ ਨੂੰ ਚੁਣੌਤੀ ਦੇਣ ਵਾਲੇ ਸਾਧਨ ਵਜੋਂ ਵਰਤਣਾ।

ਮਿਸਾਲ ਵਜੋਂ, ਏਆਈ ਤੋਂ ਸਿੱਧਾ ਪੁੱਛਣ ਦੀ ਥਾਂ ਇਸ ਦਾ ਜਵਾਬ ਦਿਓ ਇਹ ਪੁੱਛਿਆ ਜਾਣਾ ਚਾਹਿੰਦਾ ਹੈ: ਜਿਵੇਂ

ਮੇਰੇ ਤਰਕ ਵਿੱਚ ਕਿਹੜੀਆਂ ਕਮਜ਼ੋਰੀਆਂ ਹਨ?

ਇਸ ਵਿਚਾਰ ਦੇ ਵਿਰੁੱਧ ਸਭ ਤੋਂ ਮਜ਼ਬੂਤ ਦਲੀਲ ਕੀ ਹੈ?

ਇਸ ਜਾਣਕਾਰੀ ਦੀ ਪੁਸ਼ਟੀ ਕਿਹੜੇ ਭਰੋਸੇਯੋਗ ਸਰੋਤਾਂ ਤੋਂ ਹੋ ਸਕਦੀ ਹੈ?

ਇਸ ਤਰੀਕੇ ਨਾਲ ਮਸ਼ੀਨ ਮਨੁੱਖ ਦੀ ਥਾਂ ਨਹੀਂ ਸੋਚਦੀ; ਉਹ ਮਨੁੱਖ ਨੂੰ ਹੋਰ ਡੂੰਘਾ ਸੋਚਣ ਲਈ ਮਜਬੂਰ ਕਰਦੀ ਹੈ।

ਆਉਣ ਵਾਲੇ ਸਾਲਾਂ ਵਿੱਚ ਸਭ ਤੋਂ ਕੀਮਤੀ ਹੁਨਰ ਸਿਰਫ਼ ਏ ਆਈ (ਕ੍ਰਿਤ੍ਰਿਮ ਬੁੱਧੀ) ਦੀ ਵਰਤੋਂ ਕਰਨਾ ਨਹੀਂ ਸਗੋਂ ਸਭ ਤੋਂ ਕੀਮਤੀ ਹੁਨਰ ਇਹ ਸਮਝ ਹੈ ਕਿ ਕਦੋਂ ਏਆਈ ਦੀ ਮਦਦ ਲੈਣੀ ਹੈ ਅਤੇ ਕਦੋਂ ਆਪਣੇ ਦਿਮਾਗ ਨੂੰ ਖ਼ੁਦ ਕੰਮ ਕਰਨ ਦੇਣਾ ਹੈ। ਮਨੁੱਖੀ ਦਿਮਾਗ ਵੀ ਇੱਕ ਮਾਸਪੇਸ਼ੀ ਹੈ, ਜਿਸ ਦੀ ਜੇਕਰ ਅਸੀਂ ਨਿੱਤ ਕਸਰਤ / ਵਰਤੋਂ ਕਰਾਂਗੇ ਤਾਂ ਉਹ ਹੋਰ ਮਜ਼ਬੂਤ ਹੋਵੇਗਾ ਅਤੇ ਜੇਕਰ ਇਸ ਨੂੰ ਏ ਆਈ ਦੇ ਆਸਰੇ ਛੱਡ ਦੇਵਾਂਗੇ ਤਾਂ ਇਸ ਦੀ ਸਮਰੱਥਾ, ਬੱਲ ਲਗਾਤਾਰ ਘਟੇਗਾ ਅਤੇ ਇਹ ਏ ਆਈ ਦੇ ਆਸਰੇ ਹੀ ਰਹਿ ਜਾਵੇਗਾ।

ਭਵਿੱਖ ਦੀ ਚੁਣੌਤੀ/ ਵੰਗਾਰ ਇਹ ਨਹੀਂ ਹੋਵੇਗਾ ਕਿ ਏਆਈ ਕਿੰਨੀ ਬੁੱਧੀਮਾਨ ਹੈ? ਸਗੋਂ ਇਹ ਹੈ ਕਿ ਏਆਈ ਦੀ ਬੇਮਿਸਾਲ ਬੁੱਧੀ ਦੇ ਯੁੱਗ ਵਿੱਚ ਮਨੁੱਖ ਆਪਣੀ ਸੋਚਣ ਦੀ ਆਜ਼ਾਦੀ ਕਿੰਨੀ ਕੁ ਬਚਾ ਸਕੇਗਾ?

ਸਾਨੂੰ ਕਿਸੇ ਪੱਖੋਂ ਵੀ ਅੰਤਿਮ ਫ਼ੈਸਲਾ ਕਰਨ ਤੋਂ ਪਹਿਲਾਂ ਆਪਣਾ ਦਿਮਾਗ ਖ਼ੁਦ ਵਰਤਣਾ ਹੈ, ਜੇ ਮਸ਼ੀਨ ਸਾਡੇ ਲਈ ਲਿਖੇ, ਸੋਚੇ, ਵਿਸ਼ਲੇਸ਼ਣ ਕਰੇ ਅਤੇ ਫ਼ੈਸਲੇ ਵੀ ਸੁਝਾਏ—ਤਾਂ ਸਾਡੀ ਜ਼ਿੰਮੇਵਾਰੀ, ਹੁਨਰ ਅਤੇ ਕਾਬਲੀਅਤ ਕਿਸੇ ਮਾਇਨੇ ਨਹੀਂ। ਤਕਨੀਕ ਦੀ ਸਹੀ ਵਰਤੋਂ ਮਨੁੱਖ ਨੂੰ ਮਸ਼ੀਨ ਨਾਲ ਤਬਦੀਲ ਕਰਨਾ ਨਹੀਂ, ਸਗੋਂ ਮਸ਼ੀਨ ਦੀ ਮਦਦ ਨਾਲ ਮਨੁੱਖ ਨੂੰ ਹੋਰ ਵੱਧ ਮਨੁੱਖੀ, ਵਿਚਾਰਸ਼ੀਲ ਅਤੇ ਸਮਰੱਥ ਬਣਾਉਣਾ

## ਮੋਹਨ ਕੰਬੋਜ ਤੇ ਐਸ. ਕੁੰਤਲ ਕੰਬੋਜ ਕਰਨਗੇ ਸ੍ਰੀ ਰਾਮਲੀਲਾ ਜੋੜੀਆਂ ਭੱਠੀਆਂ ਦਾ ਨਿਰਦੇਸ਼ਨ

## ਜੋੜੀਆਂ ਭੱਠੀਆਂ ਚੌਕ ਵਿੱਚ 11 ਅਕਤੂਬਰ ਤੋਂ ਹੋਵੇਗਾ ਸ੍ਰੀ ਰਾਮਲੀਲਾ ਦਾ ਸ਼ੁਭ ਆਰੰਭ: ਵਰੁਣ ਜਿੰਦਲ

ਪਟਿਆਲਾ, 26 ਅਗਸਤ
-ਜੀ. ਐਸ. ਤੁੰਗ-

ਜੋੜੀਆਂ ਭੱਠੀਆਂ ਰਾਇਲ ਯੂਥ ਕਲੱਬ ਅਤੇ ਸ੍ਰੀ ਰਾਮਲੀਲਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਵਰੁਣ ਜਿੰਦਲ ਦੀ ਦੇਖ-ਰੇਖ ਹੇਠ ਸ੍ਰੀ ਰਾਮਲੀਲਾ 2026 ਦੇ ਆਯੋਜਨ ਦੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸ ਸਾਲ ਕਲੱਬ ਵੱਲੋਂ ਸ੍ਰੀ ਰਾਮਲੀਲਾ ਦੇ ਨਿਰਦੇਸ਼ਨ ਦੀ ਜ਼ਿੰਮੇਵਾਰੀ ਪਟਿਆਲਾ ਦੇ ਪ੍ਰਸਿੱਧ ਸ੍ਰੀ ਰਾਮਲੀਲਾ ਨਿਰਦੇਸ਼ਕ ਮੋਹਨ ਕੰਬੋਜ ਅਤੇ ਉਨ੍ਹਾਂ ਦੇ ਸਪੁੱਤਰ ਐਸ. ਕੁੰਤਲ ਕੰਬੋਜ ਨੂੰ ਸੌਂਪਣ ਦਾ ਫੈਸਲਾ ਕੀਤਾ ਗਿਆ ਹੈ। ਦੋਵਾਂ ਦੇ ਨਾਮ 'ਤੇ 16 ਅਗਸਤ ਨੂੰ ਕਲੱਬ ਦੇ ਪ੍ਰਧਾਨ ਵਰੁਣ ਜਿੰਦਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਸਰਬਸੰਮਤੀ ਨਾਲ ਸਹਿਮਤੀ ਬਣੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਰੁਣ ਜਿੰਦਲ ਨੇ ਦੱਸਿਆ ਕਿ 11 ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਸ੍ਰੀ ਰਾਮਲੀਲਾ ਦੇ ਨਿਰਦੇਸ਼ਕ ਦੀ ਚੋਣ ਨੂੰ ਲੈ ਕੇ ਕਲੱਬ ਵੱਲੋਂ ਪਿਛਲੇ ਕਈ ਦਿਨਾਂ ਤੋਂ ਮੀਟਿੰਗਾਂ ਦਾ ਦੌਰ ਚੱਲ ਰਿਹਾ ਸੀ। 19 ਜੁਲਾਈ, 26 ਜੁਲਾਈ ਅਤੇ 9 ਅਗਸਤ ਨੂੰ ਬੀਰ ਜੀ ਕਮਿਊਨਿਟੀ ਸੈਂਟਰ, ਜੋੜੀਆਂ ਭੱਠੀਆਂ ਵਿਖੇ ਹੋਈਆਂ ਮੀਟਿੰਗਾਂ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ ਸਮੇਤ ਵੱਖ-ਵੱਖ ਥਾਵਾਂ ਤੋਂ ਸ੍ਰੀ ਰਾਮਲੀਲਾ ਨਿਰਦੇਸ਼ਕਾਂ ਨੂੰ ਸੱਦਾ ਦਿੱਤਾ ਗਿਆ ਸੀ। ਹਾਲਾਂਕਿ, ਕਿਸੇ ਵੀ ਬਾਹਰੀ ਨਿਰਦੇਸ਼ਕ ਨਾਲ ਗੱਲਬਾਤ ਅੰਤਿਮ ਰੂਪ ਨਹੀਂ ਲੈ ਸਕੀ। ਇਸ ਤੋਂ ਬਾਅਦ ਕਲੱਬ ਦੀ ਟੀਮ ਵੱਲੋਂ ਪਟਿਆਲਾ ਦੇ ਪ੍ਰਸਿੱਧ ਸ੍ਰੀ ਰਾਮਲੀਲਾ ਨਿਰਦੇਸ਼ਕ ਮੋਹਨ ਕੰਬੋਜ ਅਤੇ ਐਸ. ਕੁੰਤਲ ਕੰਬੋਜ ਦੇ ਨਾਮ 'ਤੇ ਸਹਿਮਤੀ ਜਤਾਈ ਗਈ।



ਜ਼ਿਕਰਯੋਗ ਹੈ ਕਿ ਮੋਹਨ ਕੰਬੋਜ ਅਤੇ ਐਸ. ਕੁੰਤਲ ਕੰਬੋਜ ਸਾਲ 2015 ਤੋਂ 2020 ਤੱਕ ਜੋੜੀਆਂ ਭੱਠੀਆਂ ਦੀ ਸ੍ਰੀ ਰਾਮਲੀਲਾ ਦਾ ਨਿਰਦੇਸ਼ਨ ਕਰ ਚੁੱਕੇ ਹਨ। ਉਨ੍ਹਾਂ ਦੇ ਨਿਰਦੇਸ਼ਨ ਹੇਠ ਹੋਈ ਸ਼ਾਨਦਾਰ ਮੰਚ ਪੇਸ਼ਕਾਰੀ, ਪ੍ਰਭਾਵਸ਼ਾਲੀ ਅਦਾਕਾਰੀ ਅਤੇ ਬਿਹਤਰੀਨ ਕਲਾਕਾਰਾਂ ਦੀ ਚੋਣ ਸਦਕਾ ਜੋੜੀਆਂ ਭੱਠੀਆਂ ਦੀ ਸ੍ਰੀ ਰਾਮਲੀਲਾ ਨੇ ਪਟਿਆਲਾ ਹੀ ਨਹੀਂ, ਸਗੋਂ ਪੰਜਾਬ ਵਿੱਚ ਵੀ ਆਪਣੀ ਵੱਖਰੀ ਪਛਾਣ ਬਣਾਈ। ਵਰੁਣ ਜਿੰਦਲ ਨੇ ਦੱਸਿਆ ਕਿ ਇਸ ਸਾਲ ਸ੍ਰੀ ਰਾਮਲੀਲਾ ਲਈ ਕਲਾਕਾਰਾਂ ਦੀ ਚੋਣ ਨੂੰ ਲੈ ਕੇ 23 ਅਗਸਤ ਨੂੰ ਆਡੀਸ਼ਨ ਕਰਵਾਏ ਸੀ, ਜਿਸ ਵਿੱਚ ਨਵੇਂ ਅਤੇ ਪੁਰਾਣੇ ਕਈ ਕਲਾਕਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿੱਥੇ ਉਨ੍ਹਾਂ ਦੀ ਪ੍ਰਤਿਭਾ ਨੂੰ ਪਰਖਿਆ ਗਿਆ। ਉਨ੍ਹਾਂ ਦੱਸਿਆ ਕਿ ਸ੍ਰੀ ਰਾਮਲੀਲਾ ਦੇ ਵੱਖ-ਵੱਖ ਪਾਤਰਾਂ ਲਈ ਕਲਾਕਾਰਾਂ ਦੀ ਭਾਲ ਅਜੇ ਵੀ ਜਾਰੀ ਹੈ, ਜੋ ਵੀ ਸ਼ਹਿਰ ਵਾਸੀ ਸ੍ਰੀ ਰਾਮਲੀਲਾ ਵਿੱਚ ਅਦਾਕਾਰੀ ਕਰਨ ਦੇ ਇੱਛੁਕ ਹਨ, ਉਹ ਕਲੱਬ ਨਾਲ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਵਾਰ ਸ੍ਰੀ ਰਾਮਲੀਲਾ ਨੂੰ ਪਹਿਲਾਂ ਨਾਲੋਂ ਹੋਰ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਆਧੁਨਿਕ ਤਕਨਾਲੋਜੀ, ਆਕਰਸ਼ਕ ਮੰਚ ਸਜਾਵਟ, ਬਿਹਤਰ ਅਦਾਕਾਰੀ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਰਾਮਲੀਲਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਭਗਵਾਨ ਸ੍ਰੀ ਰਾਮ ਦੇ ਆਦਰਸ਼ਾਂ, ਮਰਿਆਦਾ, ਸੰਸਕਾਰ ਅਤੇ ਸਨਾਤਨ ਸੱਭਿਆਚਾਰ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਮਾਧਿਅਮ ਹੈ। ਪ੍ਰਧਾਨ ਵਰੁਣ ਜਿੰਦਲ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਰਾਮਲੀਲਾ ਵਿੱਚ ਵੱਧ-ਚੜ੍ਹ ਕੇ ਭਾਗ ਲੈਣ। ਇਸ ਮੌਕੇ ਕਲੱਬ ਦੇ ਸਮੂਹ ਮੈਂਬਰ ਹਾਜ਼ਰ ਰਹੇ।

## ਥਾਪਰ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ ਰੋਟਰੈਕਟ ਕਲੱਬ ਵੱਲੋਂ ਸਕੂਲਾਂ ਅਤੇ ਪਿੰਡਾਂ ਵਿਚ ਮੁਫ਼ਤ ਸੈਨਟਰੀ ਪੈਡ ਵੰਡੇ ਗਏ

ਪਟਿਆਲਾ, 26 ਅਗਸਤ
-ਛਤਰਪਾਲ ਸਿੰਘ-

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਥਾਪਰ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ ਰੋਟਰੈਕਟ ਕਲੱਬ ਦੇ ਸਹਿਯੋਗ ਨਾਲ ਔਰਤਾਂ ਦੀ ਸਿਹਤ ਅਤੇ ਸਵੱਛਤਾ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਮੰਤਵ ਨਾਲ ਸੰਤ ਕ੍ਰਿਪਾਲ ਰੈਜੀਮੈਂਟ ਪਬਲਿਕ ਐਕਡਮੀ ਕਲੱਰਭੈਣੀ ਵਿਖੇ ਲੜਕੀਆਂ ਅਤੇ ਔਰਤਾਂ ਨੂੰ ਮੁਫਤ ਸੈਨਟਰੀ ਪੈਡ ਵੰਡ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੋਸਲਿਗ ਸੈਲ ਪਟਿਆਲਾ ਪੁਲਿਸ ਅਤੇ ਬੀਬੀ ਸੋਹਨਜੀਤ ਕੋਰ ਮੁੱਖੀ ਮਾਤਾ ਗੁਜਰੀ ਸਹਾਰਾ ਟਰੱਸਟ ਕਲੱਰਭੈਣੀ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰਿੰਸੀਪਲ ਭੁਪਿੰਦਰ ਸਿੰਘ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ ਤੇ ਅਭੈ ਪ੍ਰਤਾਪ,ਮੀਨਲ, ਅੰਸ਼,ਅ ਰਿਹਾ, ਸਾਂਭਵੀ, ਅਨੰਨਿਆ, ਤਨਿਸ਼ਕਾ,ਸਾਹਿਰ, ਗੁਰਦਿੱਤ,ਕੇਸ਼ਵ ਪਰਾਸ਼ਰ,ਗੌਰਿਸ਼ ਨਰੰਗ, ਸ਼ਿਵਾਗ ਪੰਤ, ਦ੍ਰਿਸ਼ਟੀ, ਪੀਯੂਸ਼, ਵਿਮਰਸ਼, ਹਿਤਪ੍ਰਿਆ,ਦੀਆ, ਅਰਮਾਨ,ਮਨਨ ਸਾਰੇ ਰੋਟਰੈਕਟ ਕਲੱਬ ਮੈਂਬਰ ਥਾਪਰ ਇੰਸਟੀਚਿਊਟ ਆਫ਼ ਟੈਕਨਾਲੋਜੀ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ,ਗੁਰਮਨਜੋਤ ਕੋਰ, ਗਗਨਪ੍ਰੀਤ ਕੋਰ, ਖੁਸ਼ਪ੍ਰੀਤ ਕੋਰ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਪੇਂਡੂ ਖੇਤਰ ਦੀਆਂ ਔਰਤਾਂ ਅਤੇ ਸਕੂਲੀ ਵਿਦਿਆਰਥਣਾਂ ਨੂੰ ਮਾਹਵਾਰੀ ਸਵੱਛਤਾ ਪ੍ਰਤੀ ਜਾਗਰੂਕ ਕਰਨਾ ਅਤੇ ਉਹਨਾਂ ਦੀਆਂ ਸਿਹਤ ਸਬੰਧੀ ਭਰਮ-ਭੁਲੇਖਿਆਂ ਨੂੰ ਦੂਰ ਕਰਨਾ ਸੀ। ਅੱਜ ਵੀ ਪੇਂਡੂ ਖੇਤਰਾਂ ਵਿੱਚ ਬਹੁਤ ਸਾਰੀਆਂ ਔਰਤਾਂ ਅਤੇ ਲੜਕੀਆਂ ਇਸ ਵਿਸ਼ੇ 'ਤੇ ਖੁੱਲ੍ਹ ਕੇ ਗੱਲ ਨਹੀਂ ਕਰਦੀਆਂ, ਜਿਸ ਕਾਰਨ ਉਹ ਕਈ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੀਆਂ ਹਨ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਸੰਸਥਾਵਾਂ ਵੱਲੋਂ ਇਹ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਰੋਟਰੈਕਟ ਕਲੱਬ ਦੀਆਂ ਮੈਂਬਰਾਂ ਨੇ ਬਹੁਤ ਹੀ ਸਰਲ ਅਤੇ ਸਹਿਜ ਸ਼ਬਦਾਂ ਵਿੱਚ ਮਾਹਵਾਰੀ ਦੌਰਾਨ ਸਾਫ-ਸਫਾਈ ਦਾ ਧਿਆਨ ਕਿਵੇਂ ਰੱਖਣਾ ਹੈ, ਸੈਨੇਟਰੀ ਪੈਡ ਦੀ ਵਰਤੋਂ ਕਿਉਂ ਜ਼ਰੂਰੀ ਹੈ ਅਤੇ ਗੰਦੇ ਕੱਪੜੇ ਦੀ ਵਰਤੋਂ ਨਾਲ ਕਿਹੜੇ ਨੁਕਸਾਨ ਹੋ ਸਕਦੇ ਹਨ, ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਕਿਹਾ ਕਿ ਉਹਨਾਂ ਦਾ ਮੁੱਖ ਟੀਚਾ ਸਿਰਫ ਸਹਾਇਤਾ ਵੰਡਣਾ ਹੀ ਨਹੀਂ, ਸਗੋਂ ਸਮਾਜ ਵਿੱਚ ਜਾਗਰੂਕਤਾ ਲਿਆਉਣਾ ਹੈ। ਉਹਨਾਂ ਕਿਹਾ ਕਿ ਇੱਕ ਸਿਹਤਮੰਦ ਔਰਤ ਹੀ ਇੱਕ ਸਿਹਤਮੰਦ ਸਮਾਜ ਦੀ ਨੀਂਹ ਰੱਖ ਸਕਦੀ ਹੈ। ਜੇਕਰ ਔਰਤ ਤੰਦਰੁਸਤ ਹੋਵੇਗੀ ਤਾਂ ਪੂਰਾ ਪਰਿਵਾਰ ਤੰਦਰੁਸਤ ਰਹੇਗਾ।



## ਮਿਡ-ਡੇ-ਮੀਲ, ਆਂਗਣਵਾੜੀ ਸੈਂਟਰਾਂ ਤੇ ਰਾਸ਼ਨ ਡਿਪੂਆਂ ਦੀ ਚੈਕਿੰਗ ਦੌਰਾਨ ਕਈ ਖਾਮੀਆਂ ਸਾਹਮਣੇ ਆਈਆਂ

ਲੁਧਿਆਣਾ, 26 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ 24 ਅਤੇ 25 ਅਗਸਤ ਨੂੰ ਜ਼ਿਲ੍ਹਾ ਲੁਧਿਆਣਾ ਦਾ ਅਚਨਚੇਤ ਦੌਰਾ ਕਰਕੇ ਨੈਸ਼ਨਲ ਫੂਡ ਸਕਿਓਰਟੀ ਐਕਟ-2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਮਿਡ-ਡੇ-ਮੀਲ ਦੀ ਚੈਕਿੰਗ ਕੀਤੀ ਗਈ, ਜਿੱਥੇ ਚਾਵਲਾਂ ਵਿੱਚ ਸੁਸਰੀ, ਖਰਾਬ ਆਰ.ਓ., ਪਾਣੀ ਦੀ ਗੁਣਵੱਤਾ, ਰਾਸ਼ਨ ਦੀ ਗਲਤ ਸਟੋਰੇਜ ਅਤੇ ਭੋਜਨ ਤਿਆਰ ਕਰਨ ਸਬੰਧੀ ਕਈ ਖਾਮੀਆਂ ਸਾਹਮਣੇ ਆਈਆਂ। ਸਕੂਲ ਆਫ਼ ਐਮੀਨੈਂਸ, ਮੁੰਡੀਆਂ ਕਲਾਂ ਵਿਖੇ ਮਿਡ-ਡੇ-ਮੀਲ ਨਿਰਧਾਰਤ ਸਮੇਂ ਤੋਂ ਪਹਿਲਾਂ ਦਿੱਤੇ ਜਾਣ ਦਾ ਮਾਮਲਾ ਵੀ ਸਾਹਮਣੇ ਆਇਆ।

ਆਂਗਣਵਾੜੀ ਸੈਂਟਰਾਂ ਦੀ ਜਾਂਚ ਦੌਰਾਨ ਮੁੰਡੀਆਂ ਕਲਾਂ ਅਤੇ ਮੁੰਡੀਆਂ ਖੁਰਦ ਦੇ ਸੈਂਟਰਾਂ ਵਿੱਚ ਦੋ ਮਹੀਨਿਆਂ ਤੋਂ ਰਾਸ਼ਨ ਨਾ ਪਹੁੰਚਣ ਦੀ ਗੱਲ ਸਾਹਮਣੇ ਆਈ। ਰਾਸ਼ਨ ਡਿਪੂਆਂ ਦੀ ਚੈਕਿੰਗ ਦੌਰਾਨ ਵੀ ਕਣਕ ਵਿੱਚ ਨਮੀ, ਇੱਕੋ ਦੁਕਾਨ ਵਿੱਚ ਕਈ ਡਿਪੂ ਚੱਲਣ ਅਤੇ ਸ਼ਿਕਾਇਤ ਬਾਕਸ ਤੇ ਜਾਗਰੂਕਤਾ ਬੈਨਰ ਨਾ ਲੱਗੇ ਹੋਣ ਵਰਗੀਆਂ ਖਾਮੀਆਂ ਪਾਈਆਂ ਗਈਆਂ। ਮੈਂਬਰ ਵੱਲੋਂ ਲਾਭਪਾਤਰੀਆਂ ਨੂੰ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਹੈਲਪਲਾਈਨ ਨੰਬਰ 9876764545 ਅਤੇ ਈਮੇਲ punjabfoodcommission@gmail.com ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਨੈਸ਼ਨਲ ਫੂਡ ਸਕਿਓਰਟੀ ਐਕਟ-2013 ਅਧੀਨ ਸਕੀਮਾਂ ਸਬੰਧੀ ਸ਼ਿਕਾਇਤ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕੋਲ ਵੀ ਦਰਜ ਕਰਵਾਈ ਜਾ ਸਕਦੀ ਹੈ।

## ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਪਾਵਰ ਕਾਰਪੋਰੇਸ਼ਨ ਅਤੇ ਟਰਾਂਸਮਿਸ਼ਨ ਕਾਰਪੋਰੇਸ਼ਨ



ਪਟਿਆਲਾ, 26 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਪਾਵਰ ਕਾਰਪੋਰੇਸ਼ਨ ਅਤੇ ਟਰਾਂਸਮਿਸ਼ਨ ਕਾਰਪੋਰੇਸ਼ਨ ਦੀ ਮਹੀਨਾਵਾਰ ਮੀਟਿੰਗ ਸ੍. ਅਮਰਜੀਤ ਸਿੰਘ ਬਾਬਾ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੀ—3, 66 ਕੇ.ਵੀ. ਗਰਿਡ ਕਲੋਨੀ ਪਟਿਆਲਾ ਵਿਖੇ ਹੋਈ। ਜਿਸ ਵਿੱਚ ਪੰਜਾਬ ਦੇ ਵੱਖ—ਵੱਖ ਸਰਕਲਾਂ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰਜ਼ ਤੇ ਸੂਬਾ ਕਮੇਟੀ ਮੈਂਬਰਾਂ ਅਤੇ ਸਰਕਲ ਪ੍ਰਧਾਨਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਸਰਵ ਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਦੇ 18 ਪ੍ਰਤੀਸ਼ਤ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਅਨੁਸਾਰ ਨਾ ਦੇਣ/ ਟਾਲ ਮਟੋਲ ਕਰਨ ਦੀ ਨੀਤੀ ਦੀ ਘੋਰ ਨਿੰਦਿਆ ਕੀਤੀ ਗਈ ਅਤੇ ਮਿਤੀ 27—08—2026 ਨੂੰ ਸਾਰੇ ਪੰਜਾਬ ਦੇ ਸਰਕਲ ਹੈਡ ਕੁਆਟਰਾਂ ਤੇ ਪੰਜਾਬ ਸਰਕਾਰ ਵਿਰੁੱਧ ਰੈਲੀਆਂ / ਅਰਥੀਆਂ ਫੂਕਣ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੀ ਜਾਣਕਾਰੀ ਪ੍ਰੈਸ ਨੂੰ ਜਾਰੀ ਕਰਦੇ ਹੋਏ ਬੀ.ਐਸ. ਸੇਖੋਂ ਜਨਰਲ ਸਕੱਤਰ ਨੇ ਦੱਸਿਆ ਕਿ ਪੰਜਾਬ ਦਾ ਸਮੁੱਚਾ ਮੁਲਾਜਮ ਅਤੇ ਪੈਨਸ਼ਨਰਜ਼ ਪੰਜਾਬ ਸਰਕਾਰ ਦੀਆਂ ਮੁਲਾਜਮ ਵਿਰੋਧੀ ਨੀਤੀਆਂ ਤੋਂ ਤੰਗ ਆ ਚੁੱਕਾ ਹੈ ਅਤੇ ਸਰਵ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਫਰਵਰੀ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਵਿਰੋਧ ਕੀਤਾ ਜਾਵੇਗਾ। ਜੇਕਰ 31 ਅਗਸਤ 2026 ਤੱਕ ਪੰਜਾਬ ਦੇ ਮੁਲਾਜਮਾ ਅਤੇ ਪੈਨਸ਼ਨਰਜ਼ ਦੀਆਂ ਜਾਇਜ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ ਤਾਂ ਸਤੰਬਰ ਦੇ ਪਹਿਲੇ ਹਫਤੇ ਕੋਈ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਮੀਟਿੰਗ ਵਿੱਚ ਬਾਬਾ ਅਮਰਜੀਤ ਸਿੰਘ, ਬੀ.ਐਸ.ਸੇਖੋਂ, ਪਰਮਜੀਤ ਸਿੰਘ ਦਸੂਹਾ, ਐਮ.ਐਲ. ਕਪਿਲਾ, ਬਲਵਿੰਦਰ ਸਿੰਘ ਪਸਿਆਣਾ, ਰਜਿੰਦਰ ਠਾਕੁਰ, ਪਰਮਜੀਤ ਸਿੰਘ ਜਲੰਧਰ, ਹਰਜਿੰਦਰ ਸਿੰਘ ਚੌਹਾਨ, ਮਲਕੀਤ ਸਿੰਘ ਕੰਗ,ਐਚ.ਐਸ.ਕੋਹਲੀ, ਸਤੀਸ਼ ਕੁਮਾਰ, ਬਲਵਿੰਦਰ ਸਿੰਘ ਹਾਜੀਪੁਰ, ਸੁਰਜੀਤ ਸਿੰਘ, ਪਰਵਿੰਦਰ ਸਿੰਘ, ਰਾਮ ਸ਼ਰਨ ਪ੍ਰਾਸ਼ਰ, ਸਰਬਜੀਤ ਸਿੰਘ ਲੰਗ, ਸੁਖਦੇਵ ਸਿੰਘ ਕੈਸ਼ੀਅਰ, ਮਹਿੰਦਰ ਸਿੰਘ ਫਿਰੋਜਪੁਰ, ਗੁਰਚਰਨ ਸਿੰਘ ਪਟਿਆਲਾ, ਗੁਰਦੀਪ ਸਿੰਘ ਆਦਿ ਹਾਜਰ ਸਨ।









Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiala and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807




## ਸੀਟੀ ਯੂਨੀਵਰਸਿਟੀ ਵਿੱਚ ਦਸਤਾਰ ਸਜਾਉਣ ਮੁਕਾਬਲਾ, ਵਿਦਿਆਰਥੀਆਂ ਨੇ ਦਿਖਾਇਆ ਸੱਭਿਆਚਾਰਕ ਮਾਣ

**ਲੁਧਿਆਣਾ, 26 ਅਗਸਤ**
**-ਜਗਮੇਲ ਸਿੰਘ ਢਿਲੋਂ-**

ਸੀਟੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਮਾਣ, ਅਨੁਸ਼ਾਸਨ, ਗਰਿਮਾ ਅਤੇ ਆਪਣੀ ਪਛਾਣ ਪ੍ਰਤੀ ਸਤਿਕਾਰ ਦੀ ਭਾਵਨਾ ਮਜ਼ਬੂਤ ਕਰਨ ਲਈ ਦਸਤਾਰ ਸਜਾਉਣ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਦਸਤਾਰ ਸਜਾਉਣ ਦੀ ਰਵਾਇਤੀ ਕਲਾ, ਸਟੀਕਤਾ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਜੂਨੀਅਰ ਵਰਗ: ਪਹਿਲਾ ਸਥਾਨ ਸੁਖਦੀਪ ਸਿੰਘ, ਦੂਜਾ ਜਸ਼ਨਦੀਪ ਸਿੰਘ ਅਤੇ ਤੀਜਾ ਗਗਨਪ੍ਰੀਤ ਸਿੰਘ ਨੇ ਹਾਸਲ ਕੀਤਾ।

ਸੀਨੀਅਰ ਵਰਗ: ਪਹਿਲਾ ਸਥਾਨ ਜੁਹਾਨ ਸਿੰਘ, ਦੂਜਾ ਪ੍ਰਾਂਸ਼ੂ ਅਤੇ ਤੀਜਾ ਹਰਮਨਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ।



ਡਾ. ਮਨਬੀਰ ਸਿੰਘ, ਪ੍ਰੋ. ਚਾਂਸਲਰ, ਸੀਟੀ ਯੂਨੀਵਰਸਿਟੀ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦਸਤਾਰ ਗਰਿਮਾ, ਜ਼ਿੰਮੇਵਾਰੀ, ਹਿੰਮਤ ਅਤੇ ਮਾਣ ਦਾ ਪ੍ਰਤੀਕ ਹੈ। ਏਰ. ਦਵਿੰਦਰ ਸਿੰਘ, ਡਾਇਰੈਕਟਰ, ਵਿਦਿਆਰਥੀ ਭਲਾਈ ਵਿਭਾਗ ਨੇ ਵੀ ਵਿਦਿਆਰਥੀਆਂ ਦੇ ਉਤਸ਼ਾਹ ਦੀ ਸ਼ਲਾਘਾ ਕੀਤੀ।

ਮੁਕਾਬਲੇ ਨੇ ਵਿਦਿਆਰਥੀਆਂ ਨੂੰ ਆਪਣੀਆਂ ਸੱਭਿਆਚਾਰਕ ਪਰੰਪਰਾਵਾਂ ਨਾਲ ਜੁੜਨ ਅਤੇ ਉਨ੍ਹਾਂ ਨੂੰ ਮਾਣ ਨਾਲ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ।

## ਸਰਕਾਰ ਦੀਆਂ ਹਾਰਮ-ਰਿਡਕਸ਼ਨ ਸਰਵਿਸਿਜ਼ ਪੰਜਾਬ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਦੇ ਰਹੀਆਂ ਹਨ ਹੋਰ ਮਜ਼ਬੂਤੀ

### ਹਾਰਮ-ਰਿਡਕਸ਼ਨ ਪਹੁੰਚ ਤਹਿਤ ਸੰਵੇਦਨਸ਼ੀਲਤਾ, ਇਲਾਜ ਅਤੇ ਮੁੜ ਵਸੇਬੇ ਨੂੰ ਦਿੱਤੀ ਜਾ ਰਹੀ ਹੈ ਤਰਜ਼ੀਹ : ਡਾ. ਬਲਬੀਰ ਸਿੰਘ

**ਚੰਡੀਗੜ੍ਹ 26 ਅਗਸਤ**
**-ਛਤਰਪਾਲ ਸਿੰਘ-**

ਭਗਵੰਤ ਮਾਨ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਾਰਮ-ਰਿਡਕਸ਼ਨ ਸਰਵਿਸਿਜ਼ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਮਹੱਤਵਪੂਰਨ ਹਿੱਸਾ ਹਨ ਅਤੇ ਨਸ਼ਿਆਂ ਦੀ ਸਮੱਸਿਆ ਖ਼ਿਲਾਫ਼ ਸੂਬੇ ਦੀ ਲੜਾਈ ਵਿੱਚ ਅਹਿਮ ਥੰਮ੍ਹ ਵਜੋਂ ਉੱਭਰ ਰਹੀਆਂ ਹਨ।

ਸਬਸਟੈਂਸ ਯੂਜ਼ ਡਿਸਆਰਡਰ (ਐਸਯੂਡੀ) ਤੋਂ ਪੀੜਤ ਲੋਕ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ 547 ਆਊਟਪੇਸ਼ੈਂਟ ਓਪਿਓਇਡ ਅਸਿਸਟਡ ਟ੍ਰੀਟਮੈਂਟ (ਓਓਏਟੀ) ਕੇਂਦਰਾਂ ਅਤੇ ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਵੱਲੋਂ ਚਲਾਏ ਜਾ ਰਹੇ 47 ਓਪਿਓਇਡ ਸਬਸਟੀਟਿਊਸ਼ਨ ਥੈਰੇਪੀ (ਓਐਸਟੀ) ਕੇਂਦਰਾਂ ਦੇ ਨਾਲ-ਨਾਲ ਟਾਰਗੇਟਿਡ ਇੰਟਰਵੈਂਸ਼ਨ ਸੇਵਾਵਾਂ ਰਾਹੀਂ ਹਾਰਮ-ਰਿਡਕਸ਼ਨ ਸਰਵਿਸਿਜ਼ ਦਾ ਲਾਭ ਲੈ ਸਕਦੇ ਹਨ।

ਵਿਸ਼ਵ ਸਿਹਤ ਸੰਗਠਨ (ਡਬਲਯੂਐਚਓ) ਦੇ ਅਨੁਸਾਰ, ਹਾਰਮ-ਰਿਡਕਸ਼ਨ ਸਰਵਿਸਿਜ਼ ਵਿੱਚ ਅਜਿਹੇ ਕਈ ਉਪਾਅ ਸ਼ਾਮਲ ਹਨ, ਜਿਨ੍ਹਾਂ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਲ ਜੁੜੇ ਸਿਹਤ ਅਤੇ ਸਮਾਜਿਕ ਨੁਕਸਾਨਾਂ ਨੂੰ ਘਟਾਉਣਾ ਹੈ, ਜਿਸ ਵਿੱਚ ਐੱਚਆਈਵੀ ਦੀ ਲਾਗ ਵੀ ਸ਼ਾਮਲ ਹੈ। ਸਿਰਫ਼ ਨਸ਼ਿਆਂ ਦੀ ਵਰਤੋਂ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ, ਹਾਰਮ-ਰਿਡਕਸ਼ਨ ਸਰਵਿਸਿਜ਼ ਦੀ ਪਹੁੰਚ ਇਸ ਨਾਲ ਜੁੜੇ ਵੱਖ-ਵੱਖ ਜ਼ੋਖ਼ਮ ਕਾਰਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਦੂਰ ਕਰਨ ਦਾ ਯਤਨ ਕਰਦੀ ਹੈ, ਤਾਂ ਜੋ ਸੰਭਾਵਿਤ ਨੁਕਸਾਨ ਨੂੰ ਘਟਾਇਆ ਜਾ ਸਕੇ। ਪ੍ਰਮਾਣਾਂ ਤੋਂ ਪਤਾ ਲੱਗਾ ਹੈ ਕਿ ਜਦੋਂ ਹਾਰਮ-ਰਿਡਕਸ਼ਨ ਸਰਵਿਸਿਜ਼ ਦੇ ਉਪਾਅ ਲੋੜੀਂਦੇ ਪੱਧਰ ਅਤੇ ਵਿਆਪਕ ਕਵਰੇਜ ਨਾਲ ਲਾਗੂ ਕੀਤੇ ਜਾਂਦੇ ਹਨ, ਤਾਂ ਇਹ ਟੀਕੇ ਰਾਹੀਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਨ ਵਾਲੇ ਲੋਕਾਂ ਵਿੱਚ ਐੱਚਆਈਵੀ ਮਹਾਮਾਰੀ ਨੂੰ ਰੋਕਣ, ਇਸ ਦੀ ਰਫ਼ਤਾਰ



ਨੂੰ ਘਟਾਉਣ ਅਤੇ ਇੱਥੋਂ ਤੱਕ ਕਿ ਇਸ ਨੂੰ ਖ਼ਤਮ ਕਰਨ ਵਿੱਚ ਵੀ ਮਦਦ ਕਰ ਸਕਦੇ ਹਨ। ਇਨ੍ਹਾਂ ਸੇਵਾਵਾਂ ਨਾਲ ਹੈਪੇਟਾਈਟਸ ਬੀ ਅਤੇ ਸੀ ਵਰਗੀਆਂ ਹੋਰ ਖ਼ੂਨ ਰਾਹੀਂ ਫੈਲਣ ਵਾਲੀਆਂ ਲਾਗਾਂ ਦੀ ਰੋਕਥਾਮ, ਓਵਰਡੋਜ਼ ਕਾਰਨ ਹੋਣ ਵਾਲੀਆਂ ਮੌਤਾਂ ਵਿੱਚ ਕਮੀ, ਅਪਰਾਧ ਦੀ ਦਰ ਨੂੰ ਘਟਾਉਣ ਅਤੇ ਸਮਾਜਿਕ ਬਹਿਸ਼ਕਾਰੀ ਨੂੰ ਦੂਰ ਕਰਨ ਵਿੱਚ ਵੀ ਮਦਦ ਮਿਲਦੀ ਹੈ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਨੁਕਸਾਨ ਘਟਾਉਣ ਨੂੰ ਨਸ਼ਿਆਂ ਦੀ ਸਮੱਸਿਆ ਪ੍ਰਤੀ ਸਰਕਾਰ ਦੀ ਵਿਆਪਕ ਰਣਨੀਤੀ ਦਾ ਇੱਕ ਅਹਿਮ ਹਿੱਸਾ ਦੱਸਿਆ ਹੈ। ਡਾ. ਬਲਬੀਰ ਸਿੰਘ ਨੇ ਕਿਹਾ, ਸਾਨੂੰ ਪ੍ਰਭਾਵਿਤ ਲੋਕਾਂ ਪ੍ਰਤੀ ਸੰਵੇਦਨਸ਼ੀਲ ਪਹੁੰਚ ਅਪਣਾਉਣੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਇਲਾਜ ਦੇ ਨਾਲ-ਨਾਲ ਸਨਮਾਨਜਨਕ ਪੁਨਰ-ਏਕੀਰਨ ਲਈ ਲੋੜੀਂਦੇ ਹੁਨਰ ਵੀ ਮੁਹੱਈਆ ਕਰਵਾਉਣੇ ਚਾਹੀਦੇ ਹਨ। ਉਨ੍ਹਾਂ ਨੇ ਸਰਕਾਰ ਦੀ ਇਸ ਪਹੁੰਚ ਨੂੰ ਸਪੱਸ਼ਟ ਕੀਤਾ, ਜਿਸ ਤਹਿਤ ਪ੍ਰਭਾਵਿਤ ਲੋਕਾਂ ਨੂੰ ਇਲਾਜ ਤੋਂ ਦੂਰ ਰਹਿਣ ਦੀ ਬਜਾਏ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਸੂਬੇ ਵਿੱਚ ਹਾਰਮ-ਰਿਡਕਸ਼ਨ ਸਰਵਿਸਿਜ਼ ਸਬੰਧੀ ਸਭ ਤੋਂ ਵੱਡਾ ਪ੍ਰੋਗਰਾਮ 500 ਤੋਂ ਵੱਧ ਓਓਏਟ ਕੇਂਦਰਾਂ ਰਾਹੀਂ ਲਾਗੂ ਕੀਤਾ ਜਾ ਰਿਹਾ ਹੈ, ਜਿੱਥੇ ਮਰੀਜ਼ ਸਰਕਾਰੀ ਮਨੋਚਿਕਿਤਸਕ ਵੱਲੋਂ ਜਾਰੀ ਕੀਤੇ ਨੁਸਖ਼ੇ ਦੇ ਆਧਾਰ 'ਤੇ ਸਲਾਹ-ਮਸ਼ਵਰੇ ਦੇ ਨਾਲ-ਨਾਲ ਓਪਿਓਇਡ ਵਰਤੋਂ ਸਬੰਧੀ ਵਿਗਾੜ ਦੇ ਇਲਾਜ ਅਤੇ ਗੰਭੀਰ ਜਾਂ ਲੰਬੇ ਸਮੇਂ ਦੇ ਦਰਦ ਦੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਦਵਾਈਆਂ ਪ੍ਰਾਪਤ ਕਰ ਸਕਦੇ ਹਨ। ਇਸ ਆਊਟਪੇਸ਼ੈਂਟ ਇਲਾਜ ਰਣਨੀਤੀ ਤਹਿਤ ਬਿਊਪ੍ਰੇਨੋਰਫਿਨ (ਬੀਪੀਐਨ) ਜਾਂ ਬਿਊਪ੍ਰੇਨੋਰਫਿਨ ਅਤੇ ਨੈਲੋਕਸੋਨ ਦੇ ਸੁਮੇਲ ਵਾਲੀ ਦਵਾਈ ਦਿੱਤੀ ਜਾਂਦੀ ਹੈ। ਇਹ ਦਵਾਈ ਲਤ ਪੈਦਾ ਕਰਨ ਵਾਲੇ ਓਪਿਓਇਡ ਪਦਾਰਥਾਂ ਵਾਂਗ ਪ੍ਰਭਾਵ ਪਾਉਂਦੀ ਹੈ, ਪਰ ਲੰਬੇ ਸਮੇਂ ਤੱਕ ਵਰਤੋਂ ਲਈ ਵੀ ਤੁਲਨਾਤਮਕ ਤੌਰ 'ਤੇ ਵਧੇਰੇ ਸੁਰੱਖਿਅਤ ਹੈ।

ਮਰੀਜ਼ ਨਿਰਧਾਰਤ ਖ਼ੁਰਾਕ ਲੈਣ ਲਈ ਰੋਜ਼ਾਨਾ ਓਓਏਟੀ ਕੇਂਦਰਾਂ ਵਿੱਚ ਆਉਂਦੇ ਹਨ। ਨਿਰਧਾਰਤ ਮਾਪਦੰਡ ਪੂਰੇ ਕਰਨ ਵਾਲੇ ਮਰੀਜ਼ਾਂ ਨੂੰ ਕੁਝ ਨਿਰਧਾਰਤ ਦਿਨਾਂ ਲਈ ਘਰ ਲਿਜਾਣ ਵਾਸਤੇ ਦਵਾਈ ਦੀ ਖ਼ੁਰਾਕ ਵੀ ਦਿੱਤੀ ਜਾਂਦੀ ਹੈ। ਏਮਸ ਦਿੱਲੀ ਦੇ ਨੈਸ਼ਨਲ ਡਰੱਗ ਡਿਪੈਂਡੈਂਸ ਟ੍ਰੀਟਮੈਂਟ ਸੈਂਟਰ (ਐਨਡੀਡੀਟੀਸੀ) ਦੇ ਪ੍ਰੋਫੈਸਰ ਡਾ. ਅਤੁਲ ਅੰਬੇਕਰ ਦੇ ਅਨੁਸਾਰ, ਓਪਿਓਇਡ ਸਬਸਟੀਟਿਊਸ਼ਨ ਟ੍ਰੀਟਮੈਂਟ (ਓਐਸਟੀ) ਜਾਂ ਓਪਿਓਇਡ ਐਗੋਨਿਸਟ ਟ੍ਰੀਟਮੈਂਟ ਵਜੋਂ ਜਾਣਿਆ ਜਾਣ ਵਾਲਾ ਇਹ ਇਲਾਜ ਓਪਿਓਇਡ ਨਿਰਭਰਤਾ ਦੇ ਲੰਬੇ ਸਮੇਂ ਦੇ ਇਲਾਜ ਲਈ ਪਹਿਲੀ ਪਸੰਦ ਮੰਨਿਆ ਜਾਂਦਾ ਹੈ।

ਇਲਾਜ ਦੀ ਪ੍ਰਕਿਰਤੀ ਬਾਰੇ ਦੱਸਦਿਆਂ ਡਾ. ਅਤੁਲ ਅੰਬੇਕਰ ਨੇ ਸਪੱਸ਼ਟ ਕੀਤਾ ਕਿ, ਇਸ ਇਲਾਜ ਵਿੱਚ ਦਿੱਤੀ ਜਾਣ ਵਾਲੀ ਦਵਾਈ ਵੀ ਲਤ ਪੈਦਾ ਕਰਨ ਵਾਲੀ ਹੋ ਸਕਦੀ ਹੈ, ਇਸ ਲਈ ਅਕਸਰ ਇਹ ਗਲਤ ਧਾਰਨਾ ਬਣ ਜਾਂਦੀ ਹੈ ਕਿ ਇਸ ਵਿੱਚ ਇੱਕ ਨਸ਼ੇ ਦੀ ਥਾਂ ਦੂਜਾ ਨਸ਼ਾ ਲਿਆ ਜਾ ਰਿਹਾ ਹੈ।

ਲੋਕਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਕਈ ਸਿਹਤ ਸਮੱਸਿਆਵਾਂ ਵਿੱਚ ਲੰਬੇ ਸਮੇਂ ਤੱਕ (ਕਈ ਸਾਲਾਂ ਤੱਕ ਅਤੇ ਸੰਭਵ ਤੌਰ 'ਤੇ ਜ਼ਿੰਦਗੀ ਭਰ) ਰੋਜ਼ਾਨਾ ਦਵਾਈ ਲੈਣੀ ਪੈ ਸਕਦੀ ਹੈ। ਸਿਰਫ਼ ਰੋਜ਼ਾਨਾ ਇੱਕ ਗੋਲੀ ਲੈਣ ਨਾਲ ਕੋਈ ਵਿਅਕਤੀ 'ਨਸ਼ੇ ਦਾ ਆਦੀ' ਨਹੀਂ ਬਣ ਜਾਂਦਾ।

ਇਸ ਪ੍ਰੋਗਰਾਮ ਤਹਿਤ ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਨ ਵਾਲੇ ਲੋਕਾਂ ਨੂੰ ਇਸ ਨਾਲ ਜੁੜੇ ਸਿਹਤ ਜੋਖ਼ਮਾਂ ਬਾਰੇ ਜਾਗਰੂਕ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਇਲਾਜ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਜੋ ਲੋਕ ਅਜੇ ਵੀ ਟੀਕੇ ਰਾਹੀਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਦੇ ਹਨ, ਉਨ੍ਹਾਂ ਨੂੰ ਸਿਹਤ ਟੀਮਾਂ ਸੁਰੱਖਿਅਤ ਢੰਗ ਨਾਲ ਟੀਕਾ ਲਗਾਉਣ ਬਾਰੇ ਸਲਾਹ ਦਿੰਦੀਆਂ ਹਨ। ਇਸ ਵਿੱਚ ਕਿਸੇ ਹੋਰ ਵਿਅਕਤੀ ਵੱਲੋਂ ਵਰਤੀ ਜਾ ਚੁੱਕੀ ਸਰਿੰਜ ਨੂੰ ਦੁਬਾਰਾ ਨਾ ਵਰਤਣ ਅਤੇ ਐੱਚਆਈਵੀ ਤੇ ਹੈਪੇਟਾਈਟਸ ਵਰਗੀਆਂ ਲਾਗਾਂ ਦੇ ਖ਼ਤਰੇ ਨੂੰ ਘਟਾਉਣ ਵਾਲੀਆਂ ਸੁਰੱਖਿਅਤ ਟੀਕਾਕਰਨ ਪ੍ਰਕਿਰਿਆਵਾਂ ਅਪਣਾਉਣ 'ਤੇ ਜ਼ੋਰ ਦਿੱਤਾ ਜਾਂਦਾ ਹੈ। ਸੂਬੇ ਨੇ ਇਲਾਜ ਦੇ ਵਿਕਲਪਾਂ ਦਾ ਵੀ ਵਿਸਥਾਰ ਕੀਤਾ ਹੈ, ਜਿਸ ਵਿੱਚ ਖ਼ਾਸ ਤੌਰ 'ਤੇ ਤਰਲ ਮੈਥਾਡੋਨ ਰਾਹੀਂ ਓਰਲ ਸਬਸਟੀਟਿਊਸ਼ਨ ਥੈਰੇਪੀ ਸ਼ਾਮਲ ਹੈ। ਬਿਊਪ੍ਰੇਨੋਰਫਿਨ ਦੇ ਵਿਕਲਪ ਵਜੋਂ ਛੇ ਸਮਰਪਿਤ ਮੈਥਾਡੋਨ ਕਲੀਨਿਕ ਹੁਣ ਫ਼ਰੀਦਕੋਟ, ਲੁਧਿਆਣਾ, ਪਟਿਆਲਾ, ਗੁਰਦਾਸਪੁਰ, ਮੋਹਾਲੀ ਅਤੇ ਜਲੰਧਰ ਵਿੱਚ ਚੱਲ ਰਹੇ ਹਨ। ਸੂਬਾ ਛੇ ਹੋਰ ਮੈਥਾਡੋਨ ਮੇਨਟੇਨੈਂਸ ਟ੍ਰੀਟਮੈਂਟ ਕੇਂਦਰ ਸਥਾਪਤ ਕਰ ਰਿਹਾ ਹੈ, ਜਿਸ ਨਾਲ ਅਜਿਹੇ ਸਮਰਪਿਤ ਕੇਂਦਰਾਂ ਦੀ ਕੁੱਲ ਗਿਣਤੀ 12 ਹੋ ਜਾਵੇਗੀ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਵਿਸ਼ਵ ਸਿਹਤ ਸੰਗਠਨ (ਡਬਲਯੂਐਚਓ) ਅਤੇ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ (ਐਨਏਸੀਓ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਾਗੂ ਕੀਤੀ ਜਾ ਰਹੀ ਮੈਥਾਡੋਨ ਮੇਨਟੇਨੈਂਸ ਥੈਰੇਪੀ ਲੰਬੇ ਸਮੇਂ ਤੋਂ ਓਪਿਓਇਡ ਨਿਰਭਰਤਾ ਨਾਲ ਜੂਝ ਰਹੇ ਲੋਕਾਂ ਲਈ ਇੱਕ ਪ੍ਰਭਾਵਸ਼ਾਲੀ ਇਲਾਜ ਵਿਕਲਪ ਮੁਹੱਈਆ ਕਰਵਾਉਂਦੀ ਹੈ। ਇਹ ਵਿਆਪਕ ਪਹੁੰਚ ਇਲਾਜ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਅਤੇ ਮਰੀਜ਼ਾਂ ਨੂੰ ਆਪਣੇ ਪਰਿਵਾਰ ਅਤੇ ਸਮਾਜ ਵਿੱਚ ਸਫ਼ਲਤਾਪੂਰਵਕ ਮੁੜ ਸ਼ਾਮਲ ਹੋਣ ਵਿੱਚ ਮਦਦ ਕਰੇਗੀ।

## ਪੰਜਾਬ 'ਚ ਮੀਟਰ ਰੀਡਰਾਂ ਦੀ ਹੜਤਾਲ ਅਤੇ ਸਾਫ਼ਟਵੇਅਰ ਗੜਬੜੀ ਤੋਂ ਬਾਅਦ ਸਰਕਾਰ ਦਾ ਐਕਸ਼ਨ: ਹਜ਼ਾਰਾਂ ਖਪਤਕਾਰਾਂ ਦੇ ਬਿੱਲ 3 ਦਿਨਾਂ 'ਚ ਹੋਣਗੇ ਠੀਕ : ਸੌਂਦ

**ਚੰਡੀਗੜ੍ਹ, 26 ਅਗਸਤ**
**-ਮਨੋਜ ਵਰਮਾ-**

ਪੰਜਾਬ ਦੇ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਸੂਬੇ ਦੇ ਬਿਜਲੀ ਖਪਤਕਾਰਾਂ ਨੂੰ ਆ ਰਹੀਆਂ ਬਿੱਲ ਸਬੰਧੀ ਸਮੱਸਿਆਵਾਂ 'ਤੇ ਅਹਿਮ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਮੀਟਰ ਰੀਡਰਾਂ ਦੀ ਹੜਤਾਲ ਅਤੇ ਬਿਲਿੰਗ ਸਾਫ਼ਟਵੇਅਰ ਵਿੱਚ ਆਈ ਤਕਨੀਕੀ ਖਰਾਬੀ ਕਾਰਨ ਕੁਝ ਖਪਤਕਾਰਾਂ ਨੂੰ ਔਸਤ ਅਤੇ ਵੱਧ ਬਿੱਲ ਪ੍ਰਾਪਤ ਹੋਏ ਸਨ, ਜਿਨ੍ਹਾਂ ਦਾ ਹੁਣ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾ ਰਹਾ ਹੈ।



ਬਿਜਲੀ ਮੰਤਰੀ ਨੇ ਗਣਿਤ ਅਤੇ ਅੰਕੜਿਆਂ ਦੀ ਮਦਦ ਨਾਲ ਸਮਝਾਉਂਦਿਆਂ ਦੱਸਿਆ ਕਿ ਮਈ ਅਤੇ ਜੂਨ ਮਹੀਨੇ ਦੌਰਾਨ ਮੀਟਰ ਰੀਡਰਾਂ ਦੀ ਹੜਤਾਲ ਕਾਰਨ ਨਿਯਮਤ ਮੀਟਰ ਰੀਡਿੰਗ ਨਹੀਂ ਹੋ ਸਕੀ। ਇਸ ਤੋਂ ਬਾਅਦ ਜੁਲਾਈ ਵਿੱਚ ਗਰਮੀ ਦੇ ਪੀਕ ਸੀਜ਼ਨ ਦੌਰਾਨ ਖਪਤ ਵਧਣ 'ਤੇ ਤਿੰਨਾਂ ਮਹੀਨਿਆਂ ਦੀ ਕੁੱਲ ਖਪਤ (ਜਿਵੇਂ 250+250+450 = 950 ਯੂਨਿਟ) ਨੂੰ 3 ਨਾਲ ਤਕਸੀਮ ਕਰਕੇ ਐਵਰੇਜ ਬਿੱਲ (316.6 ਯੂਨਿਟ ਪ੍ਰਤੀ ਮਹੀਨਾ) ਤਿਆਰ ਕਰ ਦਿੱਤਾ ਗਿਆ। ਇਸ ਕਾਰਨ ਖਪਤਕਾਰਾਂ ਦੀ 300 ਯੂਨਿਟ ਪ੍ਰਤੀ ਮਹੀਨਾ ਦੀ ਮੁਫ਼ਤ ਬਿਜਲੀ ਸਬਸਿਡੀ ਦਾ ਹੱਕ ਪ੍ਰਭਾਵਿਤ ਹੋਇਆ। ਉਨ੍ਹਾਂ ਸਪੱਸ਼ਟ ਕੀਤਾ ਕਿ ਪਾਵਰਕਾਮ ਦੇ ਕੁੱਲ 78 ਲੱਖ ਖਪਤਕਾਰਾਂ ਵਿੱਚੋਂ ਸਿਰਫ਼ 63 ਹਜ਼ਾਰ ਖਪਤਕਾਰ ਹੀ ਇਸ ਸਮੱਸਿਆ ਨਾਲ ਪ੍ਰਭਾਵਿਤ ਹੋਏ ਹਨ।

ਮੁੱਖ ਮੰਤਰੀ ਦੀਆਂ ਸਖ਼ਤ ਹਦਾਇਤਾਂ ਦਾ ਹਵਾਲਾ ਦਿੰਦਿਆਂ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ 3 ਕੰਮਕਾਜੀ ਦਿਨਾਂ ਦੇ ਅੰਦਰ-ਅੰਦਰ ਪ੍ਰਭਾਵਿਤ 63 ਹਜ਼ਾਰ ਖਪਤਕਾਰਾਂ ਦੇ ਬਿੱਲ ਬਿਲਕੁਲ ਫ੍ਰੈਸ਼ ਅਤੇ ਸੁਧਾਰ ਕੇ ਜਾਰੀ ਕੀਤੇ ਜਾਣਗੇ। ਮਈ ਅਤੇ ਜੂਨ ਮਹੀਨੇ ਦੀ 300 ਯੂਨਿਟ ਤੋਂ ਘੱਟ ਖਪਤ 'ਤੇ ਪੂਰੀ ਸਬਸਿਡੀ ਦਿੱਤੀ ਜਾਵੇਗੀ ਅਤੇ ਖਪਤਕਾਰਾਂ ਨੂੰ ਸਿਰਫ਼ ਜੁਲਾਈ ਮਹੀਨੇ ਦੀ ਵਾਧੂ ਖਪਤ ਦਾ ਹੀ ਬਿੱਲ ਭਰਨਾ ਹੋਵੇਗਾ। ਜਿਨ੍ਹਾਂ ਨੇ ਬਿੱਲ ਨਹੀਂ ਭਰੇ, ਉਨ੍ਹਾਂ ਨੂੰ 3 ਦਿਨਾਂ 'ਚ ਦਰੁਸਤ ਬਿੱਲ ਭੇਜ ਦਿੱਤੇ ਜਾਣਗੇ। ਜਿਨ੍ਹਾਂ ਨੇ ਬਿੱਲ ਭਰ ਦਿੱਤੇ ਹਨ, ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ, ਵਾਧੂ ਲਏ ਗਏ ਪੈਸੇ ਅਗਲੇ ਬਿਲਿੰਗ ਸਾਈਕਲ ਵਿੱਚ ਐਡਜਸਟ ਕਰ ਦਿੱਤੇ ਜਾਣਗੇ।

ਸੋਸ਼ਲ ਮੀਡੀਆ 'ਤੇ ਆ ਰਹੇ ਵੱਡੇ ਬਿੱਲਾਂ ਦੇ ਦਾਅਵਿਆਂ 'ਤੇ ਬੋਲਦਿਆਂ ਬਿਜਲੀ ਮੰਤਰੀ ਨੇ ਦੱਸਿਆ ਕਿ ਪਾਵਰਕਾਮ ਵੱਲੋਂ ਪੁਰਾਣੇ 'ਸੈਪ' ਸਿਸਟਮ ਤੋਂ ਨਵੇਂ ਬਿਲਿੰਗ ਸਿਸਟਮ 'ਚ ਡੇਟਾ ਮਾਈਗ੍ਰੇਸ਼ਨ ਦੌਰਾਨ ਤਕਨੀਕੀ ਖਰਾਬੀ ਆਈ ਸੀ। ਜਾਂਚ ਵਿੱਚ ਸਾਹਮਣੇ ਆਇਆ ਕਿ 98% ਬਿੱਲ ਬਿਲਕੁਲ ਠੀਕ ਸਨ, ਜਦਕਿ ਸਿਰਫ਼ 2% ਬਿੱਲਾਂ ਵਿੱਚ ਸਾਫ਼ਟਵੇਅਰ ਦੀ ਗਲਤੀ ਕਾਰਨ ਸਮੱਸਿਆ ਆਈ। ਸਰਕਾਰ ਨੇ ਤੁਰੰਤ ਕਾਰਵਾਈ ਕਰਦਿਆਂ, ਸਾਫ਼ਟਵੇਅਰ ਦੇ ਗਲਿਚ (Glitch) ਨੂੰ ਫਿਕਸ ਕਰ ਦਿੱਤਾ ਹੈ। ਸਬੰਧਤ ਕੰਪਨੀ ਨੂੰ 'ਕਾਰਨ ਦੱਸੋ' (Show Cause) ਨੋਟਿਸ ਜਾਰੀ ਕਰਕੇ 5 ਸਾਲਾਂ ਦੇ ਲੀਗਲ ਬਾਂਡ ਤਹਿਤ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਲਾਲ ਸਿੰਘ ਨਗਰ ਵਿੱਚ ਸੜਕ ਨਵੀਨੀਕਰਨ ਦੇ ਕੰਮ ਦਾ ਅਮਰਜੀਤ ਮਹਿਤਾ ਨੇ ਕੀਤਾ ਉਦਘਾਟਨ

**ਬਠਿੰਡਾ, 26 ਅਗਸਤ**
**-ਗੁਰਤੇਜ ਅਤਲਾ-**

ਬਠਿੰਡਾ ਸ਼ਹਿਰ ਨੂੰ ਆਧੁਨਿਕ, ਸੁੰਦਰ ਅਤੇ ਬਿਹਤਰ ਸਹੂਲਤਾਂ ਨਾਲ ਲੈਸ ਸ਼ਹਿਰ ਬਣਾਉਣ ਦੇ ਉਦੇਸ਼ ਨਾਲ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੀ ਅਗਵਾਈ ਹੇਠ ਨਗਰ ਨਿਗਮ ਵੱਲੋਂ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਦਿੱਤੀ ਜਾ ਰਹੀ ਹੈ। ਸ਼ਹਿਰ ਦੀਆਂ ਸੜਕਾਂ ਦੇ ਨਵੀਨੀਕਰਨ ਅਤੇ ਸੁਧਾਰ ਦਾ ਕੰਮ ਵੀ ਜੰਗੀ ਪੱਧਰ 'ਤੇ ਜਾਰੀ ਹੈ। ਇਸੇ ਕੜੀ ਤਹਿਤ ਨਗਰ ਨਿਗਮ ਦੇ ਵਾਰਡ ਨੰਬਰ 30 ਅਧੀਨ ਆਉਂਦੇ ਲਾਲ ਸਿੰਘ ਨਗਰ ਵਿੱਚ ਸੜਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ ਵੱਲੋਂ ਕੀਤੀ ਗਈ।

ਇਸ ਮੌਕੇ ਮਾਰਕੀਟ ਕਮੇਟੀ ਬਠਿੰਡਾ ਦੇ ਚੇਅਰਮੈਨ ਸ੍ਰੀ ਬਲਜੀਤ ਸਿੰਘ ਬੱਲੀ, ਨਗਰ ਨਿਗਮ ਕੌਂਸਲਰ ਸ੍ਰੀ ਕੁਲਵਿੰਦਰ ਸਿੰਘ ਮਾਂਕੜ, ਸ੍ਰੀ ਸੂਬਾ ਸਿੰਘ ਬਰਾੜ, ਸ੍ਰੀ ਸਵਰਾਜ ਖਾਨ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਵਾਸੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਮਰਜੀਤ ਮਹਿਤਾ ਨੇ ਕਿਹਾ ਕਿ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਠਿੰਡਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਦੇ ਨਾਲ-ਨਾਲ ਲੋਕਾਂ ਨੂੰ ਬਿਹਤਰ ਸੜਕਾਂ, ਸਾਫ਼-ਸੁਥਰਾ ਵਾਤਾਵਰਣ ਅਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਪਹਿਲ ਹੈ। ਉਨ੍ਹਾਂ ਕਿਹਾ ਕਿ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦੇ ਨਿਰਦੇਸ਼ਾਂ 'ਤੇ ਲਾਲ ਸਿੰਘ ਨਗਰ ਅਤੇ ਬੀੜ ਰੋਡ ਦੀਆਂ ਸੜਕਾਂ ਦੇ ਸੁਧਾਰ ਲਈ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੜਕਾਂ ਕਿਸੇ ਵੀ ਆਧੁਨਿਕ ਸ਼ਹਿਰ ਦੇ ਵਿਕਾਸ ਦੀ ਬੁਨਿਆਦੀ ਲੋੜ ਹੁੰਦੀਆਂ ਹਨ ਅਤੇ ਇਨ੍ਹਾਂ ਦੀ ਬਿਹਤਰ ਹਾਲਤ ਨਾਲ ਆਮ ਲੋਕਾਂ ਨੂੰ ਆਵਾਜਾਈ ਵਿੱਚ ਸਹੂਲਤ ਮਿਲਣ ਦੇ ਨਾਲ-ਨਾਲ ਇਲਾਕੇ ਦੇ ਵਿਕਾਸ ਨੂੰ ਵੀ ਗਤੀ ਮਿਲਦੀ ਹੈ।

ਸ੍ਰੀ ਮਹਿਤਾ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਦਾ ਉਦੇਸ਼ ਸਿਰਫ਼ ਸੜਕਾਂ ਬਣਾਉਣ ਤੱਕ ਸੀਮਿਤ ਨਹੀਂ, ਸਗੋਂ ਬਠਿੰਡਾ ਨੂੰ ਯੋਜਨਾਬੱਧ, ਸਾਫ਼-ਸੁਥਰੇ, ਸੁੰਦਰ ਅਤੇ ਆਧੁਨਿਕ ਸ਼ਹਿਰ ਵਜੋਂ ਵਿਕਸਤ ਕਰਨਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਸਮੇਂ ਸਿਰ ਕੰਮ ਪੂਰਾ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

## ਰਾਜਧਾਨੀ 'ਚ ਮੀਂਹ ਦੇ ਪਾਣੀ ਕਾਰਨ ਸੜਕਾਂ 'ਤੇ ਟਰੈਫਿਕ ਜਾਮ



**ਨਵੀਂ ਦਿੱਲੀ, 26 ਅਗਸਤ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੌਮੀ ਰਾਜਧਾਨੀ ਵਿੱਚ ਅੱਜ ਪਏ ਭਾਰੀ ਮੀਂਹ ਨੇ ਜਿੱਥੇ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਦਿਵਾਈ, ਉੱਥੇ ਹੀ ਕਈ ਇਲਾਕਿਆਂ ਵਿੱਚ ਪਾਣੀ ਭਰਨ ਕਾਰਨ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ। ਪ੍ਰਾਪਤ ਅੰਕੜਿਆਂ ਅਨੁਸਾਰ ਦੁਪਹਿਰ ਸਵਾ ਇੱਕ ਵਜੇ ਤੱਕ ਜਨਕਪੁਰੀ ਇਲਾਕੇ ਵਿੱਚ ਸਭ ਤੋਂ ਵੱਧ 67 ਐੱਮ ਐੱਮ ਮੀਂਹ ਦਰਜ ਕੀਤਾ ਗਿਆ। ਇਸੇ ਤਰ੍ਹਾਂ ਛਤਰਪੁਰ ਵਿੱਚ 57 ਐੱਮ ਐੱਮ, ਪੀਤਮਪੁਰਾ ਵਿੱਚ 35 ਐੱਮ ਐੱਮ ਅਤੇ ਸਫਦਰਜੰਗ ਵਿੱਚ 29 ਐੱਮ ਐੱਮ ਮੀਂਹ ਪਿਆ। ਇਸ ਤੋਂ ਪਹਿਲਾਂ ਸਵੇਰੇ ਸਾਢੇ ਅੱਠ ਤੋਂ ਸਾਢੇ ਗਿਆਰਾਂ ਵਜੇ ਦਰਮਿਆਨ ਵੀ ਛਤਰਪੁਰ, ਲੋਧੀ ਰੋਡ ਅਤੇ ਪੀਤਮਪੁਰਾ ਤੋਂ ਇਲਾਵਾ ਰਿਜ ਵਿੱਚ 5 ਐੱਮ ਐੱਮ, ਮਯੂਰ ਵਿਹਾਰ ਵਿੱਚ 1.5 ਐੱਮ ਐੱਮ, ਸਫਦਰਜੰਗ ਵਿੱਚ 1 ਐੱਮ ਐੱਮ ਅਤੇ ਆਇਆਨਗਰ ਵਿੱਚ 0.1 ਐੱਮ ਐੱਮ ਮੀਂਹ ਪਿਆ ਸੀ।

ਮੀਂਹ ਕਾਰਨ ਸ਼ਹਿਰ ਦੇ ਕਈ ਅਹਿਮ ਰਸਤਿਆਂ ਉੱਤੇ ਲੱਕ ਤੱਕ ਪਾਣੀ ਭਰ ਗਿਆ ਜਿਸ ਕਾਰਨ ਲੰਬੇ ਟ੍ਰੈਫਿਕ ਜਾਮ ਲੱਗ ਗਏ। ਲੁਟੀਅਨਜ਼ ਦਿੱਲੀ ਦੇ ਕੁਝ ਹਿੱਸਿਆਂ, ਮਥੁਰਾ ਰੋਡ, ਕਨਾਟ ਪਲੇਸ, ਭੈਰੋਂ ਮਾਰਗ, ਆਈ ਟੀ ਓ ਅਤੇ ਜ਼ਖੀਰਾ ਅੰਡਰਪਾਸ ਨੇੜੇ ਪਾਣੀ ਜਮ੍ਹਾਂ ਹੋਣ ਕਾਰਨ ਵਾਹਨਾਂ ਦੀ ਰਫ਼ਤਾਰ ਰੁਕ ਗਈ। ਸੋਸ਼ਲ ਮੀਡੀਆ ਉੱਤੇ ਸਾਹਮਣੇ ਆਈਆਂ ਵੀਡੀਓਜ਼ ਵਿੱਚ ਦੇਖਿਆ ਜਾ ਸਕਦਾ ਹੈ ਕਿ ਸੰਗਮ ਵਿਹਾਰ ਇਲਾਕੇ ਵਿੱਚ ਕਰੀਬ ਇੱਕ ਦਰਜਨ ਵਿਦਿਆਰਥੀ ਲੱਕ ਤੱਕ ਭਰੇ ਪਾਣੀ ਵਿੱਚੋਂ ਲੰਘਣ ਲਈ ਮਜਬੂਰ ਹੋਏ।

ਇਸੇ ਤਰ੍ਹਾਂ ਪੁਰਾਣੀ ਦਿੱਲੀ ਦੇ ਸਦਰ ਬਾਜ਼ਾਰ ਵਿੱਚ ਵੀ ਲੋਕਾਂ ਨੂੰ ਡੂੰਘੇ ਪਾਣੀ ਵਿੱਚੋਂ ਲੰਘਣਾ ਪਿਆ। ਕਮਲਾ ਨਗਰ ਮਾਰਕੀਟ ਦੀਆਂ ਸੜਕਾਂ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬ ਗਈਆਂ। ਸਰਾਏ ਕਾਲੇ ਖਾਂ, ਮਥੁਰਾ ਰੋਡ ਅਤੇ ਦਵਾਰਕਾ ਐਕਸਪ੍ਰੈਸਵੇਅ ਉੱਤੇ ਵਾਹਨ ਚਾਲਕਾਂ ਨੇ ਭਾਰੀ ਜਾਮ ਦੀਆਂ ਸ਼ਿਕਾਇਤਾਂ ਕੀਤੀਆਂ। ਨਿਊ ਅਸ਼ੋਕ ਨਗਰ ਮੈਟਰੋ ਸਟੇਸ਼ਨ, ਬੁਰਾੜੀ, ਸੀ ਆਰ ਪਾਰਕ, ਭਲਸਵਾ ਅਤੇ ਅਲਕਨੰਦਾ ਇਲਾਕੇ ਵਿੱਚ ਵੀ ਪਾਣੀ ਭਰਨ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸੰਸਦ ਮਾਰਗ ਅਤੇ ਸ਼ਿਵਾਜੀ ਸਟੇਡੀਅਮ ਨੇੜੇ ਵੀ ਹਾਲਾਤ ਅਜਿਹੇ ਹੀ ਰਹੇ। ਮੀਂਹ ਕਾਰਨ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਹੈ।

ਨਵੀਂ ਦਿੱਲੀ (ਪੱਤਰ ਪ੍ਰੇਰਕ): ਕੌਮੀ ਰਾਜਧਾਨੀ ਦਿੱਲੀ ਵਿੱਚ ਅੱਜ ਪਏ ਭਾਰੀ ਮੀਂਹ ਦੌਰਾਨ ਚਾਂਦਨੀ ਮਹਿਲ ਇਲਾਕੇ ਵਿੱਚ ਖਸਤਾਹਾਲ ਇਮਾਰਤ ਦਾ ਵੱਡਾ ਹਿੱਸਾ ਡਿੱਗ ਗਿਆ। ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਤੋਂ ਤਾਂ ਬਚਾਅ ਰਿਹਾ ਪਰ ਮਲਬੇ ਹੇਠਾਂ ਆਉਣ ਕਾਰਨ ਤਿੰਨ-ਚਾਰ ਦੋਪਹੀਆ ਵਾਹਨ ਨੁਕਸਾਨੇ ਗਏ। ਪੁਲੀਸ ਅਨੁਸਾਰ ਪਹਾੜੀ ਭੋਜਲਾ ਸਥਿਤ ਇਮਾਰਤ ਨੰਬਰ 1569 ਦੇ ਡਿੱਗਣ ਦੀ ਸੂਚਨਾ ਪੀ ਸੀ ਆਰ ਕਾਲ ਰਾਹੀਂ ਚਾਂਦਨੀ ਮਹਿਲ ਥਾਣੇ ਨੂੰ ਮਿਲੀ ਸੀ। ਸੂਚਨਾ ਮਿਲਦਿਆਂ ਹੀ ਪੁਲੀਸ ਟੀਮ ਨੇ ਮੌਕੇ ਉੱਤੇ ਪਹੁੰਚ ਕੇ ਸਭ ਤੋਂ ਪਹਿਲਾਂ ਇਲਾਕੇ ਨੂੰ ਆਪਣੇ ਘੇਰੇ ਵਿੱਚ ਲਿਆ। ਇਸ ਮਗਰੋਂ ਮੌਕੇ ਉੱਤੇ ਮੌਜੂਦ ਲੋਕਾਂ ਨੂੰ ਤੁਰੰਤ ਸੁਰੱਖਿਅਤ ਥਾਵਾਂ ਉੱਤੇ ਭੇਜਿਆ ਗਿਆ ਅਤੇ ਮਲਬੇ ਹੇਠਾਂ ਦੱਬੇ ਵਾਹਨਾਂ ਨੂੰ ਬਾਹਰ ਕੱਢਿਆ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਦਿੱਲੀ ਨਗਰ ਨਿਗਮ ਵੱਲੋਂ ਇਸ ਇਮਾਰਤ ਦੀ ਖਸਤਾ ਹਾਲਤ ਸਬੰਧੀ ਪਹਿਲਾਂ ਹੀ ਨੋਟਿਸ ਜਾਰੀ ਕੀਤਾ ਜਾ ਚੁੱਕਿਆ ਸੀ। ਹਾਦਸੇ ਸਮੇਂ ਇਮਾਰਤ ਵਿੱਚ ਮੁਰੰਮਤ ਦਾ ਕੰਮ ਚੱਲ ਰਿਹਾ ਸੀ। ਪੁਲੀਸ ਵੱਲੋਂ ਨਗਰ ਨਿਗਮ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਦਿੱਲੀ ਦੇ ਕਈ ਹਿੱਸਿਆਂ ਵਿੱਚ ਭਾਰੀ ਮੀਂਹ ਕਾਰਨ ਪਾਣੀ ਭਰਨ ਅਤੇ ਟਰੈਫਿਕ ਜਾਮ ਵਰਗੀਆਂ ਸਮੱਸਿਆਵਾਂ ਆ ਰਹੀਆਂ ਹਨ।

## ਐਸ.ਸੀ. ਵਿਦਿਆਰਥੀਆਂ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਜਾਗਰੂਕਤਾ ਮੁਹਿੰਮ ਦੇ ਹੁਕਮ : ਡਾ. ਬਲਜੀਤ ਕੌਰ

**ਚੰਡੀਗੜ੍ਹ, 26 ਅਗਸਤ**
**-ਜੀ. ਐਸ. ਤੁੰਗ-**

ਅਨੁਸੂਚਿਤ ਜਾਤੀ (ਐਸ.ਸੀ.) ਵਿਦਿਆਰਥੀਆਂ ਲਈ ਅਕਾਦਮਿਕ ਸੈਸ਼ਨ 2026-27 ਦੀ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ, ਜੋ ਕਿ 1 ਜੁਲਾਈ, 2026 ਤੋਂ ਨੈਸ਼ਨਲ ਸਕਾਲਰਸ਼ਿਪ ਪੋਰਟਲ (NSP) ਰਾਹੀਂ ਕਾਰਜਸ਼ੀਲ ਹੈ, ਦੀ ਵੱਧ ਤੋਂ ਵੱਧ ਪਹੁੰਚ ਯਕੀਨੀ ਬਣਾਉਣ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਸੂਬੇ ਭਰ ਵਿੱਚ ਵਿਸ਼ੇਸ਼ ਜਾਗਰੂਕਤਾ ਅਤੇ ਸਹਾਇਤਾ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਵਿਦਿਆਰਥੀ ਜਾਣਕਾਰੀ ਦੀ ਘਾਟ, ਪ੍ਰਕਿਰਿਆ ਸਬੰਧੀ ਮੁਸ਼ਕਿਲ ਜਾਂ ਤਕਨੀਕੀ ਸਮੱਸਿਆ ਕਾਰਨ ਸਕਾਲਰਸ਼ਿਪ ਦੇ ਲਾਭ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਚੇਰੀ ਸਿੱਖਿਆ ਨੂੰ ਹਰ ਵਰਗ ਤੱਕ ਪਹੁੰਚਯੋਗ, ਬਰਾਬਰੀ ਵਾਲੀ ਅਤੇ ਕਿਫਾਇਤੀ ਬਣਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਡਾ. ਬਲਜੀਤ ਕੌਰ ਨੇ ਕਿਹਾ ਕਿ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਤੰਗੀ ਕਿਸੇ ਵੀ ਵਿਦਿਆਰਥੀ ਦੇ ਉੱਚ ਸਿੱਖਿਆ ਹਾਸਲ ਕਰਨ ਦੇ ਸੁਪਨਿਆਂ ਵਿੱਚ ਰੁਕਾਵਟ ਨਾ ਬਣੇ। ਉਨ੍ਹਾਂ ਸਮੂਹ ਯੋਗ ਐਸ.ਸੀ. ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਖਰੀ ਮਿਤੀ ਤੋਂ ਪਹਿਲਾਂ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਕੇ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਨਵੀਂ ਆਨਲਾਈਨ ਅਰਜ਼ੀ ਪ੍ਰਕਿਰਿਆ ਦੌਰਾਨ ਵਿਦਿਆਰਥੀਆਂ ਦੀ ਸਹੂਲਤ ਲਈ ਮੰਤਰੀ ਨੇ ਵਿਸ਼ੇਸ਼ ਹੈਲਪਡੈਸਕ ਈ-ਮੇਲ pms.nspqueriesB@BF@gmail.com ਜਾਰੀ ਕੀਤੀ। ਉਨ੍ਹਾਂ ਕਿਹਾ ਕਿ ਨੈਸ਼ਨਲ ਸਕਾਲਰਸ਼ਿਪ ਪੋਰਟਲ ਰਾਹੀਂ ਅਪਲਾਈ ਕਰਨ ਸਮੇਂ ਆ ਰਹੀਆਂ ਤਕਨੀਕੀ ਜਾਂ ਪ੍ਰਕਿਰਿਆ ਸਬੰਧੀ ਸਮੱਸਿਆਵਾਂ ਨੂੰ ਇਸ ਈ-ਮੇਲ ਰਾਹੀਂ ਭੇਜਿਆ ਜਾ ਸਕਦਾ ਹੈ, ਜਿਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਲਈ ਪਾਰਦਰਸ਼ੀ, ਸੁਚਾਰੂ ਅਤੇ ਸੁਵਿਧਾਜਨਕ ਅਰਜ਼ੀ ਪ੍ਰਕਿਰਿਆ ਯਕੀਨੀ ਬਣਾਉਣਾ ਹੈ।



ਸਕੀਮ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਡਾ. ਬਲਜੀਤ ਕੌਰ ਨੇ ਸਮੂਹ ਜ਼ਿਲ੍ਹਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਅਧਿਕਾਰੀਆਂ ਨੂੰ ਸ਼ਹਿਰੀ, ਪੇਂਡੂ ਅਤੇ ਦੂਰ-ਦੁਰਾਡੇ ਖੇਤਰਾਂ ਵਿੱਚ ਵਿਸ਼ੇਸ਼ ਜਾਗਰੂਕਤਾ-ਕਮ-ਸਹਾਇਤਾ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਯੋਗ ਵਿਦਿਆਰਥੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਆਨਲਾਈਨ ਅਰਜ਼ੀ ਪ੍ਰਕਿਰਿਆ ਦੇ ਹਰ ਪੜਾਅ 'ਤੇ ਸਹਾਇਤਾ ਪ੍ਰਦਾਨ ਕਰਨ ਅਤੇ ਮੁਹਿੰਮ ਦੀ ਨਿਗਰਾਨੀ ਕਰਨ।

ਮੰਤਰੀ ਨੇ ਉਚੇਰੀ ਸਿੱਖਿਆ, ਮੈਡੀਕਲ ਸਿੱਖਿਆ ਤੇ ਖੋਜ, ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਸਕੂਲ ਸਿੱਖਿਆ ਅਤੇ ਪਸ਼ੂ ਪਾਲਣ ਵਿਭਾਗਾਂ ਦੇ ਡਾਇਰੈਕਟਰਾਂ ਸਮੇਤ ਸਾਰੀਆਂ ਯੂਨੀਵਰਸਿਟੀਆਂ, ਕਾਲਜਾਂ ਅਤੇ ਸਬੰਧਤ ਵਿੱਦਿਅਕ ਸੰਸਥਾਵਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਵਿਦਿਆਰਥੀਆਂ ਨੂੰ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਵਿੱਚ ਪੂਰਾ ਸਹਿਯੋਗ ਦੇਣ।

ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਅਤੇ ਸੰਸਥਾਵਾਂ ਦੇ ਸਾਂਝੇ ਯਤਨਾਂ ਨਾਲ ਹੀ ਸਕੀਮ ਦਾ ਵੱਧ ਤੋਂ ਵੱਧ ਲਾਭ ਯੋਗ ਵਿਦਿਆਰਥੀਆਂ ਤੱਕ ਪਹੁੰਚਾਇਆ ਜਾ ਸਕਦਾ ਹੈ।

ਪਾਰਦਰਸ਼ਤਾ, ਜਵਾਬਦੇਹੀ ਅਤੇ ਸਮੇਂ ਸਿਰ ਕਾਰਵਾਈ ਯਕੀਨੀ ਬਣਾਉਣ ਲਈ ਵਿਭਾਗ ਵੱਲੋਂ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ (ਸੈਸ਼ਨ 2026-27) ਲਈ ਹੇਠ ਲਿਖਿਆ ਸਮਾਂ-ਬੱਧ ਸ਼ਡਿਊਲ ਜਾਰੀ ਕੀਤਾ ਗਿਆ ਹੈ:

ਸਕੀਮ ਦਾ ਸਮਾਂ-ਬੱਧ ਸ਼ਡਿਊਲ

- ਸਕਾਲਰਸ਼ਿਪ ਪੋਰਟਲ ਕਾਰਜਸ਼ੀਲ ਹੋਣ ਦੀ ਮਿਤੀ: 1 ਜੁਲਾਈ, 2026
- ਵਿਦਿਆਰਥੀਆਂ ਵੱਲੋਂ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ: 15 ਨਵੰਬਰ, 2026
- ਨੁਕਸਦਾਰ ਅਰਜ਼ੀਆਂ ਦੀ ਸੋਧ ਦੀ ਆਖਰੀ ਮਿਤੀ: 30 ਨਵੰਬਰ, 2026
- ਸੰਸਥਾ ਪੱਧਰ 'ਤੇ ਪੜਤਾਲ ਦੀ ਆਖਰੀ ਮਿਤੀ: 30 ਨਵੰਬਰ, 2026
- DNO/SNO/MNO ਪੱਧਰ 'ਤੇ ਅੰਤਿਮ ਪੜਤਾਲ: 15 ਦਸੰਬਰ, 2026

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਦਾ ਉਦੇਸ਼ ਹਰ ਯੋਗ ਐਸ.ਸੀ. ਵਿਦਿਆਰਥੀ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਉੱਚ ਸਿੱਖਿਆ ਦੇ ਮੌਕੇ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਾਰੇ ਵਿਭਾਗਾਂ, ਵਿੱਦਿਅਕ ਸੰਸਥਾਵਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਾਂਝੇ ਯਤਨਾਂ ਨਾਲ ਕੋਈ ਵੀ ਯੋਗ ਵਿਦਿਆਰਥੀ ਇਸ ਮਹੱਤਵਪੂਰਨ ਸਕੀਮ ਦੇ ਲਾਭ ਤੋਂ ਵਾਂਝਾ ਨਹੀਂ ਰਹੇਗਾ।

SEA DESIGN COMPANY
Customized and Designer
- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala

# ਭਾਨਰਾ ਵਿਖੇ ਗੁਰਧਿਆਨ ਸਿੰਘ ਭਾਨਰੀ ਅਤੇ ਹਰਿਆਊ ਨੂੰ ਕੀਤਾ ਸਨਮਾਨਤ; ਆਪ ਸਰਕਾਰ ਦੀ ਨਾਲਾਇਕੀ ਕਾਰਨ ਪੰਜਾਬ ਕਰਜ਼ੇ ਦੀ ਜਕੜ 'ਚ: ਹਰਿਆਊ



ਪਟਿਆਲਾ, 26 ਅਗਸਤ
-ਬਲਜੀਤ ਸਰਨਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਿੰਡ ਭਾਨਰਾ ਵਿਖੇ ਸਰਕਲ ਪ੍ਰਧਾਨ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਥਾਪੇ ਨਵੇਂ ਕੋਰ ਕਮੇਟੀ ਮੈਂਬਰ ਗੁਰਧਿਆਨ ਸਿੰਘ ਭਾਨਰੀ ਅਤੇ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਹਰਿਆਊ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਸੂਬੇ ਅੰਦਰ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਂਦੀ ਜਾ ਸਕੇ। ਉਨ੍ਹਾਂ ਕਿਹਾ ਕਿ ਜਿਸ ਦਿਨ ਤੋਂ ਆਮ ਆਦਮੀ ਪਾਰਟੀ ਦੀ ਸੂਬੇ ਅੰਦਰ ਸੱਤਾ ਸੰਭਾਲੀ ਹੈ, ਉਸ ਦਿਨ ਤੋਂ ਪੰਜਾਬ ਸਿਰ ਕਰਜ਼ੇ ਦੀ ਪੰਡ ਹੋਰ ਭਾਰੀ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਫੂਕ ਨਿਕਲ ਚੁੱਕੀ ਹੈ। ਨਿੱਤ ਦਿਨ ਸਮੈਕ ਦੇ ਨਸ਼ੇ ਨਾਲ ਧੁੱਤ ਵਿਅਕਤੀ ਦਿਨ ਵੇਲੇ ਹੀ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਦੇਖੇ ਜਾ ਸਕਦੇ ਹਨ। ਇਸ ਮੌਕੇ ਗੁਰਧਿਆਨ ਸਿੰਘ ਭਾਨਰੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਸੇਵਾ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਜਾਗਰੂਕਤਾ ਮੁਹਿੰਮ ਵੀ ਆਰੰਭੀ ਜਾਵੇਗੀ।

ਭਾਨਰੀ ਨੇ ਕਿਹਾ ਕਿ ਜਿਹੜੀ ਸਰਕਾਰ ਨਸ਼ੇ ਨੂੰ ਖਤਮ ਕਰਨ ਦੇ ਵਾਅਦੇ ਨਾਲ ਸੱਤ ਵਿਚ ਆਈ ਸੀ, ਉਹ ਵਾਅਦਾ ਵੀ ਵਫਾ ਨਹੀਂ ਹੋਇਆ। ਬਾਕੀ ਚੋਣ ਮੈਨੀਫੈਸਟੋ ਵਾਲੇ ਵਾਅਦੇ ਕਿਥੋ ਪੂਰੇ ਹੋਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਕੀਤੇ ਗਏ ਕਾਰਜਾਂ ਨੂੰ ਲੋਕ ਅੱਜ ਵੀ ਯਾਦ ਕਰਦੇ ਹਨ ਤਾਂ ਹੀ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਨੂੰ ਸੱਤ ਵਿਚ ਦੇਖਣ ਲਈ ਉਤਾਵਲੇ ਹਨ। ਇਸ ਮੌਕੇ ਹੈਪੀ ਮੈਣ, ਕਰਨਵੀਰ ਸਿੰਘ ਭਾਨਰੀ, ਅਮਰਜੀਤ ਸਿੰਘ ਟੋਡਰਪੁਰ, ਅਜੈਬ ਸਿੰਘ ਮੱਲੀ, ਨਿਸ਼ਾਨ ਸਿੰਘ ਸੰਧੂ, ਜਸਵੀਰ ਸਿੰਘ ਜੱਸੀ, ਹਰਬੰਸ ਸਿੰਘ, ਹਰਵਿੰਦਰ ਸਿੰਘ, ਕੁਲਦੀਪ ਸਿੰਘ, ਗੁਰਸੰਤ ਸਿੰਘ, ਸਤਗੁਰ ਸਿੰਘ, ਹਰਦਿਆਲ ਸਿੰਘ ਭਾਨਰਾ ਤੇ ਮਨਪ੍ਰੀਤ ਸਿੰਘ ਸਵਾਜਪੁਰ ਵੀ ਹਾਜ਼ਰ ਸਨ।

# ਸਿੱਖ ਬੀਬੀਆਂ ਦਾ ਉੱਚਾ ਜੀਵਨ ਸਮੇਂ ਦੀ ਚਾਲ ਨੂੰ ਬਦਲਦਾ ਆਇਆ ਹੈ: ਸੰਤ ਬਾਬਾ ਅਮੀਰ ਸਿੰਘ



ਲੁਧਿਆਣਾ, 26 ਅਗਸਤ
-ਜਗਮੇਲ ਸਿੰਘ ਢਿਲੋਂ-

ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਅਤੇ ਕੈਨੇਡਾ ਦੀਆਂ ਉੱਘੀਆਂ ਸ਼ਖ਼ਸੀਅਤਾਂ ਦੇ ਇੱਕ ਵਫ਼ਦ ਨੇ ਅੱਜ ਕੈਨੇਡਾ ਦੇ ਬਰੈਂਪਟਨ ਵਿਖੇ ਉਨ੍ਹਾਂ ਦੇ ਬਰੈਂਪਟਨ ਸੈਂਟਰ ਹਲਕੇ ਦੇ ਦਫ਼ਤਰ ਵਿੱਚ ਸੰਸਦ ਮੈਂਬਰ ਅਮਨਦੀਪ ਕੌਰ ਸੋਢੀ ਨਾਲ ਮੁਲਾਕਾਤ ਕੀਤੀ। ਵਫ਼ਦ ਦੀ ਅਗਵਾਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਪਵਨ ਦੀਵਾਨ ਅਤੇ ਸ਼ਹੀਦ ਭਗਤ ਸਿੰਘ ਨਗਰ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਸਤਵੀਰ ਸਿੰਘ ਪੱਲੀਝਿੱਕੀ ਨੇ ਕੀਤੀ। ਵਫ਼ਦ ਵਿੱਚ ਲਿਬਰਲ ਪਾਰਟੀ ਆਫ ਕੈਨੇਡਾ ਦੇ ਨੈਸ਼ਨਲ ਵਾਈਸ-ਪ੍ਰੈਜ਼ੀਡੈਂਟ ਹਰਦਮ ਮਾਂਗਟ, ਅਮਰਪ੍ਰੀਤ ਔਲਖ, ਯਾਦਵਿੰਦਰ ਸੋਢੀ ਅਤੇ ਅਜੀਤ ਸੋਢੀ ਵੀ ਸ਼ਾਮਲ ਸਨ। ਸੰਸਦ ਮੈਂਬਰ ਅਮਨਦੀਪ ਕੌਰ ਸੋਢੀ ਨਾਲ ਹੋਈ ਇਹ ਮੀਟਿੰਗ ਬੇਹੱਦ ਵਧੀਆ ਰਹੀ ਅਤੇ ਇਸ ਦੌਰਾਨ ਉਸਾਰੂ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ, ਦੀਵਾਨ ਅਤੇ ਸਤਵੀਰ ਨੇ ਕਿਹਾ ਕਿ ਇਸ ਦੌਰਾਨ ਭਾਰਤ-ਕੈਨੇਡਾ ਸਬੰਧਾਂ 'ਤੇ ਵਿਸਥਾਰਪੂਰਵਕ ਚਰਚਾ ਹੋਈ ਹੈ। ਖਾਸ ਤੌਰ 'ਤੇ ਦੋਵਾਂ ਦੇਸ਼ਾਂ ਦਰਮਿਆਨ ਵਪਾਰ ਅਤੇ ਦੋਵਾਂ ਸਰਕਾਰਾਂ ਵਿਚਾਲੇ ਚੱਲ ਰਹੀ ਮੁਕਤ ਵਪਾਰ ਸਮਝੌਤੇ ਸਬੰਧੀ ਗੱਲਬਾਤ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਸੰਸਦ ਮੈਂਬਰ ਅਮਨਦੀਪ ਕੌਰ ਸੋਢੀ ਨੇ ਉਨ੍ਹਾਂ ਨੂੰ ਦੱਸਿਆ ਕਿ ਕੈਨੇਡਾ ਦੀ ਵਿਦੇਸ਼ ਮੰਤਰੀ ਅਨੀਤਾ ਆਨੰਦ ਅਤੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ, ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੋਵਾਂ ਦੇਸ਼ਾਂ ਦੇ ਸਬੰਧਤ ਅਧਿਕਾਰੀਆਂ ਨਾਲ ਮਿਲ ਕੇ ਸਮਝੌਤੇ ਦੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਅੰਤਿਮ ਰੂਪ ਦੇ ਰਹੇ ਹਨ।

ਦੀਵਾਨ ਅਤੇ ਸਤਵੀਰ ਨੇ ਕਿਹਾ ਕਿ ਅਮਨਦੀਪ ਕੌਰ ਸੋਢੀ ਨਾਲ ਹੋਈ ਗੱਲਬਾਤ ਦਾ ਇੱਕ ਹੋਰ ਮਹੱਤਵਪੂਰਨ ਮੁੱਦਾ ਕੈਨੇਡਾ ਦੀ ਇਮੀਗ੍ਰੇਸ਼ਨ ਨੀਤੀ ਅਤੇ ਭਾਰਤੀ ਵਿਦਿਆਰਥੀਆਂ ਨੂੰ ਦਰਪੇਸ਼ ਸਮੱਸਿਆਵਾਂ ਵੀ ਸਨ। ਇਸ ਤੋਂ ਇਲਾਵਾ, ਕਿਉਂਕਿ ਵੱਡੀ ਗਿਣਤੀ ਵਿੱਚ ਭਾਰਤੀ ਕੈਨੇਡਾ ਵਿੱਚ ਵੱਸਦੇ ਹਨ, ਇਸ ਲਈ ਅਸੀਂ ਉਨ੍ਹਾਂ ਦੀਆਂ ਚਿੰਤਾਵਾਂ 'ਤੇ ਵੀ ਚਰਚਾ ਕੀਤੀ ਹੈ, ਜਿਨ੍ਹਾਂ ਵਿੱਚ ਭਾਰਤ ਵਿੱਚ ਉਨ੍ਹਾਂ ਦੀ ਜਾਇਦਾਦ ਨਾਲ ਸਬੰਧਤ ਮਾਮਲੇ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਵੀਜ਼ਾ ਸਬੰਧੀ ਮੁੱਦੇ ਸ਼ਾਮਲ ਹਨ।

# ਜ਼ਿਲ੍ਹਾ ਪੱਧਰੀ ਬੈਡਮਿੰਟਨ ਮੁਕਾਬਲਿਆਂ ਵਿੱਚ ਧੂਰੀ ਦੇ ਖਿਡਾਰੀਆਂ ਨੇ ਗੱਡੇ ਝੰਡੇ; ਮਨਸੀਰਤ ਕੌਰ ਨੇ ਵੱਖ-ਵੱਖ ਵਰਗਾਂ ਵਿੱਚ 2 ਸੋਨੇ, 3 ਚਾਂਦੀ ਅਤੇ 2 ਕਾਂਸੀ ਦੇ ਤਗਮੇ ਜਿੱਤੇ




ਸੰਗਰੂਰ, 26 ਅਗਸਤ
-ਜਗਦੇਵ ਰੰਚਨਾਂ-
-ਸ਼ਹੀਦ-ਏ-ਆਜ਼ਮ-ਬਿਊਰੋ-

ਸਥਾਨਕ ਪੁਲਿਸ ਲਾਈਨਜ਼ ਸੰਗਰੂਰ ਵਿਖੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਸੰਗਰੂਰ ਵੱਲੋਂ ਤਿੰਨ ਰੋਜ਼ਾ ਓਪਨ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਅੰਡਰ-11, ਅੰਡਰ-13, ਅੰਡਰ-15, ਅੰਡਰ-17, ਅੰਡਰ-19 ਅਤੇ ਸੀਨੀਅਰ ਵਰਗ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਧੂਰੀ ਸ਼ਹਿਰ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ।

ਬੈਡਮਿੰਟਨ ਮੁਕਾਬਲਿਆਂ ਵਿੱਚ ਧੂਰੀ ਦੀ ਖਿਡਾਰਨ ਮਨਸੀਰਤ ਕੌਰ, ਪੁੱਤਰੀ ਰੁਪਿੰਦਰ ਸਿੰਘ, ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਅੰਡਰ-13 ਲੜਕੀਆਂ ਦੇ ਸਿੰਗਲ ਮੁਕਾਬਲੇ ਵਿੱਚ ਚਾਂਦੀ ਅਤੇ ਡਬਲ ਮੁਕਾਬਲੇ ਵਿੱਚ ਸੋਨੇ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ-15 ਵਰਗ ਦੇ ਸਿੰਗਲ ਕਾਂਸੀ ਦਾ, ਡਬਲ ਚਾਂਦੀ ਦਾ ਅਤੇ ਮਿਕਸਡ ਡਬਲ ਚਾਂਦੀ ਦਦੇ ਤਗਮੇ, ਅੰਡਰ-17 ਮਿਕਸਡ ਡਬਲ ਵਿੱਚ ਸੋਨੇ ਦਾ ਤਗਮਾ ਅਤੇ ਸੀਨੀਅਰ ਵਰਗ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਇਸ ਤਰ੍ਹਾਂ ਮਨਸੀਰਤ ਕੌਰ ਨੇ ਵੱਖ-ਵੱਖ ਵਰਗਾਂ ਵਿੱਚ ਕੁੱਲ 7 ਤਗਮੇ ਜਿੱਤ ਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਇਸੇ ਤਰ੍ਹਾਂ ਅੰਡਰ-17 ਲੜਕਿਆਂ ਦੇ ਮੁਕਾਬਲਿਆਂ ਵਿੱਚ ਧੂਰੀ ਦੇ ਓਪਰਾਜ ਜੁਝਾਰ ਸਿੰਘ ਪੁੱਤਰ ਰੁਪਿੰਦਰ ਸਿੰਘ, ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਿੰਗਲ ਅਤੇ ਡਬਲ ਮੁਕਾਬਲਿਆਂ ਵਿੱਚ ਕਾਂਸੀ ਦੇ ਤਗਮੇ ਹਾਸਲ ਕੀਤੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਵੈਟਰਨ ਖਿਡਾਰੀ ਅਤੇ ਬੈਡਮਿੰਟਨ ਕੋਚ ਮੈਡਮ ਸਕੋਰਾ ਬੇਗਮ ਨੇ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਮੈਡਮ ਸਕੋਰਾ ਬੇਗਮ ਬੈਡਮਿੰਟਨ ਦੀ ਨੈਸ਼ਨਲ ਪੱਧਰ ਦੀ ਖਿਡਾਰਨ ਰਹਿ ਚੁੱਕੇ ਹਨ ਅਤੇ ਲਗਭਗ 62-63 ਸਾਲ ਦੀ ਉਮਰ ਵਿੱਚ ਵੀ ਬੈਡਮਿੰਟਨ ਖੇਡ ਨੂੰ ਸਮਰਪਿਤ ਹਨ। ਉਹ ਮਲੇਰਕੋਟਲਾ ਸਥਿਤ ਸੀਤਾ ਗਰਾਮਰ ਸਕੂਲ ਅਤੇ ਮਲੇਰਕੋਟਲਾ ਕਲੱਬ ਵਿਖੇ ਬੱਚਿਆਂ ਨੂੰ ਮੁਫ਼ਤ ਬੈਡਮਿੰਟਨ ਕੋਚਿੰਗ ਦੇ ਕੇ ਨੌਜਵਾਨ ਖਿਡਾਰੀਆਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਖਿਡਾਰੀਆਂ ਨੂੰ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਖੇਡ ਜਾਰੀ ਰੱਖਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਖਿਡਾਰੀਆਂ ਨੂੰ ਸਹੀ ਮਾਰਗਦਰਸ਼ਨ ਅਤੇ ਲਗਾਤਾਰ ਅਭਿਆਸ ਨਾਲ ਸੂਬਾ ਅਤੇ ਕੌਮੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਦੇ ਮੌਕੇ ਮਿਲ ਸਕਦੇ ਹਨ।

ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਲਈ ਉਪ ਕਪਤਾਨ ਪੁਲਿਸ, ਸੰਗਰੂਰ ਕਰਨੈਲ ਸਿੰਘ, ਬੈਡਮਿੰਟਨ ਕੋਚ ਮੈਡਮ ਸਕੋਰਾ ਬੇਗਮ ਅਤੇ ਕੋਚ ਪਰਮਿੰਦਰ ਸਿੰਘ ਵਿੱਕੀ ਵੱਲੋਂ ਹੋਣਹਾਰ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਸੂਬਾ ਅਤੇ ਕੌਮੀ ਪੱਧਰ 'ਤੇ ਹੋਰ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ।

# ਮੋਰਿੰਡਾ 'ਚ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਵੱਲੋਂ ਆਪ ਦੇ ਨਵੇ ਨਿਯੁਕਤ ਕੀਤੇ ਅਹੁਦੇਦਾਰਾਂ ਨੂੰ ਕੀਤਾ ਸਨਮਾਨਿਤ



ਮੋਰਿੰਡਾ, 26 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿੱਚ ਮਾਨ ਸਰਕਾਰ ਦਾ ਵੱਡਾ ਉਪਰਾਲਾ ਕਿ ਜਨਰਲ ਕੈਟਾਗਰੀ ਨੂੰ ਪਹਿਲੀ ਵਾਰ ਮੁਫਤ ਬਿਜਲੀ ਦੀ 600 ਯੂਨਿਟ ਵਾਲੀ ਸਹੂਲਤ ਮਿਲੀ ਹੈ ਇਹ ਵਿਚਾਰ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੇ ਮੋਰਿੰਡਾ ਵਿਖੇ ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਕੇਸਰ ਸਿੰਘ ਸਮਾਣਾ ਮਾਰਕੀਟ ਕਮੇਟੀ ਸ਼੍ਰੀ ਚਮਕੌਰ ਸਾਹਿਬ ਦੇ ਚੇਅਰਮੈਨ ਅਮਨਦੀਪ ਸਿੰਘ ਮਾਂਗਟ ਅਤੇ ਨਵਦੀਪ ਸਿੰਘ ਟੋਨੀ ਨੂੰ ਪੰਜਾਬ ਪਿਜਨਰਾ ਡਿਵੈਲਪਮੈਂਟ ਦਾ ਮੈਂਬਰ ਲਗਾਉਣ ਤੇਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ ਇਸ ਮੌਕੇ ਹਉਹਨਾਂ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਵਿੱਚ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਵਿਕਾਸ ਕਾਰਜਾਂ ਲਈ ਕੰਮ ਕੀਤੇ ਹਨ ਉਹਨਾਂ ਨੂੰ ਵੇਖ ਕੇ ਅੱਜ ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਦੇ ਗੁਣਗਾਨ ਕਰ ਰਹੇ ਹਨ ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ 92 ਸੀਟਾਂ ਨਾਲ ਜਤਾਇਆ ਸੀ ਹੁਣ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਪੰਜਾਬ ਦੇ ਲੋਕ100 ਤੋਂ ਵੱਧ ਸੀਟਾਂ ਨਾਲ ਜਿਤਾ ਕੇ ਦੁਬਾਰਾ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਬਣਾਉਣਗੇ ਉਹਨਾਂ ਕਿਹਾ ਕਿ ਦੂਜੀਆਂ ਪਾਰਟੀਆਂ ਵਾਲੇ ਤਾਂ ਹੁਣ ਸਰਕਾਰਾਂ ਬਣਾਉਣ ਦੇ ਸੁਪਨਾ ਲੈਣਾ ਹੀ ਛੱਡ ਦੇਣ ਕਿਉਕਿ ਪੰਜਾਬ ਦੇ ਲੋਕ ਇੰਨਾ ਵਾਰੇ ਸੱਭ ਜਾਣਦੇ ਹਨ। ਇਸ ਮੌਕੇ ਪੰਜਾਬ ਦੇ ਯੂਥ ਵਾਈਸ ਪ੍ਰਧਾਨ ਬੀਰ ਦਵਿੰਦਰ ਸਿੰਘ ਬੱਲਾਂ ਨੇ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਪੰਜਾਬ ਚ ਪਾਣੀ ਦੇ ਪੱਧਰ ਨੂੰ ਦੇਖਦਿਆਂ ਨਹਿਰਾਂ ਵਿੱਚੋਂ ਕਿਸਾਨਾਂ ਨੂੰ ਖੇਤੀ ਲਈ ਪਾਣੀ ਦੇਣ ਦਾ ਉਪਰਾਲਾ ਕੀਤਾ ਹੈ ਉਹ ਹੁਣ ਤੱਕ ਪਹਿਲੀਆਂ ਕਿਸੇ ਵੀ ਸਰਕਾਰਾ ਨੇ ਸੋਚਿਆ ਤੱਕ ਵੀ ਨਹੀਂ ਸੀ ਇਸ ਮੌਕੇ ਉਹਨਾਂ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਆਪ ਦੀ ਸਰਕਾਰ ਨਾਲ ਖੜਾ ਹੈ ਕਿਉਂਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਦਲ ਦਾ ਵਿੱਚੋਂ ਕੱਢ ਕੇਇਹਨਾਂ ਨੌਜਵਾਨਾਂ ਦਾ ਖੇਡਾਂ ਵੱਲ ਉਤਸਾਹ ਵਧਾਇਆ ਜਾ ਰਿਹਾ ਹੈ ਅਤੇ ਪਿੰਡ ਪਿੰਡ ਨੌਜਵਾਨਾਂ ਦੇ ਖੇਡਣ ਲਈ ਵੱਡੇ ਵੱਡੇ ਸਟੇਡੀਅਮ ਦਾ ਪ੍ਰਬੰਧ ਕੀਤੇ ਜਾ ਰਹੇ ਹਨ।

ਇਸ ਮੌਕੇ ਨਵੇਂ ਚੁਣੇ ਮਾਰਕੀਟ ਕਮੇਟੀ ਸ੍ਰੀ ਚਮਕੌਰ ਸਾਹਿਬ ਦੇ ਚੇਅਰਮੈਨ ਅਮਨਦੀਪ ਸਿੰਘ ਮਾਂਗਟ ਸ਼੍ਰੀ ਚਮਕੌਰ ਸਾਹਿਬ ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਕੇਸਰ ਸਿੰਘ ਸਮਾਣਾ ਅਤੇ ਨਵਦੀਪ ਸਿੰਘ ਟੋਨੀ ਨੂੰ ਸਿਰ ਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਨਵੇਂ ਚੁਣੇ ਚੇਅਰਮੈਨ ਅਮਨਦੀਪ ਸਿੰਘ ਮਾਂਗਟ ਅਤੇ ਕੇਸਰ ਸਿੰਘ ਸਮਾਣਾ ਨੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਪਾਰਟੀ ਨੇ ਉਹਨਾਂ ਤੇ ਭਰੋਸਾ ਕਰਕੇ ਇਹ ਅਹੁਦੇਦਾਰੀਆਂ ਦਿੱਤੀਆਂ ਹਨ ਉਹਨਾਂ ਨੂੰ ਉਹ ਬੜੀ ਇਮਾਨਦਾਰੀ ਅਤੇ ਤਨਦੇਹੀ ਨਿਭਾਉਣਗੇ ਇਸ ਮੌਕੇ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਪਾਲ ਸਿੰਘ ਜੌਲੀ ਸ਼ੂਗਰ ਮਿੱਲ ਮੋਰਿੰਡਾ ਦੇ ਚੇਅਰਮੈਨ ਸੁਖਵਿੰਦਰ ਸਿੰਘ ਨਿੱਜੀ ਸਕੱਤਰ ਜਗਤਾਰ ਸਿੰਘ ਘੜੂੰਆ ਬਲਾਕ ਸੰਮਤੀ ਖਰੜ ਦੇ ਵਾਈਸ ਚੇਅਰਮੈਨ ਨਿਰਪਾਲ ਸਿੰਘ ਮੰਡੇਰ,ਕੌਂਸਲਰ ਭੂਰਾ ਸ਼੍ਰੀ ਚਮਕੌਰ ਸਾਹਿਬ, ਪੀਏ ਸ੍ਰੀ ਚੰਦ ਗੁਰਪ੍ਰੀਤ ਸਿੰਘ ਫੌਜੀ ਸਰਪੰਚ ਅਮਰਾਲੀ ਸਾਬਕਾ ,ਕੌਂਸਲਰ ਰਜਿੰਦਰ ਕੁਮਾਰ ਬੱਬਾਸਾਬਕਾ ਸਰਪੰਚ ਤੇਜਿੰਦਰ ਸਿੰਘ ਬਿੱਲੂ ਕਲਾਰਾ ,ਆਪ ਦੇ ਸੀਨੀਅਰ ਆਗੂ ਡਾਕਟਰ ਕਾਲੜਾ ਸਾਬਕਾ ਸਰਪੰਚ ਸ਼ੇਰ ਸਿੰਘ ਸੰਗਤਪੁਰਾ ਸਹੇੜੀ ਠੇਕੇਦਾਰ ਜਸਬੀਰ ਸਿੰਘ ਸੁੱਖੋ ਮਾਜਰਾ ਹਰਮਿੰਦਰ ਸਿੰਘ ਸਮੇਤ ਹੋਰ ਵੀ ਆਪ ਦੇ ਵਲੰਟੀਅਰ ਆਦਿ ਹਾਜ਼ਰ ਸਨ।

# ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਵਿਖੇ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ



ਪਟਿਆਲਾ, 26 ਅਗਸਤ
-ਜੀ. ਐਸ. ਤੁੰਗ-

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਵਿਖੇ ਪ੍ਰਿੰਸੀਪਲ ਪ੍ਰੋ. ਸਕਿੰਦਰ ਕੌਰ ਬਰਾੜ ਦੀ ਅਗਵਾਈ ਹੇਠ ਵਿਸ਼ੇਸ਼ ਇੰਟੈਂਸਿਵ ਰਿਵਿਜ਼ਨ ਤਹਿਤ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ, ਵੋਟਰ ਵਜੋਂ ਰਜਿਸਟ੍ਰੇਸ਼ਨ ਅਤੇ ਚੋਣ ਪ੍ਰਕਿਰਿਆ ਸਬੰਧੀ ਜਾਗਰੂਕ ਕਰਨਾ ਸੀ। ਕੈਂਪ ਵਿੱਚ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ ਅਤੇ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਮੋਹਿਤ ਕੌਸ਼ਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਵੋਟਰ ਰਜਿਸਟ੍ਰੇਸ਼ਨ ਲਈ ਯੋਗਤਾ, ਲੋੜੀਂਦੀ ਪ੍ਰਕਿਰਿਆ ਅਤੇ ਆਨਲਾਈਨ ਵੋਟਰ ਕਾਰਡ ਲਈ ਅਰਜ਼ੀ ਦੇਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਕੈਂਪ ਦੌਰਾਨ ਲਗਭਗ 350 ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਲਈ ਅਰਜ਼ੀਆਂ ਭਰਨ ਵਿੱਚ ਸਹਾਇਤਾ ਪ੍ਰਦਾਨ ਕੀਤੀ ਗਈ। ਇਸ ਕੈਂਪ ਦਾ ਆਯੋਜਨ ਕਾਲਜ ਸਵੀਪ ਨੋਡਲ ਅਫ਼ਸਰ ਡਾ. ਰਜਨੀ ਬਾਲਾ ਵੱਲੋਂ ਕਮੇਟੀ ਮੈਂਬਰਾਂ ਸਹਾਇਕ ਪ੍ਰੋ. ਦਿਲਪ੍ਰੀਤ ਕੌਰ, ਸਮਨਦੀਪ ਕੌਰ, ਸੁਮਨ ਬਾਲਾ, ਨੈਂਨਸੀ ਸ਼ਰਮਾ, ਯਾਦਵਿੰਦਰ ਸਿੰਘ ਅਤੇ ਡਾ. ਸਵਾਤੀ ਗੁਪਤਾ ਦੇ ਸਹਿਯੋਗ ਨਾਲ ਕੀਤਾ ਗਿਆ।

ਇਸ ਮੌਕੇ ਪ੍ਰਿੰਸੀਪਲ ਪ੍ਰੋ. ਸਕਿੰਦਰ ਕੌਰ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੋਟ ਪਾਉਣਾ ਹਰ ਨਾਗਰਿਕ ਦਾ ਸੰਵਿਧਾਨਕ ਅਧਿਕਾਰ ਹੋਣ ਦੇ ਨਾਲ-ਨਾਲ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਅਤੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਡਾ. ਸਵਿੰਦਰ ਸਿੰਘ ਰੇਖੀ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਅਤੇ ਜਾਗਰੂਕ ਵੋਟਰ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਵਿੱਚ ਚੋਣ ਜਾਗਰੂਕਤਾ ਪੈਦਾ ਕਰਨਾ ਬਹੁਤ ਜ਼ਰੂਰੀ ਹੈ ਅਤੇ ਵਿਦਿਆਰਥੀਆਂ ਨੂੰ ਆਪਣੇ ਸਾਥੀਆਂ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਵੋਟਰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਮੋਹਿਤ ਕੌਸ਼ਲ ਨੇ ਕਾਲਜ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਚੋਣ ਕਮਿਸ਼ਨ ਵੱਲੋਂ ਵੋਟਰ ਰਜਿਸਟ੍ਰੇਸ਼ਨ ਅਤੇ ਵੋਟਰ ਵੇਰਵਿਆਂ ਵਿੱਚ ਸੋਧ ਲਈ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਲੈਣ ਲਈ ਕਿਹਾ। ਡਾ. ਰਜਨੀ ਬਾਲਾ ਨੇ ਮੰਚ ਸੰਚਾਲਨ ਕੀਤਾ ਅਤੇ ਅੰਤ ਵਿੱਚ ਧੰਨਵਾਦ ਕੀਤਾ। ਕੈਂਪ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਲਾਇਬ੍ਰੇਰੀਅਨ ਸੁਖਬੀਰ ਕੌਰ, ਡਾ. ਰਿਤੂ ਕਪੂਰ ਅਤੇ ਕਾਲਜ ਦੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ। ਕੈਂਪ ਨੇ ਨੌਜਵਾਨਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਅਤੇ ਲੋਕਤੰਤਰਿਕ ਭਾਗੀਦਾਰੀ ਸਬੰਧੀ ਜਾਗਰੂਕਤਾ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

# ਸ਼ੱਕ ਦੇ ਆਧਾਰ 'ਤੇ 65 ਕਿਲੋ ਰੰਗਦਾਰ ਚਮਚਮ ਜ਼ਬਤ



ਰਾਜਪੁਰਾ, 26 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿਹਤ ਅਫ਼ਸਰ ਡਾ. ਗੁਰਪ੍ਰੀਤ ਕੌਰ ਦੀ ਨਿਗਰਾਨੀ ਹੇਠ, ਫੂਡ ਸੇਫਟੀ ਟੀਮ, ਐਫਐਸਓ ਗੌਰਵ ਕੁਮਾਰ ਅਤੇ ਤਰੁਣ ਬਾਂਸਲ ਨੇ 25 ਅਗਸਤ 2026 ਨੂੰ ਲੱਕੜ ਮੰਡੀ, ਰਾਜਪੁਰਾ ਵਿਖੇ ਨਿਰੀਖਣ ਕੀਤਾ। ਇਸ ਨਿਰੀਖਣ ਦੌਰਾਨ, ਵਿਸ਼ਲੇਸ਼ਣ ਲਈ ਤਿੰਨ ਭੋਜਨ ਨਮੂਨੇ ਇਕੱਠੇ ਕੀਤੇ ਗਏ, ਜਿਨ੍ਹਾਂ ਵਿੱਚ ਖੋਆ ਬਰਫੀ, ਚਮਚਮ ਅਤੇ ਰਸਗੁੱਲੇ ਸ਼ਾਮਲ ਸਨ। ਨਿਰੀਖਣ ਦੌਰਾਨ, ਚਮਚਮ ਰੰਗੀਨ ਪਾਇਆ ਗਿਆ, ਜਿਸ ਨਾਲ ਅਣਅਧਿਕਾਰਤ/ਗੈਰ-ਇਜਾਜ਼ਤ ਰੰਗਦਾਰ ਪਦਾਰਥ ਦੀ ਵਰਤੋਂ ਦਾ ਸ਼ੱਕ ਪੈਦਾ ਹੋਇਆ।

ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਸ਼ੱਕ ਦੇ ਮੱਦੇਨਜ਼ਰ, ਉਪਲਬਧ ਸਟਾਕ 65 ਕਿਲੋ ਚਮਚਮ ਨੂੰ ਜ਼ਬਤ ਕਰ ਲਿਆ ਗਿਆ ਅਤੇ ਪ੍ਰਯੋਗਸ਼ਾਲਾ ਵਿਸ਼ਲੇਸ਼ਣ ਦੇ ਨਤੀਜੇ ਤੱਕ ਪ੍ਰਕਿਰਿਆ ਅਨੁਸਾਰ ਫੂਡ ਸੇਫਟੀ ਅਫਸਰ (ਐਫਐਸਓ) ਦੀ ਸੁਰੱਖਿਅਤ ਹਿਰਾਸਤ ਵਿੱਚ ਰੱਖਿਆ ਗਿਆ। ਜ਼ਿਲ੍ਹਾ ਸਿਹਤ ਅਧਿਕਾਰੀ ਨੇ ਦੱਸਿਆ ਕਿ ਪ੍ਰਯੋਗਸ਼ਾਲਾ ਵਿਸ਼ਲੇਸ਼ਣ ਰਿਪੋਰਟ ਦੇ ਆਧਾਰ 'ਤੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, ਨਿਯਮਾਂ ਅਤੇ ਨਿਯਮਾਂ ਦੇ ਉਪਬੰਧਾਂ ਅਨੁਸਾਰ ਸਖ਼ਤੀ ਨਾਲ ਅਗਲੀ ਕਾਰਵਾਈ ਕੀਤੀ ਜਾਵੇਗੀ।

# ਪੱਬਰਾ ਅਤੇ ਬਧੌਲੀ ਗੁਜਰਾਂ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ



ਸ਼ੰਭੂ/ਰਾਜਪੁਰਾ, 26 ਅਗਸਤ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸ਼ੰਭੂ ਦੇ ਪਿੰਡ ਪੱਬਰਾ ਅਤੇ ਬਧੌਲੀ ਗੁਜਰਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ

ਪਟਿਆਲਾ, 26 ਅਗਸਤ
-ਛਤਰਪਾਲ ਸਿੰਘ-

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ. ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਅਤੇ ਨੀਮ ਫੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ ਮਿਤੀ 02/09/2026 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ਼੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ।

ਇਹ ਕੋਰਸ 45 ਦਿਨ ਦਾ ਹੋਵੇਗਾ। ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ ਤੇ ਭਰਤੀ ਹੋਣ ਲਈ ਲੋੜੀਦੇਂ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਹਨਾ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ। ਫੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ 17-1/2 ਤੋਂ 22 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮਿਟਰ ਅਤੇ ਵਜਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45% ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ 17-1/2 ਤੋਂ 22 ਸਾਲ ਦੇ ਵਿਚਕਾਰ ਅਤੇ ਕੱਦ ਘੱਟੋਂ ਘੱਟ 162 ਸੈਂਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜੀ ਅਤੇ ਗਣਿਤ/ਅਕਾਉਂਟਿੰਗ/ਬੁਕ ਕੀਪਿੰਗ ਵਿਸ਼ਿਆਂ ਵਿਚ 50% ਨੰਬਰਾ ਨਾਲ ਪਾਸ ਹੋਣਾ ਜ਼ਰੂਰੀ ਹੈ।

ਚਾਹਵਾਨ ਉਮੀਦਵਾਰ ਆਪਣੇ ਪੜ੍ਹਾਈ ਦੇ ਸਰਟਿਫਿਕੇਟ, ਪਾਸਪੋਰਟ ਸਾਇਜ਼ ਫੋਟੋ, ਡਿਸਾਚਾਰਜ ਬੁੱਕ (ਕੇਵਲ ਸਾਬਕਾ ਸੈਨਿਕਾਂ ਦੇ ਬੱਚਿਆਂ ਲਈ) ਅਤੇ ਐਸ.ਸੀ ਜਾਤੀ ਦੇ ਉਮੀਦਵਾਰ ਆਪਣਾ ਜਾਤੀ ਦਾ ਸਰਟੀਫਿਕੇਟ ਨਾਲ ਲੈ ਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਪਟਿਆਲਾ, ਨੇੜੇ ਰੇਲਵੇ ਸਟੇਸ਼ਨ, ਵਿਖੇ ਆਪਣੇ ਨਾਮ ਦੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਹਨਾ ਨੇ ਇਹ ਵੀ ਦੱਸਿਆ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਉਮੀਦਵਾਰ ਹੀ ਇਸ ਟ੍ਰੇਨਿੰਗ ਵਿਚ ਸ਼ਾਮਲ ਹੋ ਸਕਦੇ ਹਨ। ਪ੍ਰੀ-ਰਿਕਰੂਟਮੈਂਟ ਸੈਂਟਰ ਸਿਖਲਾਈ ਲਈ ਇੱਕ ਆਲ ਵੈਦਰ ਟਰੈਕ ਅਤ ਟ੍ਰੇਨਿੰਗ ਦੇ ਜ਼ਰੂਰੀ ਸਾਜੋ ਸਮਾਨ ਉਪਲੱਬਧ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ. 0175-2361188, 70278-80527 ਕਿਸੇ ਵੀ ਕੰਮ ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# 70ਵੇਂ ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਕਬੱਡੀ ਨੈਸ਼ਨਲ ਸਟਾਈਲ ਮੁਕਾਬਲੇ ਕਰਵਾਏ ਗਏ



ਪਟਿਆਲਾ, 26 ਅਗਸਤ
-ਵਿਸ਼ਾਲ ਗੁਪਤਾ-

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕਿਆਂ ਦੇ ਕਬੱਡੀ ਨੈਸ਼ਨਲ ਸਟਾਈਲ ਦੇ ਮੁਕਾਬਲੇ ਪੀ.ਐੱਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਮਲਟੀਪਰਪਜ਼ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਗਏ।ਅੰਡਰ 14 ਦੇ ਮੁਕਾਬਲਿਆਂ ਵਿੱਚ ਨਾਭਾ ਜੋਨ ਨੇ ਪਹਿਲਾਂ,ਰਾਜਪੁਰਾ ਨੇ ਦੂਜਾ, ਪਟਿਆਲਾ-1 ਨੇ ਤੀਜਾ,ਅੰਡਰ 17 ਦੇ ਮੁਕਾਬਲਿਆਂ ਵਿੱਚ ਘਨੌਰ ਜੋਨ ਨੇ ਪਹਿਲਾਂ,ਪਾਤੜਾਂ ਨੇ ਦੂਜਾ, ਪਟਿਆਲਾ-1 ਨੇ ਤੀਜਾ,ਅੰਡਰ 19 ਦੇ ਮੁਕਾਬਲਿਆਂ ਵਿੱਚ ਘਨੌਰ ਜੋਨ ਨੇ ਪਹਿਲਾ,ਭਾਦਸੋ ਜੋਨ ਨੇ ਦੂਜਾ ਤੇ ਪਟਿਆਲੀ-1 ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਅਤੇ ਜਿਲਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਤੇ ਦਵਿੰਦਰ ਸਿੰਘ ਜੋਨਲ ਸਕੱਤਰ ਪਾਤੜਾਂ, ਅਮਨਿੰਦਰ ਸਿੰਘ ਜੋਨਲ ਸਕੱਤਰ ਪਟਿ-1,ਜਸਵਿੰਦਰ ਸਿੰਘ ਜੋਨਲ ਸਕੱਤਰ ਘਨੌਰ, ਬਲਵਿੰਦਰ ਸਿੰਘ ਜੱਸਲ ਜੋਨਲ ਸਕੱਤਰ ਪਟਿ-2,ਅਲਬਰਟ, ਬੀਰਦਵਿੰਦਰ ਸਿੰਘ,ਮਨਦੀਪ ਸ਼ਰਮਾ,ਮਲਕੀਤ ਸਿੰਘ,ਕੁਲਵੰਤ ਸਿੰਘ,ਸ਼ਿਵ ਭੰਡੀਰ,ਜਸਵੰਤ ਸਿੰਘ,ਲਖਵਿੰਦਰ ਸਿੰਘ,ਰਕੇਸ਼ ਕੁਮਾਰ ਲਚਕਾਣੀ ਅਤੇ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਮੁੱਖ ਮੰਤਰੀ ਮਾਮਲੇ ਦੀ ਨਿੱਜੀ ਤੌਰ 'ਤੇ ਕਰ ਰਹੇ ਨੇ ਨਿਗਰਾਨੀ; ਜਾਂਚ ਲਈ ਤਿੰਨ ਪੁਲਿਸ ਟੀਮਾਂ ਗਠਿਤ: ਦਲਵੀਰ ਸਿੰਘ ਢਿੱਲੋਂ



ਧੂਰੀ 26 ਅਗਸਤ
-ਜਤਿੰਦਰ ਗਰਗ-

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਦੀ ਵਸਨੀਕ ਨੇਹਾ ਦੀ ਹੋਈ ਮੌਤ ਦੇ ਮਾਮਲੇ ਵਿੱਚ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਦੁਖਦਾਈ ਮਾਮਲੇ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਿੱਜੀ ਤੌਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪਰਿਵਾਰ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਮੁੱਖ ਦੋਸ਼ੀ ਦੇ ਵਿਦੇਸ਼ ਭੱਜਣ ਦੀ ਸੰਭਾਵਨਾ ਨੂੰ ਰੋਕਣ ਲਈ ਉਸ ਵਿਰੁੱਧ ਲੁੱਕ ਆਊਟ ਸਰਕੂਲਰ (LOC) ਜਾਰੀ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਵੱਲੋਂ ਸਥਾਨਕ ਐਸ.ਐਚ.ਓ. ਦੀ ਭੂਮਿਕਾ ਸਬੰਧੀ ਇਤਰਾਜ਼ ਜ਼ਾਹਿਰ ਕੀਤੇ ਜਾਣ ਤੋਂ ਬਾਅਦ ਐਸ.ਐਚ.ਓ. ਦਾ ਤਬਾਦਲਾ ਕਰ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਜਿਸ ਪੁਲਿਸ ਅਧਿਕਾਰੀ 'ਤੇ ਬਿਆਨ ਦਰਜ ਨਾ ਕਰਨ ਸਬੰਧੀ ਇਤਰਾਜ਼ ਕੀਤਾ ਗਿਆ ਸੀ, ਉਸ ਅਧਿਕਾਰੀ ਨੂੰ ਮੁਅੱਤਲ (ਸਸਪੈਂਡ) ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਲਈ ਐਸ.ਐਸ.ਪੀ. ਪੱਧਰ 'ਤੇ ਤਿੰਨ ਪੁਲਿਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਦੀ ਨਿਗਰਾਨੀ ਐਸ.ਐਸ.ਪੀ. ਵੱਲੋਂ ਕੀਤੀ ਜਾ ਰਹੀ ਹੈ ਅਤੇ ਡੀ.ਜੀ.ਪੀ. ਪੱਧਰ 'ਤੇ ਵੀ ਮਾਮਲੇ ਦੀ ਨਿਗਰਾਨੀ ਕੀਤੀ ਜਾ ਰਹੀ ਹੈ।

ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਨੇਹਾ ਦੇ ਪਰਿਵਾਰ ਨਾਲ ਪੰਜਾਬ ਸਰਕਾਰ ਅਤੇ ਪਾਰਟੀ ਪਹਿਲੇ ਦਿਨ ਤੋਂ ਖੜ੍ਹੀ ਹੈ ਅਤੇ ਸਰਕਾਰ ਵੱਲੋਂ ਇਨਸਾਫ਼ ਯਕੀਨੀ ਬਣਾਉਣ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀ ਗੰਭੀਰ ਘਟਨਾ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆ ਕੇ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਸਜ਼ਾ ਦਿਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਚੇਅਰਮੈਨ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕੀਤੀ ਕਿ ਨੇਹਾ ਦੇ ਪਰਿਵਾਰ ਦੇ ਦੁੱਖ ਨੂੰ ਸਿਆਸੀ ਰੰਗ ਨਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਪਰਿਵਾਰ ਦਾ ਨਹੀਂ, ਸਗੋਂ ਧੂਰੀ ਅਤੇ ਸਮੁੱਚੇ ਪੰਜਾਬ ਦਾ ਦਰਦ ਹੈ। ਇਸ ਲਈ ਇਸ ਸੰਵੇਦਨਸ਼ੀਲ ਮਾਮਲੇ ਵਿੱਚ ਸਾਰੀਆਂ ਧਿਰਾਂ ਨੂੰ ਪਰਿਵਾਰ ਨਾਲ ਖੜ੍ਹ ਕੇ ਇਨਸਾਫ਼ ਦੀ ਮੰਗ ਕਰਨੀ ਚਾਹੀਦੀ ਹੈ, ਨਾ ਕਿ ਇਸ ਨੂੰ ਸਿਆਸੀ ਮੁੱਦਾ ਬਣਾਉਣਾ ਚਾਹੀਦਾ ਹੈ।

ਉਨ੍ਹਾਂ ਭਰੋਸਾ ਦਿਵਾਇਆ ਕਿ ਨੇਹਾ ਦੇ ਪਰਿਵਾਰ ਨੂੰ ਹਰ ਹਾਲਤ ਵਿੱਚ ਇਨਸਾਫ਼ ਦਿਵਾਇਆ ਜਾਵੇਗਾ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆ ਕੇ ਬਣਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

# ਐਚਡੀਐਫਸੀ ਬੈਂਕ ਪਰਿਵਰਤਨ ਨੇ ਪੰਜਾਬ ਵਿੱਚ 37 ਲੱਖ ਤੋਂ ਵੱਧ ਲੋਕਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕੀਤਾ



**ਜਲੰਧਰ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਦੇ ਸਭ ਤੋਂ ਵੱਡੇ ਨਿੱਜੀ ਖੇਤਰ ਦੇ ਬੈਂਕ, ਐਚਡੀਐਫਸੀ ਬੈਂਕ ਨੇ ਆਪਣੀ ਸੀਐਸਆਰ ਸ਼ਾਖਾ 'ਪਰਿਵਰਤਨ' ਰਾਹੀਂ, ਹੁਣ ਤੱਕ ਪੰਜਾਬ ਵਿੱਚ 37 ਲੱਖ ਤੋਂ ਵੱਧ ਲੋਕਾਂ ਦੀ ਜ਼ਿੰਦਗੀ ਨੂੰ ਸਕਾਰਾਤਮਕ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਬੈਂਕ 2015 ਤੋਂ ਪੰਜਾਬ ਵਿੱਚ ਸਰਗਰਮ ਹੈ, ਜਿਸ ਵਿੱਚ ਪੰਜਾਬ ਦੇ 23 ਵਿੱਚੋਂ 21 ਜ਼ਿਲ੍ਹਿਆਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ 2 ਖਾਹਿਸ਼ੀ ਜ਼ਿਲ੍ਹੇ ਅਤੇ 2 ਖਾਹਿਸ਼ੀ ਬਲਾਕ ਸ਼ਾਮਲ ਹਨ। ਬੈਂਕ ਨੇ ਪਰਿਵਰਤਨ ਅਧੀਨ ਛੇ ਫੋਕਸ ਖੇਤਰਾਂ ਨੂੰ ਅਪਣਾਇਆ ਹੈ:, ਪੇਂਡੂ ਵਿਕਾਸ, ਸਿੱਖਿਆ ਦਾ ਪ੍ਰਚਾਰ, ਹੁਨਰ ਸਿਖਲਾਈ ਅਤੇ ਰੁਜ਼ਗਾਰ ਦੇ ਸਾਧਨ ਵਧਾਉਣ, ਸਿਹਤ ਸੰਭਾਲ ਅਤੇ ਸਫਾਈ, ਵਿੱਤੀ ਸਾਖਰਤਾ ਅਤੇ ਸਮਾਵੇਸ਼, ਕੁਦਰਤੀ ਸਰੋਤ ਪ੍ਰਬੰਧਨ ਐਚਡੀਐਫਸੀ ਬੈਂਕ ਦਾ 'ਪਰਿਵਰਤਨ' ਪ੍ਰੋਗਰਾਮ 2015 ਤੋਂ ਕੁਝ ਤਰਜੀਹੀ ਵਿਕਾਸ ਚੁਣੌਤੀਆਂ ਨੂੰ ਹੱਲ ਕਰਨ ਲਈ ਪੰਜਾਬ ਭਰ ਦੇ ਭਾਗੀਦਾਰਾਂ ਨਾਲ ਕੰਮ ਕਰ ਰਿਹਾ ਹੈ। ਪੰਜਾਬ ਵਿੱਚ ਸੀਐਸਆਰ ਫੁੱਟਪ੍ਰਿੰਟ - ਐਚਡੀਐਫਸੀ ਬੈਂਕ ਦੇ ਪਰਿਵਰਤਨ ਪ੍ਰੋਗਰਾਮ ਨੇ ਪੰਜਾਬ ਭਰ ਵਿੱਚ ਇੱਕ ਮਜ਼ਬੂਤ ਅਤੇ ਨਿਰੰਤਰ ਮੌਜੂਦਗੀ ਬਣਾਈ ਹੈ, ਜਿਸ ਵਿੱਚ ਚੱਲ ਰਹੇ ਅਤੇ ਪੂਰੇ ਹੋਏ ਪ੍ਰੋਜੈਕਟਾਂ ਦੇ ਮਿਸ਼ਰਣ ਰਾਹੀਂ ਰਾਜ ਦੇ 23 ਜ਼ਿਲ੍ਹਿਆਂ ਵਿੱਚੋਂ 21 ਜ਼ਿਲ੍ਹੇ ਸ਼ਾਮਲ ਹਨ। ਬੈਂਕ ਨੇ ਪੰਜਾਬ ਦੇ ਫਿਰੋਜ਼ਪੁਰ ਅਤੇ ਮੋਗਾ ਦੋਵਾਂ ਖਾਹਿਸ਼ੀ ਜ਼ਿਲ੍ਹਿਆਂ ਵਿੱਚ ਪ੍ਰੋਜੈਕਟਾਂ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ। ਪੰਜਾਬ ਵਿੱਚ ਐਚਡੀਐਫਸੀ ਬੈਂਕ ਪਰਿਵਰਤਨ ਦਾ ਕੰਮ ਪੇਂਡੂ ਅਰਥਚਾਰਿਆਂ ਨੂੰ ਮਜ਼ਬੂਤ ਕਰਨ, ਵਿਦਿਅਕ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ, ਰੁਜ਼ਗਾਰਯੋਗਤਾ ਵਧਾਉਣ, ਸਿਹਤ ਸੰਭਾਲ ਪਹੁੰਚ ਨੂੰ ਵਧਾਉਣ ਅਤੇ ਟਿਕਾਊ ਕੁਦਰਤੀ ਸਰੋਤ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ 'ਤੇ ਕੇਂਦ੍ਰਿਤ ਹੈ। ਬੈਂਕ ਵਿੱਚ ਆਮ ਤੌਰ 'ਤੇ ਦੋ ਤਰ੍ਹਾਂ ਦੇ ਦਖਲਅੰਦਾਜ਼ੀ ਹੁੰਦੇ ਹਨ। ਬੈਂਕ ਦਾ ਪ੍ਰਮੁੱਖ ਸੰਪੂਰਨ ਪੇਂਡੂ ਵਿਕਾਸ ਪ੍ਰੋਗਰਾਮ ਥੀਮੈਟਿਕ ਖੇਤਰਾਂ ਵਿੱਚ ਏਕੀਕ੍ਰਿਤ ਦਖਲਅੰਦਾਜ਼ੀ 'ਤੇ ਕੇਂਦ੍ਰਿਤ ਹੈ। ਐਚਡੀਐਫਸੀ ਬੈਂਕ ਦੀ ਸੀਐਸਆਰ ਮੁਖੀ ਸ਼੍ਰੀਮਤੀ ਨੁਸਰਤ ਪਠਾਨ ਨੇ ਕਿਹਾ, 'ਐਚਡੀਐਫਸੀ ਬੈਂਕ ਵਿਖੇ, ਸਾਡਾ ਮੰਨਣਾ ਹੈ ਕਿ ਸੀਐਸਆਰ ਸਾਰਿਆਂ ਖੇਤਰਾਂ ਲਈ ਇੱਕਸਾਰ ਨਹੀਂ ਹੈ। ਪਰਿਵਰਤਨ ਰਾਹੀਂ, ਅਸੀਂ ਲੋੜ-ਅਧਾਰਤ ਪ੍ਰੋਗਰਾਮ ਡਿਜ਼ਾਈਨ ਅਤੇ ਲਾਗੂ ਕਰਦੇ ਹਾਂ ਜੋ ਹਰੇਕ ਖੇਤਰ ਦੀਆਂ ਵਿਲੱਖਣ ਚੁਣੌਤੀਆਂ ਦਾ ਜਵਾਬ ਦਿੰਦੇ ਹਨ। ਪੰਜਾਬ ਵਿੱਚ ਸਾਡਾ ਕੰਮ ਇਸ ਦਰਸ਼ਨ ਨੂੰ ਦਰਸਾਉਂਦਾ ਹੈ, ਕਿਸਾਨਾਂ ਨੂੰ ਟਿਕਾਊ ਖੇਤੀਬਾੜੀ ਨਾਲ ਸਹਾਇਤਾ ਕਰਨ ਤੋਂ ਲੈ ਕੇ ਸਿੱਖਿਆ, ਹੁਨਰ ਅਤੇ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੱਕ, ਅਸੀਂ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਲਚਕੀਲੇਪਣ ਦਾ ਨਿਰਮਾਣ ਕਰਨ ਲਈ ਵਚਨਬੱਧ ਹਾਂ। ਐਚਡੀਐਫਸੀ ਬੈਂਕ ਦੇ ਬ੍ਰਾਂਚ ਬੈਂਕਿੰਗ ਹੈਡ ਪੰਜਾਬ ਸ਼੍ਰੀ ਵਿਨੋਦ ਲੂਥਰਾ ਨੇ ਕਿਹਾ, ਅਸੀਂ ਪੰਜਾਬ ਭਰ ਵਿੱਚ ਬੈਂਕਿੰਗ ਸੇਵਾਵਾਂ ਦੀ ਇੱਕ ਵਿਆਪਕ ਸ਼੍ਰੇਣੀ ਦੀ ਪੇਸ਼ਕਸ਼ ਕਰਨ ਲਈ ਸਮਰਪਿਤ ਹਾਂ ਜੋ ਸਾਰਿਆਂ ਲਈ ਪਹੁੰਚਯੋਗਤਾ ਨੂੰ ਯਕੀਨੀ ਬਣਾਉਂਦੀ ਹੈ। ਇੱਕ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਕਾਰਪੋਰੇਟ ਨਾਗਰਿਕ ਹੋਣ ਦੇ ਨਾਤੇ ਐਚਡੀਐਫਸੀ ਬੈਂਕ ਵਿਅਕਤੀਆਂ ਅਤੇ ਪਰਿਵਾਰਾਂ ਵਿੱਚ ਅਰਥਪੂਰਨ ਤਬਦੀਲੀ ਲਿਆਉਣ 'ਤੇ ਬਰਾਬਰ ਕੇਂਦ੍ਰਿਤ ਹੈ।

# ਫੂਡ ਇੰਸਪੈਕਟਰ ਲੈਪਟਾਪਾਂ ਨਾਲ ਹੋਣਗੇ ਹਾਈਟੈੱਕ; ਲਾਲ ਚੰਦ ਕਟਾਰੂਚੱਕ ਨੇ ਡਿਜੀਟਲ ਪਹਿਲਕਦਮੀ ਲਈ ਦਿੱਤੀ ਮਨਜ਼ੂਰੀ

**ਚੰਡੀਗੜ੍ਹ, 26 ਅਗਸਤ**
**-ਹਰਮਨਪ੍ਰੀਤ ਕੌਰ-**

ਤਕਨਾਲੋਜੀ ਦੇ ਨਵੇਂ ਯੁੱਗ ਨਾਲ ਕਦਮ ਮਿਲਾ ਕੇ ਚੱਲਣ ਦੀ ਦਿਸ਼ਾ ਵਿੱਚ ਇੱਕ ਮਿਸਾਲੀ ਕਦਮ ਚੁੱਕਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਇੰਸਪੈਕਟਰ ਕਾਡਰ ਦੇ ਅਧਿਕਾਰੀਆਂ ਲਈ ਲੈਪਟਾਪਾਂ ਦੀ ਖਰੀਦ ਲਈ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ।

ਵਿਭਾਗ ਦੀ ਇੰਸਪੈਕਟਰ ਯੂਨੀਅਨ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਇਸ ਕਦਮ ਨੂੰ ਇੱਕ ਇਤਿਹਾਸਿਕ ਫ਼ੈਸਲਾ ਕਰਾਰ ਦਿੱਤਾ, ਜਿਸ ਨਾਲ ਇੰਸਪੈਕਟਰ ਹੁਣ ਵਧੇਰੇ ਸਟੀਕਤਾ ਅਤੇ ਪਾਰਦਰਸ਼ਿਤਾ ਨਾਲ ਆਪਣੀ ਡਿਊਟੀ ਨਿਭਾਉਣ ਦੇ ਯੋਗ ਬਣ ਜਾਣਗੇ, ਕਿਉਂਜੋ ਉਹ ਜ਼ਮੀਨੀ ਪੱਧਰ 'ਤੇ ਵਿਭਾਗ ਦੇ ਅਸਲ ਸਿਪਾਹੀ ਹਨ।

ਮੰਤਰੀ ਨੇ ਅੱਗੇ ਕਿਹਾ ਕਿ ਇਹ ਫ਼ੈਸਲਾ ਇਸ ਲਈ ਵੀ ਅਹਿਮ ਹੋ ਜਾਂਦਾ ਹੈ ਕਿਉਂਕਿ ਇੰਸਪੈਕਟਰ ਹੇਠਲੇ ਪੱਧਰ 'ਤੇ ਖਰੀਦ ਪ੍ਰਕਿਰਿਆ ਨਾਲ ਜੁੜੇ ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਭਾਈਵਾਲਾਂ ਨਾਲ ਸਿੱਧਾ ਰਾਬਤਾ ਕਾਇਮ ਕਰਦੇ ਹਨ।

ਮੰਤਰੀ ਨੇ ਇੰਸਪੈਕਟਰਾਂ ਲਈ ਸਫਰੀ ਭੱਤਾ (ਕਨਵੇਐਂਸ ਅਲਾਊਂਸ) ਨੂੰ ਵੀ ਮਨਜ਼ੂਰੀ ਦਿੱਤੀ ਤਾਂ ਜੋ ਉਨ੍ਹਾਂ ਨੂੰ ਮੰਡੀਆਂ ਦਾ ਦੌਰਾ ਕਰਨ ਅਤੇ ਖਾਸ ਤੌਰ 'ਤੇ ਖਰੀਦ ਕਾਰਜਾਂ ਦੌਰਾਨ ਜ਼ਮੀਨੀ ਸਥਿਤੀ ਦਾ ਜਾਇਜ਼ਾ ਲੈਣ ਵਿੱਚ ਕੋਈ ਦਿੱਕਤ ਨਾ ਆਵੇ।

ਵਿਭਾਗ ਦੇ ਦਫ਼ਤਰਾਂ ਦੇ ਸੁਚਾਰੂ ਅਤੇ ਸੁਚੱਜੇ ਕੰਮਕਾਜ ਨੂੰ ਯਕੀਨੀ ਬਣਾਉਣ ਦੇ ਮਕਸਦ ਨਾਲ ਮਜ਼ਬੂਤ ਬੁਨਿਆਦੀ



ਢਾਂਚੇ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਸ੍ਰੀ ਕਟਾਰੂਚੱਕ ਨੇ ਇਨਫਰਾਸਟ੍ਰਕਚਰ ਅਲਾਊਂਸ ਨੂੰ ਵੀ ਪ੍ਰਵਾਨਗੀ ਦਿੱਤੀ, ਜਿਸ ਨਾਲ ਇੰਸਪੈਕਟਰ ਆਪਣੇ ਦਫ਼ਤਰਾਂ ਵਿੱਚ ਵਧੀਆ ਮਿਆਰ ਦਾ ਫ਼ਰਨੀਚਰ ਯਕੀਨੀ ਬਣਾ ਸਕਣਗੇ ਅਤੇ ਦਫ਼ਤਰੀ ਮਾਹੌਲ ਹੋਰ ਬਿਹਤਰ ਬਣ ਸਕੇਗਾ।

ਮੰਤਰੀ ਨੇ ਇੰਸਪੈਕਟਰਾਂ ਨੂੰ ਸਮਾਜ ਦੇ ਗਰੀਬ ਵਰਗਾਂ ਲਈ ਆਉਂਦਾ ਅਨਾਜ ਉਨ੍ਹਾਂ ਤੱਕ ਹਰ ਹਾਲਤ ਵਿੱਚ ਪਹੁੰਚਣਾ ਯਕੀਨੀ ਬਣਾਉਣ ਲਈ ਵੀ ਪ੍ਰੇਰਿਆ। ਸ੍ਰੀ ਕਟਾਰੂਚੱਕ ਨੇ ਕਿਹਾ ਕਿ ਇਸ ਮਾਮਲੇ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਪਨਗਰੇਨ ਦੇ ਵਧੀਕ ਪ੍ਰਬੰਧ ਨਿਰਦੇਸ਼ਕ ਕਮਲ ਕੁਮਾਰ ਗਰਗ, ਵਧੀਕ ਨਿਰਦੇਸ਼ਕ ਡਾ. ਅੰਜੁਮਨ ਭਾਸਕਰ ਅਤੇ ਅਜੈਵੀਰ ਸਿੰਘ ਸਰਾਓ ਮੌਜੂਦ ਸਨ।

# ਬੀਕੇਯੂ ਉਗਰਾਹਾਂ ਵੱਲੋਂ ਡੀਐਸਪੀ ਦ.ਫਤਰ ਦਿੱਤਾ ਗਿਆ ਰੋਸ ਧਰਨਾ

**ਮੂਨਕ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੂਨਕ ਦੇ ਕਿਸਾਨਾਂ ਵੱਲੋਂ ਅੱਜ ਬਲਾਕ ਪ੍ਰਧਾਨ ਸੁਖਦੇਵ ਸਿੰਘ ਕੜੈਲ ਦੀ ਅਗਵਾਈ ਹੇਠ ਡੀ ਐਸ ਪੀ ਦਫ਼ਤਰ ਮੂਹਰੇ ਰੋਸ ਧਰਨਾ ਦਿੱਤਾ ਗਿਆ ਧਰਨੇ ਵਿੱਚ ਆਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਮੂਨਕ ਬਲਾਕ ਦੇ ਆਗੂ ਬੰਟੀ ਢੀਂਡਸਾ ਬਲਵਿੰਦਰ ਮਨਿਆਣਾ ਬੱਬੂ ਚੱਠਾ ਕੁਲਦੀਪ ਗੁਲਾੜੀ ਰਿੰਕੂ ਮੂਣਕ ਅਤੇ ਰਮੇਸ਼ ਅਣਦਾਣਾ ਨੇ ਦੱਸਿਆ ਕਿ ਡੀ ਐਸ ਪੀ ਮੂਣਕ ਦਾ ਕਿਸਾਨ ਜਥੇਬੰਦੀਆਂ ਦੇ ਆਗੂਆਂ ਪ੍ਰਤੀ ਰਵੱਈਆ ਬਿਲਕੁਲ ਗਲਤ ਹੈ ਕਿਉਂਕਿ ਕਿਸਾਨ ਜਥੇਬੰਦੀਆਂ ਦੇ ਆਗੂ ਬਿਨਾਂ ਪੈਸਾ ਧੇਲਾ ਦਿੱਤੇ ਲੋਕਾਂ ਦੇ ਜਾਇਜ਼ ਕੰਮ ਕਰਵਾਉਂਦੇ ਹਨ ਜਿਸ ਦੀ ਪੀੜ ਡੀ ਐਸ ਪੀ ਸਾਬ ਨੂੰ ਮਹਿਸੂਸ ਹੁੰਦੀ ਹੈ ਜਿਸ ਦੇ ਰੋਸ ਵਜੋਂ ਅੱਜ ਧਰਨਾ ਦਿੱਤਾ ਗਿਆ ਜੇਕਰ ਡੀ ਐਸ ਪੀ ਮੂਣਕ ਵੱਲੋਂ ਅਪਣੀ ਗਲਤੀ ਮਹਿਸੂਸ ਕਰ ਅਤੇ ਅੱਗੇ ਲਈ ਅਪਣਾ ਵਿਵਹਾਰ ਸਹੀ ਕਰਨ ਦਾ ਭਰੋਸਾ ਨਹੀਂ ਦਿੱਤਾ ਜਾਂਦਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਖਾਲਸਾ ਸਕੂਲ 'ਚ ਮਨਾਇਆ ਮੇਲਾ ਤੀਆਂ ਦਾ, ਪੰਜਾਬੀ ਸੱਭਿਆਚਾਰ ਦੀ ਪੇਸ਼ ਕੀਤੀ ਝਲਕ




**ਮਾਛੀਵਾੜਾ ਸਾਹਿਬ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਸਾਉਣ ਦੇ ਮਹੀਨੇ ਮਨਾਇਆ ਜਾਣ ਵਾਲਾ ਤੀਆਂ ਦਾ ਤਿਉਹਾਰ ਸਮੁੱਚੇ ਸਟਾਫ਼ ਅਤੇ ਲੜਕੀਆਂ ਵੱਲੋਂ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਮੈਡਮ ਹਰਿੰਦਰ ਪਾਲ ਕੌਰ ਤੂਰ ਨੇ ਕਿਹਾ ਕਿ ਬੱਚਿਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜਨ ਲਈ ਅਤੇ ਵਿਦਿਆਰਥੀਆਂ 'ਚ ਵਧ ਰਹੇ ਪੱਛਮੀ ਪ੍ਰਭਾਵ ਨੂੰ ਘਟਾਉਣ ਲਈ ਅਜਿਹੇ ਪ੍ਰੋਗਰਾਮ ਬਹੁਤ ਜ਼ਰੂਰੀ ਹਨ ਤਾਂ ਜੋ ਨਵੀਂ ਪੀੜ੍ਹੀ ਆਪਣੇ ਪੁਰਾਤਨ ਵਿਰਸੇ ਅਤੇ ਸੱਭਿਆਚਾਰ ਤੋਂ ਜਾਣੂ ਹੋ ਸਕੇ। ਇਸ ਮੌਕੇ ਸਕੂਲ ਦੇ ਸਮੁੱਚੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਵਧੀਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮਾਣ ਵਾਲੀ ਗੱਲ ਹੈ ਕਿ ਸਕੂਲ ਦੀਆਂ ਸਾਰੀਆਂ ਵਿਦਿਆਰਥਣਾਂ ਨੇ ਇਸ ਵਿਚ ਵੱਧ ਚੜ੍ਹ ਕੇ ਭਾਗ ਲਿਆ। ਉਨ੍ਹਾਂ ਵੱਲੋਂ ਜਿੱਥੇ ਪੁਰਾਤਨ ਸੱਭਿਆਚਾਰ ਦੀ ਝਲਕ ਪੇਸ਼ ਕੀਤੀ ਗਈ, ਉੱਥੇ ਹੀ ਸਮਾਜ ਨੂੰ ਸੁਨੇਹੇ ਦਿੰਦੇ ਹੋਏ ਨਾਟਕ, ਸਕਿੱਟ ਅਤੇ ਕੋਰਿਓਗ੍ਰਾਫੀ ਵੀ ਪੇਸ਼ ਕੀਤੀ ਗਈ। ਇਸ ਸਮੁੱਚੇ ਪ੍ਰੋਗਰਾਮ ਨੂੰ ਮੈਡਮ ਨਵਦੀਪ ਕੌਰ ਵੱਲੋਂ ਸਚਾਰੂ ਢੰਗ ਦੇ ਨਾਲ ਚਲਾਇਆ ਗਿਆ। ਅੱਜ ਦੇ ਇਸ ਪ੍ਰੋਗਰਾਮ 'ਚ ਇਸ਼ਮੀਤ ਕੌਰ ਜਮਾਤ ਦਸਵੀਂ ਨੂੰ ਮਿਸ ਤੀਜ (ਸੈਸ਼ਨ 2026-27) ਦਾ ਖਿਤਾਬ ਦਿੱਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਵੰਨਗੀਆਂ ਦੀ ਚੋਣ ਕੀਤੀ ਗਈ ਜਿਨ੍ਹਾਂ ਨਾਲ ਸੰਬੰਧਿਤ ਵਿਦਿਆਰਥੀਆਂ ਨੂੰ ਵੱਖ-ਵੱਖ ਖਿਤਾਬਾਂ ਦੇ ਨਾਲ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਡਾਇਰੈਕਟਰ ਬਲਜਿੰਦਰ ਸਿੰਘ ਤੂਰ ਨੇ ਕਿਹਾ ਕਿ ਖਾਲਸਾ ਪਬਲਿਕ ਸਕੂਲ ਦਾ ਸ਼ੁਰੂ ਤੋਂ ਇਹ ਉਦੇਸ਼ ਰਿਹਾ ਹੈ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ।

ਜਿੱਥੇ ਵਿਦਿਆਰਥੀ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਧਾਰਮਿਕ ਵਿਦਿਆ ਦਿੱਤੀ ਜਾਂਦੀ ਹੈ ਉਥੇ ਖੇਡਾਂ ਅਤੇ ਆਪਣੇ ਸੱਭਿਆਚਾਰ ਨਾਲ ਜੋੜਨ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾਂਦੇ ਹਨ। ਇਸ ਮੌਕੇ ਮੈਡਮ ਰੀਨਾ, ਸੁਖਦੇਵ ਸਿੰਘ, ਅਮਰਿੰਦਰ ਸਿੰਘ, ਰੋਹਿਤ ਮਹਿਰਾ, ਗੁਰਬਿੰਦਰ ਸਿੰਘ, ਮੈਡਮ ਗੁਰਪ੍ਰੀਤ ਕੌਰ, ਮੈਡਮ ਕਿਰਨ, ਮੈਡਮ ਅਨੂੰ, ਮੈਡਮ ਅਸ਼ਨਦੀਪ ਕੌਰ ਮੈਡਮ ਹਰਜੋਤ ਕੌਰ ਆਦਿ ਹਾਜ਼ਰ ਸਨ।

# ਵਪਾਰੀਆਂ ਨਾਲ ਸਿੱਧਾ ਰਾਬਤਾ ਬਣਾਕੇ ਮੁਸ਼ਕਲਾਂ ਤੇ ਸ਼ਿਕਾਇਤਾਂ ਦੇ ਸਮੇਂ ਸਿਰ ਨਿਪਟਾਰੇ ਨੂੰ ਯਕੀਨੀ ਬਣਾਇਆ ਜਾਵੇ: ਡਿਪਟੀ ਕਮਿਸ਼ਨਰ

**ਜਲੰਧਰ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਅੱਜ ਵੱਖ-ਵੱਖ ਵਿਭਾਗਾਂ ਅਤੇ ਪੰਜਾਬ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਦੇ ਨਾਲ ਵਪਾਰੀਆਂ ਨੂੰ ਦਰਪੇਸ਼ ਮੁਸ਼ਕਿਲਾਂ ਤੇ ਸ਼ਿਕਾਇਤਾਂ ਦਾ ਨਿਰਧਾਰਿਤ ਸਮੇਂ ਵਿੱਚ ਹੱਲ ਕਰਕੇ ਉਹਨਾਂ ਨੂੰ ਰਾਹਤ ਪਹੁੰਚਾਉਣ ਲਈ ਸਮੀਖਿਆ ਮੀਟਿੰਗ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰੀਆਂ ਦੀਆਂ ਹਰ ਤਰ੍ਹਾਂ ਦੀਆਂ ਮੁਸ਼ਕਿਲਾਂ ਤੇ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਅਧਿਕਾਰੀਆ ਨੂੰ ਹਦਾਇਤ ਕੀਤੀ ਕਿ ਵੱਖ-ਵੱਖ ਵਪਾਰੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਹਨਾਂ ਨੂੰ ਦਰਪੇਸ਼ ਸਮੱਸਿਆਵਾਂ ਤੇ ਸ਼ਿਕਾਇਤਾਂ ਦਾ ਨਿਰਧਾਰਿਤ ਸਮੇਂ ਵਿੱਚ ਪਾਰਦਰਸ਼ੀ ਢੰਗ ਨਾਲ ਹੱਲ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਵਪਾਰੀ ਵਰਗ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਜਾਂ ਬੇਲੋੜੀ ਦੇਰੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਤੇ ਕਮਿਸ਼ਨ ਦੇ ਜ਼ਿਲ੍ਹਾ ਤੇ ਹਲਕਾ ਪੱਧਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ www.punjabdisewa.com ਪੋਰਟਲ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ ਅਤੇ ਪੋਰਟਲ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਆਪਣੇ ਵਪਾਰ ਤੇ ਕਾਰੋਬਾਰ ਲਈ ਹੋਰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ।



ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਮੀਟਿੰਗ ਦੌਰਾਨ ਪੋਰਟਲ 'ਤੇ ਪ੍ਰਾਪਤ ਸ਼ਿਕਾਇਤਾਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਉਨ੍ਹਾਂ ਦੇ ਹੱਲ ਲਈ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਟਰੇਡਰਜ਼ ਕਮਿਸ਼ਨ ਦੇ ਨੁਮਾਇੰਦਿਆਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਮੰਤਵ ਵਪਾਰੀਆਂ ਦੀਆਂ ਮੁਸ਼ਕਲਾਂ ਦਾ ਢੁੱਕਵਾਂ ਤੇ ਸਮਾਂਬੱਧ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਜ਼ਿਲ੍ਹਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ, ਜਿਸ ਦੇ ਲਈ ਪੋਰਟਲ 'ਤੇ ਦਰਜ ਸ਼ਿਕਾਇਤਾਂ ਦੀ ਪ੍ਰਗਤੀ ਦੀ ਨਿਯਮਿਤ ਸਮੀਖਿਆ ਕੀਤੀ ਜਾ ਰਹੀ ਹੈ।

ਇਸ ਮੌਕੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰੀਆਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਸਮਾਂਬੱਧ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੀ.ਐਸ.ਟੀ.ਸੀ. ਪੋਰਟਲ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਪ੍ਰਭਾਵਸ਼ਾਲੀ ਮੰਚ ਹੈ। ਉਨ੍ਹਾਂ ਕਿਹਾ ਕਿ ਟਰੇਡਰਜ਼ ਕਮਿਸ਼ਨ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪ੍ਰਸ਼ਾਸਨ ਤੇ ਵਪਾਰੀਆਂ ਵਿਚਕਾਰ ਇਕ ਪੁਲ ਵਜੋਂ ਕੰਮ ਕਰ ਰਿਹਾ ਹੈ। ਉਨ੍ਹਾਂ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੋਰਟਲ 'ਤੇ ਪ੍ਰਾਪਤ ਹਰੇਕ ਸ਼ਿਕਾਇਤ ਦਾ ਨਿਪਟਾਰਾ ਸਮਾਂਬੱਧ ਢੰਗ ਨਾਲ ਕੀਤਾ ਜਾਵੇ ਤਾਂ ਜੋ ਵਪਾਰੀਆਂ ਨੂੰ ਵਪਾਰ ਲਈ ਹੋਰ ਬਿਹਤਰ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਯਾ ਪੀ., ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਟਰੇਡਰਜ਼ ਕਮਿਸ਼ਨ ਦੇ ਮੈਂਬਰ ਹਰਿੰਦਰਪਾਲ ਸਿੰਘ ਮਨੋਚਾ ਅਤੇ ਇੰਦਰਵੰਸ਼ ਸਿੰਘ ਚੱਢਾ ਤੋਂ ਇਲਾਵਾ ਕਮਿਸ਼ਨ ਦੇ ਹੋਰ ਨੁਮਾਇੰਦੇ ਵੀ ਮੌਜੂਦ ਸਨ।

# ਸਾਡੇ ਸੀਨੇ ਤੇ ਚਲਾਕੇ ਨਿੱਤ ਆਰੀਆਂ, ਯਾਰ ਸਾਡੇ ਇਉਂ ਨਿਭਾਉਂਦੇ ਨੇ ਯਾਰੀਆਂ ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਮਿਲਣੀ ਹੋਈ



**ਮਾਛੀਵਾੜਾ ਸਾਹਿਬ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਇਕੱਤਰਤਾ ਇੱਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਭਾ ਦੇ ਪ੍ਰਧਾਨ ਐੱਸ. ਨਸੀਮ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਇੱਕ ਸ਼ੋਕ ਮਤੇ ਰਾਹੀਂ ਉੱਘੇ ਸਾਹਿਤਕਾਰ ਧਰਮਪਾਲ ਉਪਾਸ਼ਕ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਤਰਨ ਰਾਮਪੁਰ ਨੇ ਕਵਿਤਾ ਦੇ ਰੂਪ ਵਿੱਚ ਕੁਝ ਖ਼ਿਆਲ ਪੇਸ਼ ਕੀਤੇ। ਫਿਰ ਅਮਰਿੰਦਰ ਸੋਹਲ ਰਾਮਪੁਰ ਨੇ ਕਵਿਤਾ 'ਕਿੱਥੇ ਨੇ ਅੱਜ ਤੈਨੂੰ ਮਾਂ ਕਹਿਣ ਵਾਲੇ' ਅਤੇ ਇੱਕ ਗ਼ਜ਼ਲ 'ਸਾਡੇ ਸੀਨੇ ਤੇ ਚਲਾ ਕੇ ਨਿੱਤ ਆਰੀਆਂ, ਯਾਰ ਸਾਡੇ ਇਉਂ ਨਿਭਾਉਂਦੇ ਨੇ ਯਾਰੀਆਂ', ਸੁਣਾਈ।ਇਹਨਾਂ ਰਚਨਾਵਾਂ ਤੇ ਕਾਫ਼ੀ ਚਰਚਾ ਹੋਈ। ਇਸ ਉਪਰੰਤ ਬਲਜਿੰਦਰ ਸਿੰਘ ਨੇ ਆਪਣੀ ਗ਼ਜ਼ਲ 'ਸਤਾਉਂਦੀ ਜ਼ਿੰਦਗੀ ਹਰ ਪਲ ਮੈਂ ਫਿਰ ਵੀ ਮੁਸਕਰਾਉਂਦਾ ਹਾਂ, ਉਹ ਆਪਣੀ ਜਿ ?ਦ ਪਗਾਉਂਦੀ ਹੈ ਮੈਂ ਆਪਣੀ ਜ਼ਿਦ ਪੁਗਾਉਂਦਾ ਹਾਂ', ਸੁਣਾਈ। ਗ਼ਜ਼ਲ 'ਤੇ ਗੱਲਬਾਤ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਮੌਲਣਾ ਵੀ ਉਸੇ ਨੂੰ ਸਿਖਾਉਂਦੀ ਰਹੀ, ਖ਼ਾਕ ਆਪਣੇ 'ਚ ਜਿਸ ਨੂੰ ਮਿਲਾਉਂਦੀ ਰਹੀ', ਸੁਣਾਈ। ਗ਼ਜ਼ਲ ਨੂੰ ਕਾਫੀ ਹੁੰਗਾਰਾ ਮਿਲਿਆ।

ਇਸ ਤੋਂ ਬਾਅਦ ਸ਼ਾਇਰ ਐੱਸ. ਨਸੀਮ ਨੇ ਆਪਣੀ ਗ਼ਜ਼ਲ 'ਤੁਸੀਂ ਨਾ ਪੁੱਛੋ ਮੈਂ ਬੇਬਸੀ ਵਿੱਚ ਕਿਨ੍ਹਾਂ ਕਿਨ੍ਹਾਂ ਨੂੰ ਸਵਾਲ ਕੀਤੇ, ਸਿਆਸਤਾਂ ਨੂੰ ਅਦਾਵਤਾਂ ਨੂੰ ਮੁਹੱਬਤਾਂ ਨੂੰ ਸਵਾਲ ਕੀਤੇ', ਸੁਣਾਈ।ਇਸ ਗ਼ਜ਼ਲ ਦੀ ਕਾਫ਼ੀ ਤਾਰੀਫ਼ ਹੋਈ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ 'ਤੇ ਉਸਾਰੂ ਚਰਚਾ ਵਿੱਚ ਗੁਰਭਗਤ ਸਿੰਘ ਗਿੱਲ, ਰਾਮਪੁਰ ਤੋਂ ਆਏ ਸਰਪ੍ਰਸਤ ਗੁਰਦਾਸ ਸਿੰਘ ਅਤੇ ਹਾਜ਼ਰ ਸਹਿਤਕਾਰਾਂ ਨੇ ਭਾਗ ਲਿਆ ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ ਵਿੱਚ ਪ੍ਰਧਾਨ ਐੱਸ. ਨਸੀਮ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

# ਪਿੰਡ ਬਾਸੀਅਰਖ ਵਿਖੇ ਅਕਾਲੀ ਦਲ ਨੂੰ ਵੱਡਾ ਸਿਆਸੀ ਝਟਕਾ; ਆਦਰ ਸਿੰਘ ਤੇ ਰਣਧੀਰ ਸਿੰਘ ਨੰਬਰਦਾਰ ਸਮੇਤ ਦਰਜਨਾਂ ਸਾਥੀ 'ਆਪ' ਵਿੱਚ ਸ਼ਾਮਲ

**ਭਵਾਨੀਗੜ੍ਹ, 26 ਅਗਸਤ**
**-ਜਗਦੇਵ ਰੰਚਨਾਂ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਨ ਸਭਾ ਹਲਕਾ ਸੰਗਰੂਰ ਦੇ ਪਿੰਡ ਬਾਸੀਅਰਖ ਵਿਖੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਵਿਧਾਇਕ ਨਰਿੰਦਰ ਕੌਰ ਭਰਾਜ ਦੀ ਅਗਵਾਈ ਹੇਠ ਆਦਰ ਸਿੰਘ ਅਤੇ ਰਣਧੀਰ ਸਿੰਘ ਨੰਬਰਦਾਰ ਸਮੇਤ ਦਰਜਨਾਂ ਸਾਥੀਆਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਆਖਦਿਆਂ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਜ਼ਮੀਨੀ ਪੱਧਰ 'ਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਰਵਾਇਤੀ ਪਾਰਟੀਆਂ ਨਾਲ ਜੁੜੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਰਾਜਨੀਤੀ ਨੂੰ ਸਿਰਫ਼ ਵਾਅਦਿਆਂ ਤੱਕ ਸੀਮਤ ਰੱਖਣ ਦੀ ਬਜਾਏ ਲੋਕਾਂ ਦੀਆਂ ਜ਼ਰੂਰਤਾਂ ਅਤੇ ਸਮੱਸਿਆਵਾਂ ਨੂੰ ਪਹਿਲ ਦਿੱਤੀ ਹੈ। ਸਿੱਖਿਆ ਅਤੇ ਸਿਹਤ ਸਹੂਲਤਾਂ ਵਿੱਚ ਸੁਧਾਰ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ, ਬਿਜਲੀ ਸਹੂਲਤਾਂ, ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਹੋਰ ਲੋਕ-ਭਲਾਈ ਦੇ ਕੰਮ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਵਿਕਾਸ ਦੀਆਂ ਨਵੀਆਂ ਲੀਹਾਂ 'ਤੇ ਲਿਜਾਣ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਵਿਧਾਇਕ ਭਰਾਜ ਨੇ ਕਿਹਾ ਕਿ ਸੰਗਰੂਰ ਹਲਕੇ ਦਾ ਸਰਬਪੱਖੀ ਵਿਕਾਸ



ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਸੜਕਾਂ, ਸੀਵਰੇਜ, ਪੀਣ ਵਾਲਾ ਪਾਣੀ, ਸਿਹਤ, ਸਿੱਖਿਆ, ਖੇਡਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਵਿਚਕਾਰ ਜਾ ਕੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਲੋੜੀਂਦੇ ਕਦਮ ਚੁੱਕਣਾ ਉਨ੍ਹਾਂ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ।

ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਅਜਿਹਾ ਮੰਚ ਹੈ, ਜਿੱਥੇ ਹਰ ਮਿਹਨਤੀ ਅਤੇ ਸਮਰਪਿਤ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਆਦਰ ਸਿੰਘ, ਰਣਧੀਰ ਸਿੰਘ ਨੰਬਰਦਾਰ ਅਤੇ ਹੋਰ ਸਾਥੀਆਂ ਦੇ ਪਾਰਟੀ ਨਾਲ ਜੁੜਨ ਨਾਲ ਪਿੰਡ ਬਾਸੀਅਰਖ ਵਿੱਚ ਆਮ ਆਦਮੀ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸਾਰੇ ਨਵੇਂ ਅਤੇ ਪੁਰਾਣੇ ਸਾਥੀਆਂ ਨੂੰ ਨਾਲ ਲੈ ਕੇ ਪਿੰਡ ਅਤੇ ਹਲਕੇ ਦੇ ਵਿਕਾਸ ਲਈ ਹੋਰ ਵੀ ਉਤਸ਼ਾਹ ਨਾਲ ਕੰਮ ਕੀਤਾ ਜਾਵੇਗਾ।

ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਆਦਰ ਸਿੰਘ, ਪਿਆਰਾ ਸਿੰਘ, ਜੋਗਿੰਦਰ ਸਿੰਘ, ਕਰਮਜੀਤ ਸਿੰਘ, ਪਿਆਰਾ ਸਿੰਘ, ਰਣਧੀਰ ਸਿੰਘ, ਅਮਰੀਕ ਸਿੰਘ, ਗੁਰਬਖਸ਼ੀਸ਼ ਸਿੰਘ, ਤਜਿੰਦਰ ਸਿੰਘ, ਹੀਰਾ ਸਿੰਘ, ਸਤਨਾਮ ਸਿੰਘ, ਬਲਵੀਰ ਸਿੰਘ, ਸੁਖਵੀਰ ਸਿੰਘ, ਰਣਜੀਤ ਸਿੰਘ, ਅਮਰਜੀਤ ਸਿੰਘ, ਗੁਰਮਿੰਦਰ ਸਿੰਘ, ਸਾਹਿਬਦੀਪ ਸਿੰਘ ਅਤੇ ਰਣਜੀਤ ਸਿੰਘ ਸ਼ਾਮਲ ਹਨ।

ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਆਦਰ ਸਿੰਘ, ਰਣਧੀਰ ਸਿੰਘ ਨੰਬਰਦਾਰ ਅਤੇ ਹੋਰ ਸਾਥੀਆਂ ਨੇ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਅਤੇ ਵਿਧਾਇਕ ਭਰਾਜ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਪਾਰਟੀ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ।

ਵਿਧਾਇਕ ਭਰਾਜ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਹਿਯੋਗ ਅਤੇ ਵਿਸ਼ਵਾਸ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਭੇਦਭਾਵ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਦੇ ਕੰਮ ਕਰਵਾਉਣ ਲਈ ਉਹ ਵਚਨਬੱਧ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਸੰਗਰੂਰ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਲਈ ਸੇਵਾ ਅਤੇ ਵਿਕਾਸ ਦਾ ਇਹ ਸਫ਼ਰ ਇਸੇ ਤਰ੍ਹਾਂ ਲਗਾਤਾਰ ਜਾਰੀ ਰਹੇਗਾ।

ਇਸ ਮੌਕੇ ਲਖਵਿੰਦਰ ਲੱਖਾ, ਸਨਦੀਪ ਬਾਸੀਅਰਖ, ਦਰਸ਼ਨ ਸਿੰਘ ਬਾਸੀਅਰਖ, ਗੁਰਚਰਨ ਸਿੰਘ ਨਰੈਣਗੜ੍ਹ, ਜਗਸੀਰ ਝਨੇੜੀ ਅਤੇ ਸਮੂਹ ਪੰਚਾਇਤ ਬਾਸੀਅਰਖ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

# 1947 ਦੀ ਵੰਡ ਨੂੰ ਯਾਦ ਕਰਦਿਆ ਝਾੜ ਸਾਹਿਬ ਕਾਲਜ ਵਿਖੇ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆ



**ਮਾਛੀਵਾੜਾ ਸਾਹਿਬ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਦੀ ਅਗਵਾਈ ਹੇਠ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਕਾਲਜ ਦੇ ਇਤਿਹਾਸ ਵਿਭਾਗ ਅਤੇ ਰਾਜਨੀਤੀ ਵਿਭਾਗ ਵੱਲੋਂ ਆਈ.ਕਿਊ.ਏ.ਸੀ. ਦੇ ਸਹਿਯੋਗ ਨਾਲ ਭਾਰਤ ਵੰਡ ਦੀ ਤ੍ਰਾਸਦੀ ਨੂੰ ਸਮਰਪਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆ ਗਈਆਂ।

ਇਸ ਮੌਕੇ ਵਿਦਿਆਰਥਣਾਂ ਨੂੰ ਵੰਡ ਦੇ ਇਤਿਹਾਸਕ ਮਹੱਤਵ ਅਤੇ ਇਸ ਦੇ ਪ੍ਰਭਾਵ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਵਿਦਿਆਂਰਥਣਾਂ ਨੂੰ ਸ਼ਾਤੀ, ਏਕਤਾ ਭਾਈਚਾਰਕ ਸਾਂਝ ਅਤੇ ਮਨੁੱਖੀ ਕਦਰਾਂ-ਕੀਮਤਾਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਦਾ ਉਦੇਸ਼ ਦਿੱਤਾ ਗਿਆ। ਸਮਾਗਮ ਤਹਿਤ ਵੰਡ ਦੇ ਇਤਿਹਾਸਕ ਪਿਛੋਕੜ ਅਤੇ ਮਹੱਤਵ ਬਾਰੇ ਵਿਸ਼ੇਸ ਲੈਕਚਰ, ਰਾਸ਼ਟਰੀ ਆਨਲਾਇਨ ਕਵਿਜ਼, ਡਾਕੂਮੈਂਟਰੀ, ਫਿਲਮ ਸਕੀਨਿੰਗ, ਪੋਸਟਰ ਚਾਰਟ ਮੇਕਿੰਗ ਮੁਕਾਬਲਾ ਅਤੇ ਕਹਾਣੀਕਥਨ ਕਰਵਾਏ ਗਏ। ਇਸ ਤੋਂ ਇਲਾਵਾ ਵੰਡ ਦੌਰਾਨ ਸ਼ਹੀਦ ਹੋਏ ਲੋਕਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਵੀ ਦਿੱਤੀ ਗਈ। ਪ੍ਰੋ.ਅਰਸ਼ਦੀਪ ਕੌਰ ਹਿਸਟਰੀ ਵਿਭਾਗ ਨੇ ਆਪਣੇ ਵਿਸ਼ੇਸ ਲੈਕਚਰ ਦੌਰਾਨ ਵਿਦਿਆਰਥਣਾਂ ਨੂੰ ਵੰਡ ਨਾਲ ਜੁੜੇ ਇਤਿਹਾਸਕ ਪਿਛੋਕੜ, ਇਤਿਹਾਸਕ ਘਟਨਾਕ੍ਰਮ ਅਤੇ ਇਸ ਦੇ ਲੰਬੇ ਸਮੇਂ ਤੱਕ ਰਹੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥਣਾਂ ਲਈ ਮਾਈਗੌਵਰਨਮੈਂਟ ਪੋਰਟਲ ਰਾਹੀ ਰਾਸ਼ਟਰੀ ਆਨਲਾਇਨ ਕਵਿਜ਼ ਵੀ ਕਰਵਾਇਆ ਗਿਆ। ਇਸ ਗਤੀਵਿਧੀ ਦਾ ਉਦੇਸ਼ ਵੰਡ ਦੇ ਇਤਿਹਾਸ ਅਤੇ ਇਸ ਦੇ ਨਤੀਜਿਆਂ ਬਾਰੇ ਜਾਗਰੂਕਤਾ ਵਧਾਉਣਾ ਸੀ। ਇਸ ਮੌਕੇ ਵੰਡ ਨਾਲ ਸੰਬੰਧਿਤ ਡਾਕੂਮੈਂਟਰੀ ਫਿਲਮ ਵੀ ਵਿਖਾਈ ਗਈ। ਜਿਸ ਵਿੱਚ ਵਿਸਥਾਪਨ ਪਰਿਵਾਰਾਂ ਦਾ ਵਿਛੋੜਾ, ਘਰਾਂ ਅਤੇ ਜਾਇਦਾਦ ਦਾ ਨੁਕਸਾਨ ਅਤੇ ਫਿਰਕੂ ਹਿੰਸਾ ਕਾਰਨ ਲੋਕਾਂ ਨੂੰ ਹੋਏ ਨੁਕਸਾਨ ਬਾਰੇ ਦਰਸਾਇਆ ਗਿਆ। ਕਾਲਜ ਦੀਆਂ ਵਿਦਿਆਰਥਣਾਂ ਨੇ ਪੋਸਟਰ ਅਤੇ ਚਾਰਟ ਮੇਕਿੰਗ ਗਤੀਵਿਧੀ ਵਿੱਚ ਵੱਧ ਚੜ੍ਹ ਕੇ ਭਾਗ ਲਿਆ।

ਇਸ ਮੌਕੇ ਕਾਲਜ ਪ੍ਰਿੰਸੀਪਲ ਨੇ ਕਿਹਾ ਕਿ ਇਹਨਾਂ ਗਤੀਵਿਧੀਆਂ ਦਾ ਮੁੱਖ ਮਨੋਰਥ ਵਿਦਿਆਰਥਣਾਂ ਨੂੰ ਪੀੜਤਾਂ ਦੀਆਂ ਕਹਾਣੀਆਂ ਨੂੰ ਸੰਵੇਦਨਸ਼ੀਲ ਨਾਲ ਸੁਣਨ ਅਤੇ ਇਤਿਹਾਸਕ ਯਾਦਾਂ ਨੂੰ ਸੰਭਾਲਣ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਇਤਿਹਾਸ ਤੋਂ ਸਿੱਖਣਾ, ਆਪਸੀ ਸਦਭਾਵਨਾ ਕਾਇਮ ਰੱਖਣ ਅਤੇ ਸ਼ਾਤੀ ਏਕਤਾ, ਸਹਿਣਸ਼ੀਲਤਾ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਦਾ ਸੰਦੇਸ਼ ਵੀ ਮਿਲੇਗਾ ਇਸ ਲਈ ਕਾਲਜ ਵਿਖੇ ਵੱਖ-ਵੱਖ ਵਿਭਾਗ ਵੱਲੋਂ ਵਿਦਿਆ ਵਾਧਾ ਕਰਨ ਦੀ ਜਾਣਕਾਰੀ ਹਿੱਤ ਗਤੀਵਿਧੀਆਂ ਕਰਵਾਈਆਂ ਜਾਂਦੀਆ ਹਨ । ਇਸ ਮੌਕੇ ਪ੍ਰੋ.ਡਾ. ਸੁਨੀਤਾ ਕੌਸ਼ਲ, ਮਿਸ ਸਿਮਰਨਪ੍ਰੀਤ ਕੌਰ, ਮਿਸ ਕੁਲਵਿੰਦਰ ਕੌਰ, ਮਿਸ ਸਹਿਨਾਜ਼ ਆਦਿ ਹਾਜ਼ਰ ਸਨ।

# ਏਡੀਆਰ ਸੈਂਟਰ ਵਿਖੇ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਸਥਾਈ ਲੋਕ ਅਦਾਲਤ ਦੇ ਕੰਮਕਾਜ ਬਾਰੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ

**ਚੰਡੀਗੜ੍ਹ, 26 ਅਗਸਤ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ, ਯੂ.ਟੀ. ਚੰਡੀਗੜ੍ਹ ਨੇ ਸਰਕਾਰੀ ਕਾਲਜ ਆਵ ? ਕਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ (ਜੀਸੀਸੀਬੀਏ), ਸੈਕਟਰ 50, ਚੰਡੀਗੜ੍ਹ ਦੇ ਸਹਿਯੋਗ ਨਾਲ ਮੰਗਲਵਾਰ ਨੂੰ ਏਡੀਆਰ ਸੈਂਟਰ, ਸੈਕਟਰ 43, ਚੰਡੀਗੜ੍ਹ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ।

ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਵਿੱਚ ਜਨ ਉਪਯੋਗੀ ਸੇਵਾਵਾਂ ਲਈ ਸਥਾਈ ਲੋਕ ਅਦਾਲਤ ਦੇ ਸੰਕਲਪ, ਅਧਿਕਾਰ ਖੇਤਰ, ਲਾਭ ਅਤੇ ਕਾਰਜਪ੍ਰਣਾਲੀ ਬਾਰੇ ਜਾਗਰੂਕ ਕਰਨਾ ਸੀ।

ਪਰਮਾਨੈਂਟ ਲੋਕ ਅਦਾਲਤ ਫੌਰ ਪਬਲਿਕ ਯੂਟਿਲਿਟੀ ਸਰਵਿਸਿਜ਼, ਯੂ.ਟੀ. ਚੰਡੀਗੜ੍ਹ ਦੇ ਚੇਅਰਮੈਨ ਸ਼੍ਰੀ ਸੰਜੈ ਕੁਮਾਰ ਸਚਦੇਵਾ ਪ੍ਰੋਗਰਾਮ ਵਿੱਚ ਮੁੱਖ ਬੁਲਾਰੇ ਦੇ ਰੂਪ ਵਿੱਚ ਉਪਸਥਿਤ ਰਹੇ। ਉਨ੍ਹਾਂ ਦੇ ਨਾਲ ਪਰਮਾਨੈਂਟ ਲੋਕ ਅਦਾਲਤ ਫੌਰ ਪਬਲਿਕ ਯੂਟਿਲਿਟੀ ਸਰਵਿਸਿਜ਼ ਦੇ ਮੈਂਬਰ ਸ਼੍ਰੀਮਤੀ ਰੂਨਮ ਕੌਸ਼ਿਕ ਅਤੇ ਸ਼੍ਰੀਮਤੀ ਸੁਰਜੀਤ ਕੌਰ ਵਾਲੀਆ ਵੀ ਉਪਸਥਿਤ ਸਨ।




ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਸੰਜੈ ਕੁਮਾਰ ਸਚਦੇਵਾ ਨੇ ਟ੍ਰਾਂਸਪੋਰਟ, ਡਾਕ ਅਤੇ ਟੈਲੀਗ੍ਰਾਫ ਸੇਵਾਵਾਂ, ਬਿਜਲੀ, ਵਾਟਰ ਸਪਲਾਈ, ਸੈਨੀਟੇਸ਼ਨ, ਹਸਪਤਾਲ ਅਤੇ ਬੀਮਾ ਜਿਹੀਆਂ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਿਤ ਵਿਵਾਦਾਂ ਵਿੱਚ ਆਮ ਜਨਤਾ ਨੂੰ ਤੇਜ਼ ਅਤੇ ਕਿਫ਼ਾਇਤੀ ਨਿਆਂ ਪ੍ਰਦਾਨ ਕਰਨ ਵਿੱਚ ਸਥਾਈ ਲੋਕ ਅਦਾਲਤ ਦੀ ਭੂਮਿਕਾ ਬਾਰੇ ਵਿਸਤਾਰ ਨਾਲ ਦੱਸਿਆ।

ਉਨ੍ਹਾਂ ਨੇ ਪ੍ਰਤੀਭਾਗੀਆਂ ਨੂੰ ਦੱਸਿਆ ਕਿ ਸਥਾਈ ਲੋਕ ਅਦਾਲਤ ਸ਼ੁਰੂ ਵਿੱਚ ਸੁਲ੍ਹਾ-ਸਫ਼ਾਈ ਦੇ ਜ਼ਰੀਏ ਵਿਵਾਦ ਦਾ ਸਮਾਧਾਨ ਕਰਨ ਦਾ ਪ੍ਰਯਾਸ ਕਰਦੀ ਹੈ। ਸੁਲ੍ਹਾ ਨਾ ਹੋਣ ਦੀ ਸਥਿਤੀ ਵਿੱਚ ਉਹ ਮਾਮਲੇ ਦੇ ਗੁਣ-ਦੋਸ਼ ਦੇ ਅਧਾਰ 'ਤੇ ਨਿਰਣਾ ਦੇਣ ਲਈ ਸਮਰੱਥ ਹੈ ਅਤੇ ਇਸ ਦਾ ਨਿਰਣਾ ਅੰਤਿਮ ਅਤੇ ਬੰਧਨਕਾਰੀ ਹੁੰਦਾ ਹੈ। ਉਨ੍ਹਾਂ ਨੇ ਸਥਾਈ ਲੋਕ ਅਦਾਲਤ ਵਿੱਚ ਮਾਮਲਾ ਦਾਇਰ ਕਰਨ ਦੀ ਪ੍ਰਕਿਰਿਆ ਅਤੇ ਆਮ ਨਾਗਰਿਕਾਂ ਲਈ ਇਸ ਦੀ ਉਪਯੋਗਤਾ ਬਾਰੇ ਵੀ ਜਾਣਕਾਰੀ ਦਿੱਤੀ।

ਸ਼੍ਰੀਮਤੀ ਰੂਨਮ ਕੌਸ਼ਿਕ ਅਤੇ ਸ਼੍ਰੀਮਤੀ ਸੁਰਜੀਤ ਕੌਰ ਵਾਲੀਆ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਲੋਕ ਅਦਾਲਤ ਵਿਵਸਥਾ ਦੇ ਲਾਭਾਂ 'ਤੇ ਪ੍ਰਕਾਸ਼ ਪਾਇਆ ਅਤੇ ਵਿਦਿਆਰਥੀਆਂ ਨੂੰ ਸਮਾਜ ਵਿੱਚ ਵਿਕਲਪਿਕ ਵਿਵਾਦ ਸਮਾਧਾਨ ਤੰਤਰ ਬਾਰੇ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।

ਇਸ ਅਵਸਰ 'ਤੇ ਜੀਸੀਸੀਬੀਏ ਦੇ ਪ੍ਰਿੰਸੀਪਲ ਡਾ. ਸੰਗਮ ਕਪੂਰ; ਡੀਨ ਪ੍ਰੋ. ਪੂਨਮ ਅਗਰਵਾਲ;ਐੱਨਐੱਸਐੱਸ ਪ੍ਰੋਗਰਾਮ ਅਫ਼ਸਰ ਡਾ. ਆਂਚਲ ਮਲਿਕ; ਅਤੇ ਟ੍ਰੇਨਿੰਗ ਅਤੇ ਕਾਉਂਸਲਿੰਗ ਸੈੱਲ ਦੇ ਕਨਵੀਨਰ ਡਾ. ਆਰਤੀ ਕੌਸ਼ਲ ਵੀ ਮੌਜੂਦ ਸਨ।

ਡਾ. ਸੰਗਮ ਕਪੂਰ ਨੇ ਵਿਦਿਆਰਥੀਆਂ ਲਈ ਇਸ ਗਿਆਨ-ਵਰਧਕ ਸੈਸ਼ਨ ਦੇ ਆਯੋਜਨ ਹਿਤ ਸਟੇਟ ਲੀਗਲ ਸਰਵਿਸਿਜ਼ ਅਥਾਰਿਟੀ ਅਤੇ ਸਥਾਈ ਲੋਕ ਅਦਾਲਤ ਦੀ ਟੀਮ ਦਾ ਆਭਾਰ ਵਿਅਕਤ ਕੀਤਾ। ਉਨ੍ਹਾਂ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਨੌਜਵਾਨਾਂ ਲਈ ਅਤਿਅੰਤ ਲਾਭਕਾਰੀ ਹਨ।

ਇਹ ਸੈਸ਼ਨ ਇੰਟਰਐਕਟਿਵ ਰਿਹਾ ਅਤੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲੈਂਦੇ ਹੋਏ ਜਨ ਉਪਯੋਗੀ ਸੇਵਾਵਾਂ ਅਤੇ ਸਥਾਈ ਲੋਕ ਅਦਾਲਤ ਦੀ ਕਾਰਜਪ੍ਰਣਾਲੀ ਨਾਲ ਸਬੰਧਿਤ ਆਪਣੇ ਸ਼ੰਕਿਆਂ ਦਾ ਸਮਾਧਾਨ ਪ੍ਰਾਪਤ ਕੀਤਾ।



# ਹਰਿਆਣਾ ਖ਼ਬਰਨਾਮਾ



## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਰਾਜ ਪੱਧਰੀ ਸਮਾਰੋਹ ਵਿੱਚ ਕਾਮਨਵੈਲਥ ਖੇਡਾਂ ’ਚ ਤ.ਗਮਾ ਜੇਤੂਆਂ ਅਤੇ ਹਿੱਸਾ ਲੈਣ ਵਾਲਿਆਂ ਨੂੰ ਕੀਤਾ ਸਨਮਾਨਿਤ

**ਚੰਡੀਗੜ੍ਹ, 26 ਅਗਸਤ**
**-ਸੰਜੀਵ ਸਿੰਗਲਾ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬੁੱਧਵਾਰ ਨੂੰ ਪੰਚਕੂਲਾ ਵਿੱਚ ਆਯੋਜਿਤ ਕਾਮਨਵੈਲਥ ਗੇਮਜ਼-2026 ਦੇ ਤ.ਗਮਾ ਜੇਤੂਆਂ ਅਤੇ ਭਾਗੀਦਾਰਾਂ ਦੇ ਰਾਜ ਪੱਧਰੀ ਸਨਮਾਨ ਸਮਾਰੋਹ ਵਿੱਚ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ 24 ਖਿਡਾਰੀਆਂ ਨੂੰ 13 ਕਰੋੜ 97 ਲੱਖ 50 ਹਜ਼ਾਰ ਰੁਪਏ ਦੇ ਨਕਦ ਪੁਰਸਕਾਰ ਦਿੱਤੇ ਗਏ।

ਇਸ ਮੌਕੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ, ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ, ਸੰਸਦ ਮੈਂਬਰ ਸ੍ਰੀਮਤੀ ਰੇਖਾ ਸ਼ਰਮਾ, ਮੇਅਰ ਸ੍ਰੀ ਸ਼ਿਆਮ ਲਾਲ ਬਾਂਸਲ, ਖੇਡ ਵਿਭਾਗ ਦੀ ਪ੍ਰਧਾਨ ਸਕੱਤਰ ਸ੍ਰੀਮਤੀ ਅਮਨੀਤ ਪੀ. ਕੁਮਾਰ, ਖੇਡ ਵਿਭਾਗ ਦੇ ਡਾਇਰੈਕਟਰ ਸ੍ਰੀ ਪਾਰਥ ਗੁਪਤਾ, ਖਿਡਾਰੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

ਮੁੱਖ ਮੰਤਰੀ ਨੇ ਖਿਡਾਰੀਆਂ ਦੀਆਂ ਪ੍ਰਾਪਤੀਆਂ ’ਤੇ ਮਾਣ ਜਤਾਉਂਦਿਆਂ ਕਿਹਾ ਕਿ ਕਿਸੇ ਖਿਡਾਰੀ ਦੀ ਕਹਾਣੀ ਤ.ਗਮੇ ਤੋਂ ਸ਼ੁਰੂ ਨਹੀਂ ਹੁੰਦੀ। ਉਸ ਦੀ ਕਹਾਣੀ ਉਸ ਮਿੱਟੀ ਤੋਂ ਸ਼ੁਰੂ ਹੁੰਦੀ ਹੈ, ਜਿੱਥੇ ਉਸ ਨੇ ਪਹਿਲੀ ਵਾਰ ਦੌੜਨਾ ਸਿੱਖਿਆ, ਉਸ ਮੈਦਾਨ ਤੋਂ ਜਿੱਥੇ ਉਸ ਨੇ ਪਹਿਲੀ ਵਾਰ ਹਾਰ ਦਾ ਸਾਹਮਣਾ ਕੀਤਾ ਅਤੇ ਉਨ੍ਹਾਂ ਸਵੇਰਾਂ ਤੋਂ, ਜਦੋਂ ਬਾਕੀ ਦੁਨੀਆ ਸੌਂ ਰਹੀ ਹੁੰਦੀ ਹੈ ਅਤੇ ਉਹ ਆਪਣੇ ਸੁਪਨੇ ਲਈ ਪਸੀਨਾ ਵਹਾ ਰਿਹਾ ਹੁੰਦਾ ਹੈ। ਉਸ ਦੇ ਪਿੱਛੇ ਮਾਤਾ-ਪਿਤਾ ਦਾ ਵਿਸ਼ਵਾਸ, ਗੁਰੂ ਦਾ ਅਨੁਸ਼ਾਸਨ ਅਤੇ ਹਰ ਹਾਰ ਤੋਂ ਬਾਅਦ ਫਿਰ ਉੱਠ ਖੜ੍ਹੇ ਹੋਣ ਦਾ ਸੰਕਲਪ ਹੁੰਦਾ ਹੈ। ਪੋਡੀਅਮ ’ਤੇ ਖੜ੍ਹਾ ਖਿਡਾਰੀ ਕੁਝ ਪਲਾਂ ਲਈ ਪੂਰੀ ਦੁਨੀਆ ਨੂੰ ਦਿਖਾਈ ਦਿੰਦਾ ਹੈ, ਪਰ ਉਸ ਪੋਡੀਅਮ ਤੱਕ ਪਹੁੰਚਣ ਦਾ ਸਾਲਾਂ ਦਾ ਸੰਘਰਸ਼ ਦਿਖਾਈ ਨਹੀਂ ਦਿੰਦਾ।

ਉਨ੍ਹਾਂ ਕਿਹਾ ਕਿ ਗਲਾਸਗੋ ਵਿੱਚ ਹਰਿਆਣਾ ਦੇ ਖਿਡਾਰੀਆਂ ਨੇ ਆਪਣੇ ਦਮਖਮ ਅਤੇ ਪ੍ਰਤਿਭਾ ਦਾ ਡੰਕਾ ਪੂਰੀ ਦੁਨੀਆ ਵਿੱਚ ਵਜਾਇਆ ਹੈ। ਅੱਜ ਹਰ ਹਰਿਆਣਵੀ ਦਾ ਸੀਨਾ ਮਾਣ ਨਾਲ ਚੌੜਾ ਹੈ ਅਤੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਦੀ ਖੁਸ਼ੀ ਪੂਰੇ ਹਰਿਆਣਾ ਵਿੱਚ ਉਤਸਵ ਬਣ ਕੇ ਛਾਈ ਹੋਈ ਹੈ। ਹਰਿਆਣਾ ਦੀ ਮਿੱਟੀ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਇੱਥੇ ਖੇਤਾਂ ਵਿੱਚ ਸਿਰਫ਼ ਅੰਨ ਨਹੀਂ ਉੱਗਦਾ, ਇੱਥੇ ਚੈਂਪੀਅਨ ਵੀ ਪੈਦਾ ਹੁੰਦੇ ਹਨ।

ਉਨ੍ਹਾਂ ਕਿਹਾ ਕਿ ਦੇਸ਼ ਦੀ ਕੁੱਲ ਆਬਾਦੀ ਵਿੱਚ ਹਰਿਆਣਾ ਦੀ ਹਿੱਸੇਦਾਰੀ ਮਹਿਜ਼ 2 ਪ੍ਰਤੀਸ਼ਤ ਹੈ, ਪਰ ਇਨ੍ਹਾਂ ਖੇਡਾਂ ਵਿੱਚ ਭਾਰਤ ਦੀ ਪ੍ਰਤੀਨਿਧਤਾ ਕਰਨ ਵਾਲੇ 122 ਖਿਡਾਰੀਆਂ ਵਿੱਚੋਂ 24 ਖਿਡਾਰੀ ਹਰਿਆਣਾ ਦੇ ਸਨ ਅਤੇ ਇਨ੍ਹਾਂ ਵਿੱਚੋਂ ਲਗਭਗ ਹਰ ਦੂਜਾ ਖਿਡਾਰੀ ਤ.ਗਮਾ ਲੈ ਕੇ ਪਰਤਿਆ। ਹਰਿਆਣਾ ਦੇ ਖਿਡਾਰੀਆਂ ਨੇ ਕੁੱਲ 11 ਤ.ਗਮੇ ਜਿੱਤੇ, ਜਿਨ੍ਹਾਂ ਵਿੱਚ 7 ਸੋਨੇ, 2 ਚਾਂਦੀ ਅਤੇ 2 ਕਾਂਸੀ ਦੇ ਤ.ਗਮੇ ਸ਼ਾਮਲ ਹਨ। ਇਸ ਤਰ੍ਹਾਂ ਦੇਸ਼ ਦੀ ਕੁੱਲ ਤ.ਗਮਾ ਗਿਣਤੀ ਵਿੱਚ ਹਰਿਆਣਾ ਦੇ ਖਿਡਾਰੀਆਂ ਦਾ ਯੋਗਦਾਨ 28 ਪ੍ਰਤੀਸ਼ਤ ਤੋਂ ਵੱਧ ਰਿਹਾ ਹੈ। ਇਹ ਮਹਿਜ਼ ਅੰਕੜਾ ਨਹੀਂ ਹੈ, ਸਗੋਂ ਹਰਿਆਣਾ ਦੀ ਖੇਡ ਪ੍ਰਤਿਭਾ, ਮਿਹਨਤ ਅਤੇ ਜੁਝਾਰੂਪਣ ਦੀ ਉਹ ਸ਼ਕਤੀ ਹੈ, ਜਿਸ ਨੇ ਦੁਨੀਆ ਦੇ ਮੰ ? ’ਤੇ ਇੱਕ ਵਾਰ ਫਿਰ ਤਿਰੰਗੇ ਦੀ ਸ਼ਾਨ ਵਧਾਈ ਹੈ।

ਮੁੱਖ ਮੰਤਰੀ ਨੇ ਸੂਬੇ ਦੀ ਪੌਣੇ ਤਿੰਨ ਕਰੋੜ ਜਨਤਾ ਅਤੇ ਆਪਣੀ ਤਰਫ਼ੋਂ ਗਲਾਸਗੋ ਵਿੱਚ ਤਿਰੰਗਾ ਉੱਚਾ ਕਰਨ ਵਾਲੇ ਹਰਿਆਣਾ ਦੇ ਤ.ਗਮਾ ਜੇਤੂਆਂ ਅਤੇ ਹਰੇਕ ਭਾਗੀਦਾਰ ਖਿਡਾਰੀ ਦਾ ਦਿਲ ਦੀਆਂ ਡੂੰਘਾਈਆਂ ਤੋਂ ਅਭਿਨੰਦਨ ਕੀਤਾ। ਉਨ੍ਹਾਂ ਖਿਡਾਰੀਆਂ ਦੇ ਮਾਤਾ-ਪਿਤਾ ਅਤੇ ਸਿਖਲਾਈ ਦੇਣ ਵਾਲਿਆਂ (ਕੋਚਾਂ) ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਕਦਮ-ਕਦਮ ’ਤੇ ਖਿਡਾਰੀਆਂ ਦਾ ਸਾਥ ਦਿੱਤਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਖਿਡਾਰੀਆਂ ਨੇ ਆਪਣੀ ਪ੍ਰਤਿਭਾ, ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਸੰਕਲਪ ਨਾਲ ਦੇਸ਼ ਅਤੇ ਸੂਬੇ ਦਾ ਮਾਣ ਵਧਾਇਆ ਹੈ। ਅੱਜ ਅਸੀਂ ਸਿਰਫ਼ ਤ.ਗਮਿਆਂ ਦਾ ਸਨਮਾਨ ਨਹੀਂ ਕਰ ਰਹੇ, ਸਗੋਂ ਉਸ ਤਪੱਸਿਆ, ਸੰਘਰਸ਼ ਅਤੇ ਸੰਕਲਪ ਦਾ ਸਨਮਾਨ ਕਰ ਰਹੇ ਹਾਂ, ਜਿਸ ਨੇ ਇਨ੍ਹਾਂ ਤ.ਗਮਿਆਂ ਨੂੰ ਜਨਮ ਦਿੱਤਾ ਹੈ।

ਕਿਸੇ ਖਿਡਾਰੀ ਦੇ ਗਲ ਵਿੱਚ ਆਉਣ ਵਾਲਾ ਤ.ਗਮਾ ਸਿਰਫ਼ ਉਸ ਦੀ ਨਿੱਜੀ ਪ੍ਰਾਪਤੀ ਨਹੀਂ ਹੁੰਦਾ, ਉਸ ਵਿੱਚ ਉਸ ਦੇ ਪਰਿਵਾਰ ਦਾ ਤਿਆਗ, ਗੁਰੂ ਦਾ ਮਾਰਗਦਰਸ਼ਨ ਅਤੇ ਪੂਰੇ ਪ੍ਰਦੇਸ਼ ਦੀਆਂ ਉਮੀਦਾਂ ਵੀ ਸ਼ਾਮਲ ਹੁੰਦੀਆਂ ਹਨ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਾਲ 2028, 2032 ਅਤੇ 2036 ਦੀਆਂ ਓਲੰਪਿਕ ਖੇਡਾਂ ਵਿੱਚ ਹਰਿਆਣਾ ਦੇ ਖਿਡਾਰੀਆਂ ਦੇ ਬਲਬੂਤੇ ਭਾਰਤ ਦੁਨੀਆ ਦੀ ਇੱਕ ਵੱਡੀ ਖੇਡ ਸ਼ਕਤੀ ਵਜੋਂ ਉੱਭਰੇਗਾ। ਅੱਜ ਗਲਾਸਗੋ ਵਿੱਚ ਖਿਡਾਰੀਆਂ ਨੇ ਤਿਰੰਗਾ ਉੱਚਾ ਕੀਤਾ ਹੈ ਅਤੇ ਆਉਣ ਵਾਲੇ ਸਾਲਾਂ ਵਿੱਚ ਉਹ ਓਲੰਪਿਕ ਦੇ ਪੋਡੀਅਮ ’ਤੇ ਵੀ ਤਿਰੰਗਾ ਉੱਚਾ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ 23ਵੀਆਂ ਕਾਮਨਵੈਲਥ ਖੇਡਾਂ ਵਿੱਚ ਭਾਰਤ ਨੇ 13 ਸੋਨੇ, 17 ਚਾਂਦੀ ਅਤੇ 9 ਕਾਂਸੀ ਸਮੇਤ ਕੁੱਲ 39 ਤ.ਗਮੇ ਜਿੱਤ ਕੇ ਤ.ਗਮਾ ਸੂਚੀ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ। ਇਹ ਖਿਡਾਰੀਆਂ ਦੀ ਇੱਛਾ ਸ਼ਕਤੀ, ਆਤਮ-ਵਿਸ਼ਵਾਸ ਅਤੇ ਰਾਸ਼ਟਰ ਪ੍ਰਤੀ ਸਮਰਪਣ ਦਾ ਨਤੀਜਾ ਹੈ। ਇਸ ਮਾਣਮੱਤੇ ਅਭਿਆਨ ਵਿੱਚ ਹਰਿਆਣਾ ਨੇ ਇੱਕ ਵਾਰ ਫਿਰ ਆਪਣੀ ਵੱਖਰੀ ਪਛਾਣ ਬਣਾਈ ਹੈ।

ਮੁੱਖ ਮੰਤਰੀ ਨੇ ਖ਼ਾਸ ਤੌਰ ’ਤੇ ਸੂਬੇ ਦੀਆਂ ਬੇਟੀਆਂ ਦੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਹਰਿਆਣਾ ਦੇ ਖਿਡਾਰੀਆਂ ਵੱਲੋਂ ਜਿੱਤੇ ਗਏ 11 ਤ.ਗਮਿਆਂ ਵਿੱਚੋਂ 6 ਤ.ਗਮੇ ਬੇਟੀਆਂ ਦੇ ਹਨ, ਜਿਨ੍ਹਾਂ ਵਿੱਚ 5 ਸੋਨੇ ਦੇ ਤ.ਗਮੇ ਸ਼ਾਮਲ ਹਨ। ਮੁੱਕੇਬਾਜ਼ੀ ਰਿੰਗ ਵਿੱਚ ਵੀ ਹਰਿਆਣਾ ਦੇ ਖਿਡਾਰੀਆਂ ਦਾ ਦਬਦਬਾ ਰਿਹਾ ਅਤੇ ਭਾਰਤ ਦੇ 7 ਸੋਨੇ ਦੇ ਤ.ਗਮਿਆਂ ਵਿੱਚੋਂ 6 ਸੋਨੇ ਦੇ ਤ.ਗਮੇ ਹਰਿਆਣਾ ਦੇ ਖਿਡਾਰੀਆਂ ਨੇ ਜਿੱਤੇ।

ਉਨ੍ਹਾਂ ਕਿਹਾ ਕਿ ਪ੍ਰੀਤੀ ਪਵਾਰ, ਜੈਸਮੀਨ ਲੰਬੋਰੀਆ, ਸਾਕਸ਼ੀ ਚੌਧਰੀ, ਪ੍ਰਿਆ ਘਣਘਸ, ਸਚਿਨ ਸਿਵਾਚ ਅਤੇ ਅੰਕੁਸ਼ ਪੰਘਾਲ ਨੇ ਆਪਣੇ ਵਿਰੋਧੀਆਂ ਨੂੰ ਹਰਾ ਕੇ ਸੁਨਹਿਰੀ ਇਤਿਹਾਸ ਰਚਿਆ ਹੈ। ਪੈਰਾ-ਐਥਲੈਟਿਕਸ ਵਿੱਚ ਸੋਨੇ ਦਾ ਤ.ਗਮਾ ਜਿੱਤਣ ਵਾਲੀ ਬੇਟੀ ਸ਼ਰਮੀਲਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਸਿੱਧ ਕਰ ਦਿੱਤਾ ਹੈ ਕਿ ਮਨ ਦੀ ਸ਼ਕਤੀ ਅੱਗੇ ਕੋਈ ਵੀ ਰੁਕਾਵਟ ਟਿਕ ਨਹੀਂ ਸਕਦੀ। ਨੀਰਜ ਚੋਪੜਾ ਨੇ ਜੈਵਲਿਨ ਥਰੋ (ਭਾਲਾ ਸੁੱਟਣ) ਵਿੱਚ ਚਾਂਦੀ ਦਾ ਤ.ਗਮਾ ਹਾਸਲ ਕਰਕੇ ਆਪਣੀ ਵਿਸ਼ਵ ਪੱਧਰੀ ਪ੍ਰਤਿਭਾ ਨੂੰ ਫਿਰ ਤੋਂ ਪ੍ਰਮਾਣਿਤ ਕੀਤਾ ਹੈ। ਮੁੱਕੇਬਾਜ਼ ਨਰਿੰਦਰ ਬੇਰਵਾਲ ਨੇ ਚਾਂਦੀ ਦਾ ਤ.ਗਮਾ ਜਿੱਤ ਕੇ ਸੂਬੇ ਦਾ ਮਾਣ ਵਧਾਇਆ ਅਤੇ ਬੇਟੀ ਸੀਮਾ ਕਾਲੀਰਮਣ ਨੇ ਕਾਂਸੀ ਦਾ ਤ.ਗਮਾ ਪ੍ਰਾਪਤ ਕਰਕੇ ਹਰਿਆਣਾ ਦੀ ਤ.ਗਮਾ ਗਿਣਤੀ ਵਿੱਚ ਅਹਿਮ ਯੋਗਦਾਨ ਪਾਇਆ। ਇਨ੍ਹਾਂ ਖਿਡਾਰੀਆਂ ਨੇ ਵੱਖ-ਵੱਖ ਮੈਦਾਨਾਂ ਵਿੱਚ ਖੇਡਦਿਆਂ ਇੱਕੋ ਤਿਰੰਗੇ ਨੂੰ ਉੱਚਾ ਕੀਤਾ ਹੈ।

## ਪੀਣ ਵਾਲੇ ਪਾਣੀ ਦੀ ਸ਼ੁੱਧਤਾ ਲਈ ਸਾਰੇ ਪੁਰਾਣੇ ਵਾਟਰ-ਵਰਕਸਾਂ ਨੂੰ ਆਰ.ਸੀ.ਸੀ. ਅਧਾਰਤ ਬਣਾਇਆ ਜਾਵੇ : ਮੁੱਖ ਮੰਤਰੀ

**ਚੰਡੀਗੜ੍ਹ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਵਿੱਚ ਉਨ੍ਹਾਂ ਸਾਰੇ ਪੁਰਾਣੇ ਵਾਟਰ ਵਰਕਸ ਨੂੰ ਆਰ.ਸੀ.ਸੀ. (ਸੀਮੈਂਟ-ਕੰਕਰੀਟ) ਅਧਾਰਤ ਬਣਾਇਆ ਜਾਵੇ ਜਿੱਥੇ ਧਰਤੀ ਹੇਠਲੇ ਪਾਣੀ ਨਾਲ ਮਿਲ ਕੇ ਪਾਣੀ ਦੀ ਸ਼ੁੱਧਤਾ ਪ੍ਰਭਾਵਿਤ ਹੋ ਰਹੀ ਹੈ। ਇਸ ਤੋਂ ਇਲਾਵਾ ਜਿੱਥੇ-ਜਿੱਥੇ ਸੰਭਵ ਹੋਵੇ, ਉੱਥੇ ਟਿਊਬਵੈੱਲ ਅਧਾਰਤ ਵਾਟਰ ਵਰਕਸ ਨੂੰ ਪਹਿਲ ਦੇ ਆਧਾਰ ’ਤੇ ਨਹਿਰੀ ਪਾਣੀ ਅਧਾਰਤ ਬਣਾਇਆ ਜਾਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਨਿਰਦੇਸ਼ ਮੰਗਲਵਾਰ ਨੂੰ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਨਾਲ ਸੂਬੇ ਵਿੱਚ ਜਲਘਰਾਂ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਦੀ ਸਥਿਤੀ ਦੀ ਸਮੀਖਿਆ ਲਈ ਆਯੋਜਿਤ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੇ। ਮੀਟਿੰਗ ਵਿੱਚ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਸ੍ਰੀ ਰਣਬੀਰ ਸਿੰਘ ਗੰਗਵਾ ਵੀ ਮੌਜੂਦ ਸਨ।

ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਪੰਕਜ ਯਾਦਵ ਨੇ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਸੂਬੇ ਵਿੱਚ 1888 ਨਹਿਰੀ ਪਾਣੀ ਅਧਾਰਤ ਵਾਟਰ ਵਰਕਸ ਅਤੇ 4199 ਬੂਸਟਿੰਗ ਸਟੇਸ਼ਨ ਸੰਚਾਲਿਤ ਹਨ। ਇਨ੍ਹਾਂ ਤੋਂ ਇਲਾਵਾ 12404 ਟਿਊਬਵੈੱਲ ਅਤੇ 5 ਰੇਨੀ ਵੈੱਲ ਸਕੀਮਾਂ ਵੀ ਪਾਣੀ ਦੀ ਸਪਲਾਈ ਲਈ ਵਰਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ 3674 ਟਿਊਬਵੈੱਲ ਸਬੰਧਤ ਗ੍ਰਾਮ ਪੰਚਾਇਤਾਂ ਨੂੰ ਸੌਂਪੇ ਜਾ ਚੁੱਕੇ ਹਨ।

ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਲੋੜ ਅਨੁਸਾਰ 103 ਨਵੇਂ ਨਹਿਰੀ ਅਧਾਰਤ ਵਾਟਰ ਵਰਕਸ, 1065 ਨਵੇਂ ਟਿਊਬਵੈੱਲ, 369 ਨਵੇਂ ਬੂਸਟਿੰਗ ਸਟੇਸ਼ਨ ਅਤੇ 2 ਨਵੇਂ ਰੇਨੀ ਵੈੱਲ ਲਗਾਉਣ ਦੀ ਪ੍ਰਕਿਰਿਆ ਪ੍ਰਗਤੀ ਵਿੱਚ ਹੈ। ਉਨ੍ਹਾਂ ਦੱਸਿਆ ਕਿ 7005 ਕਿਲੋਮੀਟਰ ਵੰਡ ਨੈੱਟਵਰਕ ਵਿੱਚੋਂ 1525 ਕਿਲੋਮੀਟਰ ਲੰਬੀਆਂ ਲਾਈਨਾਂ ਬਦਲੀਆਂ ਜਾਣਗੀਆਂ, ਜਿਨ੍ਹਾਂ ਵਿੱਚੋਂ ਮਾਰਚ 2027 ਤੱਕ 837 ਕਿਲੋਮੀਟਰ ਵੰਡ ਨੈੱਟਵਰਕ ਨੂੰ ਬਦਲ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇੱਟਾਂ ਨਾਲ ਬਣੇ 466 ਵਾਟਰ ਵਰਕਸ ਨੂੰ ਆਰ.ਸੀ.ਸੀ. ਅਧਾਰਤ ਵਾਟਰ ਵਰਕਸ ਵਿੱਚ ਬਦਲਿਆ ਜਾ ਰਿਹਾ ਹੈ। ਇਸ ਕੰਮ ’ਤੇ ਲਗਭਗ 1000 ਕਰੋੜ ਰੁਪਏ ਦੀ ਲਾਗਤ ਆਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਦੇਸ਼ ਵਾਸੀਆਂ ਨੂੰ ਸ਼ੁੱਧ ਪੀਣ ਵਾਲਾ ਪਾਣੀ ਉਪਲਬਧ ਕਰਵਾਉਣਾ ਹਰਿਆਣਾ ਸਰਕਾਰ ਦੀ ਪਹਿਲ ਹੈ। ਸ਼ੁੱਧ ਪੀਣ ਵਾਲੇ ਪਾਣੀ ਦੀ ਸਪਲਾਈ ਲਈ ਪੈਸੇ ਦੀ ਕਮੀ ਨੂੰ ਅੜਿੱਕਾ ਨਹੀਂ ਬਣਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸਾਰੇ ਵਾਟਰ ਵਰਕਸ ਨੂੰ ਆਰ.ਸੀ.ਸੀ. ਅਧਾਰਤ ਬਣਾਇਆ ਜਾਵੇ ਜਿੱਥੇ ਧਰਤੀ ਹੇਠਲਾ ਪਾਣੀ, ਵਾਟਰ ਵਰਕਸ ਦੇ ਪਾਣੀ ਨਾਲ ਮਿਕਸ ਹੋਣ ਨਾਲ ਪਾਣੀ ਦੀ ਟੀ.ਡੀ.ਐੱਸ. ਅਤੇ ਫਲੋਰਾਇਡ ਦੀ ਮਾਤਰਾ ਵਧ ਰਹੀ ਹੈ। ਅਜਿਹੇ ਪਾਣੀ ਨੂੰ ਪੂਰੀ ਤਰ੍ਹਾਂ ਪੀਣ ਯੋਗ ਬਣਾਉਣ ਲਈ ਵਾਟਰ ਵਰਕਸ ਦੀ ਮਸ਼ੀਨਰੀ ’ਤੇ ਦਬਾਅ ਵਧਦਾ ਹੈ। ਇਸ ਲਈ ਅਜਿਹੇ ਸਾਰੇ ਵਾਟਰ ਵਰਕਸ ਨੂੰ ਆਰ.ਸੀ.ਸੀ. ਅਧਾਰਤ ਬਣਵਾਇਆ ਜਾਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਵੱਲੋਂ ਮੌਜੂਦਾ ਸਮੇਂ ਵਿੱਚ ਕੀਤੇ ਜਾ ਰਹੇ ਯਤਨਾਂ ਨਾਲ ਆਉਣ ਵਾਲੇ ਸਾਲਾਂ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਨਜ਼ਰ ਆਵੇਗਾ। ਇਸ ਨਾਲ ਨਾ ਸਿਰਫ਼ ਡਿੱਗ ਰਹੇ ਭੂ-ਜਲ ਪੱਧਰ ’ਤੇ ਰੋਕ ਲੱਗੇਗੀ ਸਗੋਂ ਪਾਣੀ ਦੀ ਗੁਣਵੱਤਾ ਵਿੱਚ ਵੀ ਸੁਧਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਟ੍ਰੀਟਮੈਂਟ ਪਲਾਂਟਾਂ ਦੀ ਸਥਾਪਨਾ ਕਾਰਨ ਯਮੁਨਾ ਦਾ ਜੋ ਪਾਣੀ ਹਰਿਆਣਾ ਤੋਂ ਦਿੱਲੀ ਜਾ ਰਿਹਾ ਹੈ, ਉਸਦੀ ਗੁਣਵੱਤਾ ਵਿੱਚ ਵੀ ਸੁਧਾਰ ਹੋਇਆ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਹੜੇ ਨਵੇਂ ਵਾਟਰ ਵਰਕਸ ਬਣਾਏ ਜਾ ਰਹੇ ਹਨ, ਉਨ੍ਹਾਂ ਦੀ ਸਮਰੱਥਾ ਵਧਦੀ ਆਬਾਦੀ ਦੇ ਅਨੁਸਾਰ ਵਧਾਈ ਜਾਵੇ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਮੁੱਖ ਮੰਤਰੀ ਦੇ ਉਪ-ਪ੍ਰਧਾਨ ਸਕੱਤਰ ਸ੍ਰੀ ਯਸ਼ਪਾਲ ਯਾਦਵ ਅਤੇ ਇੰਜੀਨੀਅਰ-ਇਨ-ਚੀਫ ਸ੍ਰੀ ਦੇਵੇਂਦਰ ਦਹੀਆ ਸਮੇਤ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਤਲਾਬਾਂ ਵਿੱਚ ਗੰਦਾ ਪਾਣੀ ਨਹੀਂ ਜਾਣਾ ਚਾਹੀਦਾ, ਟ੍ਰੀਟਮੈਂਟ ਤੋਂ ਬਾਅਦ ਹੀ ਤਲਾਬ ਵਿੱਚ ਪਹੁੰਚੇ ਪਾਣੀ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ 26 ਅਗਸਤ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਕਿ ਪ੍ਰਦੇਸ਼ ਦੇ ਪੇਂਡੂ ਖੇਤਰਾਂ ਵਿੱਚ ਬਣੇ ਤਲਾਬਾਂ ਨੂੰ ਸਵੱਛ ਅਤੇ ਸੁੰਦਰ ਬਣਾਉਣ ਦੇ ਨਾਲ-ਨਾਲ ਇਨ੍ਹਾਂ ਦੀ ਦੇਖਭਾਲ ’ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਕਿਸੇ ਵੀ ਤਲਾਬ ਵਿੱਚ ਗੰਦਾ ਪਾਣੀ ਸਿੱਧਾ ਨਾ ਜਾਵੇ, ਇਸ ਲਈ ਪਾਣੀ ਨੂੰ ਵਿਗਿਆਨਕ ਢੰਗ ਨਾਲ ਟ੍ਰੀਟ ਕਰਨ ਤੋਂ ਬਾਅਦ ਹੀ ਤਲਾਬ ਵਿੱਚ ਪਹੁੰਚਾਉਣ ਦਾ ਪ੍ਰਬੰਧ ਕੀਤਾ ਜਾਵੇ। ਮੁੱਖ ਮੰਤਰੀ ਮੰਗਲਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਹਰਿਆਣਾ ਪੌਂਡ ਐਂਡ ਵੇਸਟ ਵਾਟਰ ਮੈਨੇਜਮੈਂਟ ਅਥਾਰਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਤਲਾਬਾਂ ਦੇ ਸੁੰਦਰੀਕਰਨ ਦੇ ਨਾਲ ਇਨ੍ਹਾਂ ਦੇ ਆਸ-ਪਾਸ ਪੇਂਡੂਆਂ ਲਈ ਬਿਹਤਰ ਸਹੂਲਤਾਂ ਵੀ ਵਿਕਸਤ ਕੀਤੀਆਂ ਜਾਣ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਪਿੰਡਾਂ ਵਿੱਚ ਨਵੀਆਂ ਯੋਗਸ਼ਾਲਾਵਾਂ ਬਣਾਉਣਾ ਪ੍ਰਸਤਾਵਿਤ ਹੈ, ਉੱਥੇ ਤਲਾਬਾਂ ਦੇ ਆਸ-ਪਾਸ ਸ਼ੈੱਡ ਆਦਿ ਲਗਾ ਕੇ ਯੋਗਸ਼ਾਲਾਵਾਂ ਬਣਾਈਆਂ ਜਾਣ ਅਤੇ ਓਪਨ ਜਿਮ ਦਾ ਪ੍ਰਬੰਧ ਕੀਤਾ ਜਾਵੇ। ਇਸ ਨਾਲ ਪੇਂਡੂ ਇਨ੍ਹਾਂ ਸਥਾਨਾਂ ’ਤੇ ਨਿਯਮਤ ਤੌਰ ’ਤੇ ਆਉਣਗੇ ਅਤੇ ਤਲਾਬਾਂ ਦੀ ਦੇਖਭਾਲ ਵਿੱਚ ਵੀ ਦਿਲਚਸਪੀ ਲੈਣਗੇ।

ਮੀਟਿੰਗ ਵਿੱਚ ਅਧਿਕਾਰੀਆਂ ਨੇ ਦੱਸਿਆ ਕਿ ਸੂਬੇ ਵਿੱਚ ਕੁੱਲ 20,100 ਤਲਾਬ ਹਨ, ਜਿਨ੍ਹਾਂ ਵਿੱਚ 19,219 ਪੇਂਡੂ ਅਤੇ 881 ਸ਼ਹਿਰੀ ਖੇਤਰਾਂ ਵਿੱਚ ਹਨ। ਇਨ੍ਹਾਂ ਵਿੱਚੋਂ ਜਿਹੜੇ ਤਲਾਬ ਪ੍ਰਦੂਸ਼ਿਤ ਅਤੇ ਓਵਰਫਲੋਇੰਗ ਹਨ, ਉਨ੍ਹਾਂ ’ਤੇ ਖਾਸਾ ਫੋਕਸ ਕੀਤਾ ਜਾ ਰਿਹਾ ਹੈ। ਪਿੰਡਾਂ ਦੇ ਗ੍ਰੇਅ ਅਤੇ ਬਲੈਕ ਵਾਟਰ ਨੂੰ ਟ੍ਰੀਟ ਕਰਨ ’ਤੇ ਵੀ ਰਣਨੀਤੀ ਬਣਾਈ ਜਾ ਰਹੀ ਹੈ। ਇਸ ਲਈ ਤਲਾਬ ਤੋਂ ਬਾਹਰ ਵੇਸਟ ਵਾਟਰ ਮੈਨੇਜਮੈਂਟ ਜਾਂ ਐੱਸ.ਟੀ.ਪੀ. ਦੀ ਵਿਵਸਥਾ ਕੀਤੀ ਜਾ ਸਕਦੀ ਹੈ। ਪਿੰਡ ਜਾਂ ਪੰਚਾਇਤ ਦੀ ਜ਼ਮੀਨ ਦਾ ਉਪਯੋਗ ਇਸ ਲਈ ਕੀਤਾ ਜਾ ਸਕਦਾ ਹੈ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਪੇਂਡੂ ਖੇਤਰਾਂ ਵਿੱਚ ਮਾਈਕ੍ਰੋ ਐੱਸ.ਟੀ.ਪੀ. ਦੀ ਵਿਵਸਥਾ ਲਈ ਵੀ ਕੰਮ ਕੀਤਾ ਜਾਵੇ ਅਤੇ ਤਲਾਬ ਵਿੱਚ ਪਾਣੀ ਪਹੁੰਚਣ ਤੋਂ ਪਹਿਲਾਂ ਜ਼ਰੂਰੀ ਪ੍ਰੀ-ਟ੍ਰੀਟਮੈਂਟ ਯਕੀਨੀ ਬਣਾਇਆ ਜਾਵੇ।

ਮੀਟਿੰਗ ਵਿੱਚ ਮਕੈਨੀਕਲ ਏਰੇਸ਼ਨ ਅਤੇ ਨੈਨੋਬਬਲ ਟੈਕਨਾਲੋਜੀ ਵਰਗੀਆਂ ਤਕਨੀਕਾਂ ’ਤੇ ਵੀ ਚਰਚਾ ਹੋਈ। ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਇਨ੍ਹਾਂ ਤਕਨੀਕਾਂ ਦਾ ਪਾਇਲਟ ਪ੍ਰੋਜੈਕਟ ਵਜੋਂ ਇਸਤੇਮਾਲ ਕੀਤਾ ਜਾਵੇ ਅਤੇ ਨਤੀਜੇ ਕਾਰਗਰ ਪਾਏ ਜਾਣ ’ਤੇ ਇਨ੍ਹਾਂ ਨੂੰ ਹੋਰ ਤਲਾਬਾਂ ਵਿੱਚ ਵੀ ਲਾਗੂ ਕੀਤਾ ਜਾਵੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਨਿਰਦੇਸ਼ ਦਿੱਤੇ ਕਿ 320 ਤਲਾਬਾਂ ਦੇ ਨਵੀਨੀਕਰਨ ਅਤੇ ਸੁੰਦਰੀਕਰਨ ਦਾ ਚੱਲ ਰਿਹਾ ਕੰਮ ਤੇਜ਼ੀ ਨਾਲ ਪੂਰਾ ਕੀਤਾ ਜਾਵੇ। ਨਾਲ ਹੀ 467 ਨਵੇਂ ਤਲਾਬਾਂ ਨੂੰ ਨਿਸ਼ਾਨਦੇਹ ਕਰਕੇ ਉੱਥੇ ਵੀ ਕੰਮ ਸ਼ੁਰੂ ਕੀਤਾ ਜਾਵੇ। ਉਨ੍ਹਾਂ ਪੂਰੇ ਹੋ ਚੁੱਕੇ ਤਲਾਬਾਂ ਦੀ ਦੇਖਭਾਲ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਵੀ ਦਿੱਤੇ। ਮੁੱਖ ਮੰਤਰੀ ਨੇ ਤਲਾਬਾਂ ’ਤੇ ਲੱਗੇ ਸੋਲਰ ਪੰਪਾਂ ਦੇ ਆਸ-ਪਾਸ ਉੱਚੇ ਪੱਧਰ ’ਤੇ ਪਾਣੀ ਦੇ ਫਿਲਟਰੇਸ਼ਨ ਦੀ ਵਿਵਸਥਾ ਕਰਨ ਅਤੇ ਸੋਲਰ ਪੰਪਾਂ ਦੀ ਦੇਖਭਾਲ ’ਤੇ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੱਤੇ।

ਮੀਟਿੰਗ ਵਿੱਚ ਅਧਿਕਾਰੀਆਂ ਨੇ 350 ਅੰਮ੍ਰਿਤ ਸਰੋਵਰਾਂ ਦੀ ਸਥਿਤੀ ਤੋਂ ਵੀ ਜਾਣੂ ਕਰਵਾਇਆ। ਮੁੱਖ ਮੰਤਰੀ ਨੇ ਪੂਰੇ ਕੀਤੇ ਗਏ ਤਲਾਬਾਂ ਦੇ ਬਿਹਤਰ ਉਪਯੋਗ ਅਤੇ ਦੇਖਭਾਲ ਨੂੰ ਤਰਜੀਹ ਦੇਣ ਦੇ ਨਿਰਦੇਸ਼ ਦਿੱਤੇ। ਪਿੰਡਾਂ ਦੇ ਤਲਾਬਾਂ ਵਿੱਚ ਮੱਛੀ ਪਾਲਣ ਲਈ ਭਵਿੱਖ ਵਿੱਚ ਕੀਤੇ ਜਾਣ ਵਾਲੇ ਅਲਾਟਮੈਂਟ/ ਨੀਲਾਮੀ ਨੂੰ ਵੀ ਨਿਰਧਾਰਤ ਪ੍ਰਕਿਰਿਆ ਦੇ ਤਹਿਤ ਕਰਨ ਅਤੇ ਤਲਾਬਾਂ ਦੇ ਜਨਤਕ ਹਿੱਤ ਵਿੱਚ ਬਿਹਤਰ ਉਪਯੋਗ ’ਤੇ ਧਿਆਨ ਦੇਣ ਲਈ ਕਿਹਾ।

**ਵਿਸ਼ੇਸ਼ ਮਕੈਨਿਜ਼ਮ ਵਿਕਸਤ ਕੀਤਾ ਜਾਵੇਗਾ**

ਇਸ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ‘ਮ੍ਹਾਰੀ ਸੜਕ’ ਐਪ ਦੀ ਤਰਜ਼ ’ਤੇ ਤਲਾਬਾਂ ਲਈ ਵੀ ਇੱਕ ਵਿਸ਼ੇਸ਼ ਮਕੈਨਿਜ਼ਮ ਵਿਕਸਤ ਕੀਤਾ ਜਾਵੇਗਾ। ਇਸ ਰਾਹੀਂ ਆਮ ਜਨਤਾ ਤਲਾਬ ਦੀ ਖਸਤਾ ਹਾਲਤ ਜਾਂ ਸੁਧਾਰੀਕਰਨ ਨਾਲ ਸਬੰਧਤ ਸ਼ਿਕਾਇਤ ਲੋਕੇਸ਼ਨ ਟੈਗਿੰਗ ਨਾਲ ਦਰਜ ਕਰ ਸਕੇਗੀ। ਸ਼ਿਕਾਇਤ ਸਬੰਧਤ ਸਰਪੰਚ ਅਤੇ ਅਧਿਕਾਰੀਆਂ ਨੂੰ ਭੇਜੀ ਜਾਵੇਗੀ, ਤਾਂ ਜੋ ਉਸ ’ਤੇ ਤੁਰੰਤ ਜ਼ਰੂਰੀ ਕਾਰਵਾਈ ਕੀਤੀ ਜਾ ਸਕੇ।

**ਏ.ਡੀ.ਸੀ. ਕਰਨਗੇ ਸਮੀਖਿਆ, ਦੇਖਭਾਲ ਦੀ ਬਣੇਗੀ ਰਿਪੋਰਟ**

ਤਲਾਬਾਂ ਦੀ ਮੇਂਟੇਨੈਂਸ ਲਈ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਜਟ ਦਾ 5 ਫੀਸਦੀ ਉਪਲਬਧ ਕਰਾਉਣ ਦਾ ਪ੍ਰਬੰਧ ਕੀਤਾ ਗਿਆ ਹੈ। ਨਾਲ ਹੀ ਵੀ.ਬੀ.ਜੀ.ਰਾਮਜੀ ਨੂੰ ਵੀ ਇਸ ਨਾਲ ਜੋੜ ਕੇ ਕੰਮ ਕਰਨ ਬਾਰੇ ਵਿਸ਼ੇਸ਼ ਨਿਰਦੇਸ਼ ਦਿੱਤੇ। ਵਿਕਾਸ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਹਰ ਪਿੰਡ ਵਿੱਚ ਤਲਾਬਾਂ ਦੀ ਦੇਖਭਾਲ ਲਈ ਕਮੇਟੀ ਬਣਾਈ ਗਈ ਹੈ, ਜਿਸ ਵਿੱਚ ਸਰਪੰਚ ਨੂੰ ਪ੍ਰਧਾਨ ਅਤੇ ਪਿੰਡ ਸਕੱਤਰ ਸਮੇਤ ਸਬੰਧਤ ਪ੍ਰਤੀਨਿਧੀਆਂ ਨੂੰ ਸ਼ਾਮਲ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਇਨ੍ਹਾਂ ਕਮੇਟੀਆਂ ਦੇ ਕੰਮਾਂ ਦੀ ਨਿਯਮਤ ਸਮੀਖਿਆ ਕੀਤੀ ਜਾਵੇ। ਹਰ ਜ਼ਿਲ੍ਹੇ ਵਿੱਚ ਏ.ਡੀ.ਸੀ. ਪੱਧਰ ’ਤੇ ਸਮੀਖਿਆ ਮੀਟਿੰਗ ਕਰਕੇ ਇਹ ਰਿਪੋਰਟ ਲਈ ਜਾਵੇ ਕਿ ਸਬੰਧਤ ਕਮੇਟੀਆਂ ਨੇ ਹੁਣ ਤੱਕ ਤਲਾਬਾਂ ਦੀ ਦੇਖਭਾਲ ਲਈ ਕੀ-ਕੀ ਕੰਮ ਕੀਤੇ ਹਨ। ਸਬੰਧਤ ਕਮੇਟੀਆਂ ਤਲਾਬਾਂ ’ਤੇ ਲੱਗੇ ਸੋਲਰ ਪੰਪਾਂ ਦੀ ਦੇਖਭਾਲ ਦਾ ਵੀ ਧਿਆਨ ਰੱਖਣ।

**ਹਰਿਆਣਾ ਪੌਂਡ ਐਂਡ ਵੇਸਟ ਵਾਟਰ ਮੈਨੇਜਮੈਂਟ ਅਥਾਰਟੀ ਰੱਖੇਗੀ ਹਰ ਪਹਿਲੂ ’ਤੇ ਨਜ਼ਰ**

ਮੁੱਖ ਮੰਤਰੀ ਨੇ ਤਲਾਬਾਂ ਦੇ ਡਿਜ਼ਾਈਨ ਅਤੇ ਡਰਾਇੰਗ ਦੀ ਸਮੀਖਿਆ ਅਤੇ ਮਾਨਕੀਕਰਨ ’ਤੇ ਵੀ ਜ਼ੋਰ ਦਿੱਤਾ, ਤਾਂ ਜੋ ਵੱਖ-ਵੱਖ ਸਥਾਨਾਂ ’ਤੇ ਕੀਤੇ ਜਾਣ ਵਾਲੇ ਕੰਮਾਂ ਵਿੱਚ ਇਕਰੂਪਤਾ ਅਤੇ ਗੁਣਵੱਤਾ ਯਕੀਨੀ ਬਣਾਈ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਤਲਾਬਾਂ ਦੇ ਨਵੀਨੀਕਰਨ, ਸੁੰਦਰੀਕਰਨ ਅਤੇ ਦੇਖਭਾਲ ਦੇ ਕੰਮ ਵਿੱਚ ਜਿਸ ਅਧਿਕਾਰੀ ਦੀ ਜ਼ਿੰਮੇਵਾਰੀ ਹੋਵੇਗੀ, ਉਸਦੀ ਜਵਾਬਦੇਹੀ ਵੀ ਤੈਅ ਹੋਵੇਗੀ। ਲਾਪਰਵਾਹੀ ਮਿਲਣ ’ਤੇ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਹਰਿਆਣਾ ਪੌਂਡ ਐਂਡ ਵੇਸਟ ਵਾਟਰ ਮੈਨੇਜਮੈਂਟ ਅਥਾਰਟੀ ਨੂੰ ਸਮੇਂ-ਸਮੇਂ ’ਤੇ ਨਿਰੀਖਣ ਕਰਨ ??? ਗੁਣਵੱਤਾ ਨਾਲ ਸਮਝੌਤਾ ਮਿਲਣ ’ਤੇ ਕਾਰਵਾਈ ਦੀ ਸਿਫਾਰਸ਼ ਕਰਨ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਵਿੱਚ ਪੇਂਡੂ ਆਬਾਦੀ ਦੇ ਅੰਦਰ ਬਣੇ ਤਲਾਬਾਂ ਨੂੰ ਜਨਤਕ ਉਪਯੋਗ ਦੀ ਦ੍ਰਿਸ਼ਟੀ ਨਾਲ ਪੇਂਡੂ ਆਬਾਦੀ ਤੋਂ ਬਾਹਰ ਵਿਕਸਤ ਕਰਨ ਦੇ ਸੰਬੰਧ ਵਿੱਚ ਵੀ ਜ਼ਰੂਰੀ ਨਿਰਦੇਸ਼ ਦਿੱਤੇ ਗਏ।

**ਤਲਾਬਾਂ ਨੂੰ ਪਿੰਡ ਦੀ ਖ਼ੂਬਸੂਰਤੀ ਨਾਲ ਜੋੜਨ ਦੀ ਦਿਸ਼ਾ ਵਿੱਚ ਕੰਮ**

ਹਰਿਆਣਾ ਪੌਂਡ ਐਂਡ ਵੇਸਟ ਵਾਟਰ ਮੈਨੇਜਮੈਂਟ ਅਥਾਰਟੀ ਦੇ ਕਾਰਜਕਾਰੀ ਉਪ ਪ੍ਰਧਾਨ ਸ੍ਰੀ ਵਿਮਲ ਗੋਸਵਾਮੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਤਲਾਬਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾ ਕੇ ਪਿੰਡਾਂ ਦੀ ਖ਼ੂਬਸੂਰਤੀ ਨਾਲ ਜੋੜਨਾ ਹੈ।

ਇਸੇ ਦਿਸ਼ਾ ਵਿੱਚ ਤਲਾਬਾਂ ਦੀ ਸਫਾਈ, ਪਾਣੀ ਦੀ ਗੁਣਵੱਤਾ ਸੁਧਾਰਨ ਅਤੇ ਬਿਹਤਰ ਦੇਖਭਾਲ ’ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਜੋ ਨਿਰਦੇਸ਼ ਦਿੱਤੇ ਹਨ, ਉਨ੍ਹਾਂ ਨਵੀਆਂ ਤਕਨੀਕਾਂ ਦਾ ਇਸਤੇਮਾਲ ਪਹਿਲਾਂ ਪਾਇਲਟ ਪ੍ਰੋਜੈਕਟ ਵਜੋਂ ਕੀਤਾ ਜਾਵੇਗਾ ਅਤੇ ਚੰਗੇ ਨਤੀਜੇ ਮਿਲਣ ’ਤੇ ਇਨ੍ਹਾਂ ਨੂੰ ਹੋਰ ਤਲਾਬਾਂ ਵਿੱਚ ਵੀ ਅਪਣਾਇਆ ਜਾਵੇਗਾ। ਪਿੰਡ ਦੀਆਂ ਕਮੇਟੀਆਂ ਨੂੰ ਵੀ ਤਲਾਬਾਂ ਦੀ ਦੇਖਭਾਲ ਨਾਲ ਜੋੜਿਆ ਜਾ ਰਿਹਾ ਹੈ। ਕੋਸ਼ਿਸ਼ ਹੈ ਕਿ ਸਾਫ਼ ਪਾਣੀ ਅਤੇ ਸੁੰਦਰ ਪਰਿਸਰ ਵਾਲੇ ਤਲਾਬ ਪਿੰਡ ਵਿੱਚ ਲੋਕਾਂ ਲਈ ਖਿੱਚ ਦਾ ਕੇਂਦਰ ਬਣਨ।

ਇਸ ਦੌਰਾਨ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰਾ ਕੁਮਾਰ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ਪਾਲ ਸਿੰਘ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਸ੍ਰੀ ਅਨੀਸ਼ ਯਾਦਵ ਵੀ ਮੌਜੂਦ ਸਨ।

## ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਏਜੰਡੇ ਵਿੱਚ ਸ਼ਾਮਲ ਸਾਰੇ 11 ਮਾਮਲਿਆਂ ਦਾ ਨਿਪਟਾਰਾ ਕੀਤਾ

**ਚੰਡੀਗੜ੍ਹ, 26 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਦੀ ਕਿਰਮਚ ਕੋ-ਆਪ੍ਰੇਟਿਵ ਸੁਸਾਇਟੀ ਵਿੱਚ ਨਿਯਮਾਂ ਨੂੰ ਛਿੱਕੇ ਟੰਗ ਕੇ ਕੀਤੇ ਗਏ ਪੰਜ ਕਰਮਚਾਰੀਆਂ ਦੀ ਭਰਤੀ ਦੇ ਮਾਮਲੇ ਵਿੱਚ ਸਖ਼ਤ ਨੋਟਿਸ ਲੈਂਦਿਆਂ ਭਰਤੀ ਪ੍ਰਕਿਰਿਆ ਨੂੰ ਰੱਦ ਕਰਨ ਅਤੇ ਕਰਮਚਾਰੀਆਂ ਨੂੰ ਦਿੱਤੇ ਗਈ ਤਨਖਾਹ ਦੀ ਰਿਕਵਰੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਉਪ ਰਜਿਸਟਰਾਰ, ਸਹਿਕਾਰੀ ਸੁਸਾਇਟੀਆਂ ਨੂੰ ਨਿਰਦੇਸ਼ ਦਿੱਤੇ ਕਿ ਭਰਤੀ ਦੇ ਪ੍ਰਸਤਾਵ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਨਿਯਮਾਂ ਅਨੁਸਾਰ ਕਰਮਚਾਰੀਆਂ ਨੂੰ ਕੀਤੇ ਗਏ ਵੇਤਨ ਭੁਗਤਾਨ ਦੀ ਵਸੂਲੀ ਯਕੀਨੀ ਬਣਾਈ ਜਾਵੇ। ਇਹ ਮਾਮਲਾ ਪਿੰਡ ਕਿਰਮਚ ਨਿਵਾਸੀ ਵੱਲੋਂ ਕਮੇਟੀ ਦੇ ਸਾਹਮਣੇ ਦਿੱਤੀ ਗਈ ਸ਼ਿਕਾਇਤ ਵਿੱਚ ਉਠਾਇਆ ਗਿਆ ਸੀ, ਜਿਸ ਵਿੱਚ ਪੰਜ ਕਰਮਚਾਰੀਆਂ ਦੀ ਭਰਤੀ ਗ਼ੈਰ-ਕਾਨੂੰਨੀ ਤਰੀਕੇ ਨਾਲ ਕੀਤੇ ਜਾਣ ਦਾ ਦੋਸ਼ ਲਗਾਇਆ ਗਿਆ ਸੀ। ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਮੰਗਲਵਾਰ ਨੂੰ ਕੁਰੂਕਸ਼ੇਤਰ ਵਿੱਚ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਮੀਟਿੰਗ ਦੇ ਏਜੰਡੇ ਵਿੱਚ ਸ਼ਾਮਲ 11 ਸ਼ਿਕਾਇਤਾਂ ਦੀ ਸੁਣਵਾਈ ਕਰਦਿਆਂ ਸਾਰੀਆਂ 11 ਸ਼ਿਕਾਇਤਾਂ ਦਾ ਨਿਪਟਾਰਾ ਕੀਤਾ। ਮੰਤਰੀ ਨੇ ਪਾਣੀਪਤ ਨਿਵਾਸੀ ਰਾਜਪਾਲ ਖੁਰਾਣਾ ਦੀ ਸ਼ਿਕਾਇਤ ’ਤੇ ਸੁਣਵਾਈ ਕਰਦਿਆਂ ਪੁਲਿਸ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਪੁਲਿਸ ਆਪਣੀ ਜਾਂਚ ਜਾਰੀ ਰੱਖੇ ਅਤੇ ਸ਼ਿਕਾਇਤਕਰਤਾ ਨੂੰ ਕੇਸ ਨਾਲ ਸੰਬੰਧਿਤ ਦਸਤਾਵੇਜ਼ ਉਪਲਬਧ ਕਰਵਾਏ। ਇਸ ਦੇ ਨਾਲ ਹੀ ਹਸਪਤਾਲ ਵਿੱਚੋਂ ਆਪਣਾ ਸਾਮਾਨ ਕੱਢਣ ਲਈ ਐੱਸ.ਡੀ.ਐੱਮ. ਨੂੰ ਸ਼ਿਕਾਇਤ ਦਿੱਤੀ ਜਾਵੇ, ਤਾਂ ਜੋ ਪੁਲਿਸ ਸਹਾਇਤਾ ਨਾਲ ਸਾਮਾਨ ਦਿਵਾਇਆ ਜਾ ਸਕੇ। ਉਨ੍ਹਾਂ ਵਾਰਡ ਨੰਬਰ 32 ਨਿਵਾਸੀ ਮਹਾਜਨ ਸਿੰਘ ਦੀ ਸ਼ਿਕਾਇਤ ’ਤੇ ਸੁਣਵਾਈ ਕਰਦਿਆਂ ਨਗਰ ਪ੍ਰੀਸ਼ਦ ਦੇ ਅਧਿਕਾਰੀ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਇੱਕ ਹਫ਼ਤੇ ਵਿੱਚ ਪਿੰਡ ਬਹੁਰੀ ਵਾਲੀ ਸੜਕ ’ਤੇ ਬਰਸਾਤੀ ਪਾਣੀ ਦੇ ਨਾਲੇ ਦਾ ਬੰਦ ਨਿਰਮਾਣ ਕੰਮ ਸ਼ੁਰੂ ਕਰਵਾਇਆ ਜਾਵੇ ਅਤੇ ਨਿਰਮਾਣ ਕੰਮ ਨੂੰ ਜਲਦੀ ਪੂਰਾ ਕੀਤਾ ਜਾਵੇ।

ਵਿਕਾਸ ਅਤੇ ਪੰਚਾਇਤ ਮੰਤਰੀ ਨੇ ਇੱਕ ਹੋਰ ਸ਼ਿਕਾਇਤਕਰਤਾ ਦੀ ਸ਼ਿਕਾਇਤ ’ਤੇ ਨਗਰ ਪ੍ਰੀਸ਼ਦ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਮਾਮਲੇ ਵਿੱਚ ਨੋਟਿਸ ਦੇਣ ਦੇ ਨਾਲ ਨਿਯਮਾਂ ਅਨੁਸਾਰ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਅਤੇ ਰਸਤੇ ਨੂੰ ਖੁਲ੍ਹਵਾਇਆ ਜਾਵੇ। ਸ਼ਿਕਾਇਤਕਰਤਾ ਨੇ ਦੱਸਿਆ ਕਿ ਦਰਰਾ ਖੁਰਦ ਵਿੱਚ ਟਾਊਨ ਪਲਾਨਿੰਗ ਸਕੀਮ 8-ਏ ਦੀ ਉਲੰਘਣਾ ਕੀਤੀ ਜਾ ਰਹੀ ਹੈ। ਯੋਜਨਾ ਤਹਿਤ ਪਾਰਕਿੰਗ ਅਤੇ ਸਰਵਿਸ ਰੋਡ ਲਈ ਛੱਡੀ ਗਈ ਜਗ੍ਹਾ ’ਤੇ ਹੋਟਲ ਅਤੇ ਦੁਕਾਨਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਇੱਕ ਹੋਰ ਮਾਮਲੇ ਦੀ ਸੁਣਵਾਈ ਦੌਰਾਨ ਰੋਡਵੇਜ਼ ਜੀ.ਐੱਮ. ਨੂੰ ਨਿਰਦੇਸ਼ ਦਿੱਤੇ ਕਿ ਧਨੌਰਾ ਜਾਟਾਨ ਮਾਰਗ ’ਤੇ ਵਿਦਿਆਰਥੀਆਂ ਲਈ ਵਿਸ਼ੇਸ਼ ਇਲੈਕਟ੍ਰਿਕ ਬੱਸ ਚਲਾਈ ਜਾਵੇ।




